ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7l

International Daily Newspaper & WEB TV

awazeqaumtvpunjab@gmail.com

ਐਤਵਾਰ, 20 ਜੁਲਾਈ 2025 (ਨਾਨਕਸ਼ਾਹੀ ਸੰਮਤ : ੫੫੭, ੫ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਬੇਅਦਬੀ ਬਿੱਲ ਨੂੰ ਲੈ ਕੇ 15 ਮੈਂਬਰੀ ਸਿਲੈਕਟ ਕਮੇਟੀ ਗਠਿਤ

# 6 ਮਹੀਨਿਆਂ ਦੇ ਅੰਦਰ ਸੌਂਪੇਗੀ ਆਪਣੀ ਰਿਪੋਰਟ

**ਚੰਡੀਗੜ੍ਹ, 19 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਲਿਆਂਦੇ ਜਾ ਰਹੇ ਕਾਨੂੰਨ ਲਈ ਅੱਜ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵਿਧਾਇਕ ਇੰਦਰਬੀਰ ਸਿੰਘ ਨਿੱਜਰ ਦੀ ਅਗਵਾਈ ਹੇਠ 15 ਮੈਂਬਰੀ ਸਿਲੈਕਟ ਕਮੇਟੀ ਗਠਿਤ ਕੀਤੀ ਹੈ। ਇਹ ਕਮੇਟੀ 6 ਮਹੀਨਿਆਂ ਦੇ ਅੰਦਰ ਆਪਣੀ ਰਿਪੋਰਟ ਸੌਂਪੇਗੀ। ਇਸ ਕਮੇਟੀ ਦਾ ਮਕਸਦ ਪਵਿੱਤਰ ਗ੍ਰੰਥਾਂ ਦੇ ਅਪਮਾਨ ਨਾਲ ਸੰਬੰਧਿਤ ਮਾਮਲਿਆਂ ਦੀ ਜਾਂਚ ਕਰਨਾ ਤੇ ਇਸ ਬਿੱਲ ਦੇ ਪ੍ਰਸਤਾਵਾਂ 'ਤੇ ਵਿਚਾਰ ਕਰਨਾ ਹੈ।




ਇਸ ਕਮੇਟੀ ਵਿਚ 11 'ਆਪ', ਦੋ ਕਾਂਗਰਸ, ਇਕ ਭਾਜਪਾ ਤੇ ਇਕ ਅਕਾਲੀ ਦਲ ਦਾ ਮੈਂਬਰ ਲਿਆ ਗਿਆ ਹੈ। ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਦੇ ਆਖਰੀ ਦਿਨ ਸਦਨ ਨੇ ਬੇਅਦਬੀ ਖ਼ਿਲਾਫ਼ ਬਿੱਲ ਵਿਧਾਨ ਸਭਾ ਦੀ ਸਿਲੈਕਟ ਕਮੇਟੀ ਹਵਾਲੇ ਕਰਨ ਦਾ ਫ਼ੈਸਲਾ ਕੀਤਾ ਸੀ ਤਾਂ ਕਿ ਕਾਨੂੰਨ ਬਣਾਉਣ ਤੋਂ ਪਹਿਲਾਂ ਪ੍ਰਸਤਾਵਿਤ ਬਿੱਲ 'ਤੇ ਲੋਕਾਂ ਦੀ ਰਾਇ ਲਈ ਜਾ ਸਕੇ। ਮੁੱਖ ਮੰਤਰੀ ਭਗਵੰਤ ਮਾਨ ਨੇ ਸਦਨ 'ਚ 'ਪੰਜਾਬ ਪਵਿੱਤਰ ਗ੍ਰੰਥਾਂ ਵਿਰੁੱਧ ਅਪਰਾਧ ਰੋਕਥਾਮ ਬਿੱਲ-2025' ਪੇਸ਼ ਕੀਤਾ ਸੀ।

**ਸਿਲੈਕਟ ਕਮੇਟੀ ਦੇ ਮੈਂਬਰਾਂ ਦਾ ਐਲਾਨ :** ਡਾ. ਇੰਦਰਬੀਰ ਸਿੰਘ ਨਿੱਜਰ (ਚੇਅਰਮੈਨ), ਤ੍ਰਿਪਤ ਰਾਜਿੰਦਰ ਸਿੰਘ ਬਾਜਵਾ, ਨੀਨਾ ਮਿੱਤਲ, ਪ੍ਰੋ. ਬਲਜਿੰਦਰ ਕੌਰ, ਪ੍ਰਿੰਸੀਪਲ ਬੁੱਧ ਰਾਮ, ਬ੍ਰਮ ਸ਼ੰਕਰ ਜਿੰਪਾ, ਬਲਵਿੰਦਰ ਸਿੰਘ ਧਾਲੀਵਾਲ, ਮਦਨ ਲਾਲ ਬੱਗਾ, ਮਨਪ੍ਰੀਤ ਸਿੰਘ ਇਆਲੀ, ਮੁਹੰਮਦ ਜ਼ਮੀਲ ਉਰ ਰਹਿਮਾਨ, ਡਾ. ਅਜੇ ਗੁਪਤਾ, ਡਾ. ਅਮਨਦੀਪ ਕੌਰ ਅਰੋੜਾ, ਇੰਦਰਜੀਤ ਕੌਰ ਮਾਨ, ਜਗਦੀਪ ਕੰਬੋਜ਼, ਜੰਗੀ ਲਾਲ ਮਹਾਜਨ।

ਦੱਸਣਯੋਗ ਹੈ ਕਿ ਅਕਾਲੀ-ਭਾਜਪਾ ਸਰਕਾਰ ਨੇ ਸਾਲ 2016 ਵਿੱਚ 'ਆਈਪੀਸੀ (ਸੋਧ) ਬਿੱਲ-2016' ਅਤੇ ਸੀਆਰਪੀਸੀ (ਪੰਜਾਬ ਸੋਧ)-2016' ਲਿਆਂਦਾ ਸੀ ਜਿਸ 'ਚ ਬੇਅਦਬੀ ਲਈ ਉਮਰ ਕੈਦ ਦਾ ਪ੍ਰਬੰਧ ਕੀਤਾ ਗਿਆ ਸੀ ਪਰ ਕੇਂਦਰ ਨੇ ਬਿੱਲ ਵਾਪਸ ਕਰ ਦਿੱਤਾ ਸੀ। ਕਾਂਗਰਸ ਸਰਕਾਰ ਨੇ 'ਭਾਰਤੀ ਦੰਡ ਸੰਹਿਤਾ (ਪੰਜਾਬ ਸੋਧ) ਬਿੱਲ-2018 ਅਤੇ 'ਅਪਰਾਧਿਕ ਪ੍ਰਕਿਰਿਆ ਸੰਹਿਤਾ (ਪੰਜਾਬ ਸੋਧ)-2018' ਪਾਸ ਕੀਤੇ ਸਨ ਜੋ ਰਾਸ਼ਟਰਪਤੀ ਨੇ ਵਾਪਸ ਕਰ ਦਿੱਤੇ ਸਨ।




## ਮਥੁਰਾ 'ਚ ਯਮੁਨਾ ਐਕਸਪ੍ਰੈਸਵੇਅ 'ਤੇ ਭਿਆਨਕ ਸੜਕ ਹਾਦਸਾ, ਕਾਰ ਅਤੇ ਟਰੱਕ ਦੀ ਟੱਕਰ, 6 ਦੀ ਮੌਤ

**ਚੰਡੀਗੜ੍ਹ, 19 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਯੂਪੀ ਦੇ ਯਮੁਨਾ ਐਕਸਪ੍ਰੈਸਵੇਅ 'ਤੇ ਇੱਕ ਭਿਆਨਕ ਸੜਕ ਹਾਦਸਾ ਵਾਪਰਿਆ। ਮਥੁਰਾ ਜ਼ਿਲ੍ਹੇ ਦੇ ਥਾਣਾ ਬਲਦੇਵ ਅਧੀਨ ਯਮੁਨਾ ਐਕਸਪ੍ਰੈਸਵੇਅ 'ਤੇ ਮੀਲ ਪੱਥਰ 141 ਦੇ ਨੇੜੇ ਇੱਕ ਬੇਕਾਬੂ ਈਕੋ ਕਾਰ ਪਿੱਛੇ ਤੋਂ ਇੱਕ ਟਰੱਕ ਨਾਲ ਟਕਰਾ ਗਈ। ਇਸ ਹਾਦਸੇ ਵਿੱਚ ਕਾਰ ਵਿੱਚ ਸਵਾਰ ਛੇ ਲੋਕਾਂ ਦੀ ਮੌਤ ਹੋ ਗਈ ਅਤੇ ਦੋ ਔਰਤਾਂ ਜ਼ਖਮੀ ਹੋ ਗਈਆਂ। ਮ੍ਰਿਤਕਾਂ ਵਿੱਚ ਇੱਕ ਪਿਤਾ ਅਤੇ ਦੋ ਪੁੱਤਰ ਵੀ ਸ਼ਾਮਲ ਹਨ। ਪੁਲਿਸ ਨੇ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਹੈ ਅਤੇ ਜ਼ਖਮੀਆਂ ਨੂੰ ਹਸਪਤਾਲ ਵਿੱਚ ਦਾਖਲ ਕਰਵਾਇਆ ਹੈ। ਯਮੁਨਾ ਐਕਸਪ੍ਰੈਸਵੇਅ 'ਤੇ ਇੱਕ ਹੋਰ ਸੜਕ ਹਾਦਸਾ ਵਾਪਰਿਆ। ਦਿੱਲੀ ਤੋਂ ਮੱਧ ਪ੍ਰਦੇਸ਼ ਜਾ ਰਹੀ ਇੱਕ ਬੱਸ ਮੀਲ ਪੱਥਰ 131 'ਤੇ ਡਿਵਾਈਡਰ ਨਾਲ ਟਕਰਾ ਗਈ ਅਤੇ ਪਲਟ ਗਈ। ਇਸ ਹਾਦਸੇ ਵਿੱਚ 30 ਯਾਤਰੀ ਜ਼ਖਮੀ ਹੋ ਗਏ। ਅੱਠ ਜ਼ਖਮੀ ਲੋਕ ਜ਼ਿਲ੍ਹਾ ਹਸਪਤਾਲ ਵਿੱਚ ਹਨ ਅਤੇ ਨੌਂ ਲੋਕਾਂ ਨੂੰ ਐਸਐਨ ਆਗਰਾ ਵਿੱਚ ਦਾਖਲ ਕਰਵਾਇਆ ਗਿਆ ਹੈ। ਬਾਕੀ ਲੋਕ ਗੰਭੀਰ ਜ਼ਖਮੀ ਨਹੀਂ ਹਨ। ਈਕੋ ਕਾਰ ਚਾਲਕ ਸੱਤ ਯਾਤਰੀਆਂ ਨਾਲ ਐਕਸਪ੍ਰੈਸਵੇਅ ਰਾਹੀਂ ਨੋਇਡਾ ਤੋਂ ਆਗਰਾ ਜਾ ਰਿਹਾ ਸੀ। ਬਲਦੇਵ ਇਲਾਕੇ ਵਿੱਚ ਐਕਸਪ੍ਰੈਸਵੇਅ 'ਤੇ ਮਾਈਲ ਸਟੋਨ 141 ਦੇ ਨੇੜੇ, ਬੇਕਾਬੂ ਕਾਰ ਅੱਗੇ ਜਾ ਰਹੇ ਟਰੱਕ ਨਾਲ ਟਕਰਾ ਗਈ। ਹਾਦਸੇ ਦੀ ਸੂਚਨਾ ਮਿਲਣ ਤੋਂ ਬਾਅਦ ਮੌਕੇ 'ਤੇ ਪਹੁੰਚੀ ਪੁਲਿਸ ਅਤੇ ਟੋਲ ਟੀਮ ਨੇ ਕਾਫ਼ੀ ਕੋਸ਼ਿਸ਼ਾਂ ਤੋਂ ਬਾਅਦ ਕਾਰ ਵਿੱਚੋਂ ਲੋਕਾਂ ਨੂੰ ਬਾਹਰ ਕੱਢਿਆ।

## ਸ੍ਰੀ ਹਰਿਮੰਦਰ ਸਾਹਬ ਨੂੰ ਮੁੜ ਉਡਾਉਣ ਦੀ ਮਿਲੀ ਧਮਕੀ; 8ਵੀਂ ਵਾਰ ਈ-ਮੇਲ ਦੇ ਜ਼ਰੀਏ ਮਿਲੀ ਧਮਕੀ

ਅੰਮ੍ਰਿਤਸਰ ਦੇ ਹਰਿਮੰਦਰ ਸਾਹਿਬ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਦਾ ਸਿਲਸਿਲਾ ਛੇਵੇਂ ਦਿਨ ਵੀ ਜਾਰੀ ਹੈ। ਦੱਸ ਦਈਏ ਕਿ ਇੱਕ ਵਾਰ ਤੋਂ ਧਮਕੀ ਨਾਲ ਭਰੀ ਈਮੇਲ ਹਾਸਿਲ ਹੋਈ ਹੈ। ਜਿਸ 'ਚ ਮੁੜ ਤੋਂ ਧਮਾਕੇ ਕੀਤੇ ਜਾਣ ਦੀ ਧਮਕੀ ਦਿੱਤੀ ਗਈ ਹੈ। ਮਿਲੀ ਜਾਣਕਾਰੀ ਮੁਤਾਬਿਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਈਮੇਲ 'ਤੇ ਧਮਕੀਆਂ ਦਿੱਤੀਆਂ ਗਈਆਂ ਹਨ। ਪਿਛਲੇ 6 ਦਿਨਾਂ ਵਿੱਚ ਇਹ ਅੱਠਵੀਂ ਵਾਰ ਹੈ ਜਦੋਂ ਹਰਿਮੰਦਰ ਸਾਹਿਬ ਨੂੰ ਨੁਕਸਾਨ ਪਹੁੰਚਾਉਣ ਦੀ ਧਮਕੀ ਵਾਲਾ ਈਮੇਲ ਆਇਆ ਹੈ। ਇਸ ਦੌਰਾਨ ਹਰਿਮੰਦਰ ਸਾਹਿਬ ਵਿਖੇ ਸੁਰੱਖਿਆ ਪ੍ਰਬੰਧ ਸਖ਼ਤ ਕਰ ਦਿੱਤੇ ਗਏ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਟਾਸਕ ਫੋਰਸ ਵੀ ਹਰਿਮੰਦਰ ਸਾਹਿਬ ਦੇ ਅੰਦਰ ਅਲਰਟ 'ਤੇ ਹੈ।

**ਇੱਕ ਵਿਅਕਤੀ ਦੀ ਗ੍ਰਿਫਤਾਰੀ :** ਦੱਸ ਦਈਏ ਕਿ ਧਮਕੀ ਮਿਲਣ ਦੇ ਮਾਮਲਿਆਂ 'ਚ ਪੰਜਾਬ ਪੁਲਿਸ ਨੇ ਇੱਕ ਵਿਅਕਤੀ ਨੂੰ ਹਿਰਾਸਤ 'ਚ ਵੀ ਲਿਆ ਗਿਆ ਹੈ। ਦਰਅਸਲ ਪੁਲਿਸ ਨੇ ਪੁਲਿਸ ਨੇ ਫਰੀਦਾਬਾਦ ਤੋਂ ਇੱਕ ਸਾਫ਼ਟਵੇਅਰ ਇੰਜੀਨੀਅਰ ਨੂੰ ਗ੍ਰਿਫ਼ਤਾਰ ਕੀਤਾ ਹੈ।

**ਸ੍ਰੀ ਦਰਬਾਰ ਸਾਹਿਬ 'ਚ ਸੁਰੱਖਿਆ ਦੇ ਸਖਤ ਪ੍ਰਬੰਧ :** ਇਸ ਸਬੰਧੀ ਪ੍ਰੈਸ ਕਾਨਫਰੰਸ ਦੌਰਾਨ ਪੁਲਿਸ ਕਮਿਸ਼ਨ ਗੁਰਪ੍ਰੀਤ ਸਿੰਘ ਭੁੱਲਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੁਲਿਸ ਵੱਲੋਂ ਸ੍ਰੀ ਹਰਿਮੰਦਰ ਸਾਹਿਬ ਨੂੰ ਧਮਕੀ ਮਿਲਣ ਦੇ ਪਹਿਲੇ ਦਿਨ ਤੋਂ ਹੀ ਬਹੁਤ ਸੰਜੀਦਗੀ ਨਾਲ ਜਾਂਚ ਕੀਤੀ ਜਾ ਰਹੀ ਸੀ। ਧਮਕੀ ਈਮੇਲ ਤੋਂ ਬਾਅਦ ਪੁਲਿਸ ਵੱਲੋਂ ਸ਼੍ਰੋਮਣੀ ਕਮੇਟੀ ਦੇ ਸਹਿਯੋਗ ਨਾਲ ਸਖਤ ਸੁਰਖਿਆ ਪ੍ਰਬੰਧ ਵੀ ਕੀਤੇ ਗਏ ਸਨ ਅਤੇ ਬੰਬ ਨਿਰੋਧਕ ਦਸਤੇ, ਡਾਗ ਸਕੁਐਡ ਤੈਨਾਤ ਕੀਤੇ ਗਏ ਸਨ। ਇਸਤੋਂ ਇਲਾਵਾ ਡੀਜੀਪੀ ਖੁਦ ਨਿਗਰਾਨੀ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਮਾਮਲੇ 'ਚ ਸ਼ੁਭਮ ਦੂਬੇ ਨਾਂਅ ਦਾ ਇੱਕ ਸਾਫਟਵੇਅਰ ਇੰਜੀਨੀਅਰ ਰਾਊਂਡਅਪ ਕੀਤਾ ਗਿਆ ਹੈ, ਜਿਸ ਬਾਰੇ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ ਉਸ ਦਾ ਫੋਨ, ਲੈਪਟਾਪ ਆਦਿ ਚੀਜ਼ਾਂ ਕਬਜ਼ੇ 'ਚ ਲਈਆਂ ਗਈਆਂ ਹਨ।

## ਅਨਮੋਲ ਗਗਨ ਮਾਨ ਨੇ ਲਿਆ ਸਿਆਸਤ ਛੱਡਣ ਦਾ ਫੈਸਲਾ; ਦਿੱਤਾ ਅਸਤੀਫਾ



**ਚੰਡੀਗੜ੍ਹ, 19 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਦੀ ਸਿਆਸਤ ਨੂੰ ਲੈ ਕੇ ਵੱਡੀ ਖਬਰ ਸਾਹਮਣੇ ਆਈ ਹੈ। ਦਰਅਸਲ ਆਮ ਆਦਮੀ ਪਾਰਟੀ ਦੀ ਵਿਧਾਇਕਾ ਤੇ ਸਾਬਕਾ ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਵੱਲੋਂ ਸਿਆਸਤ ਛੱਡਣ ਦਾ ਫੈਸਲਾ ਲਿਆ ਗਿਆ ਹੈ। ਦੱਸ ਦਈਏ ਕਿ ਖਰੜ ਦੇ ਵਿਧਾਇਕ ਅਨਮੋਲ ਗਗਨ ਮਾਨ ਨੇ ਵਿਧਾਨ ਸਭਾ ਤੋਂ ਅਸਤੀਫਾ ਦੇ ਦਿੱਤਾ ਹੈ। ਮਾਨ ਨੇ ਇਹ ਜਾਣਕਾਰੀ ਇੱਕ ਟਵੀਟ ਵਿੱਚ ਦਿੱਤੀ। ਉਨ੍ਹਾਂ ਲਿਖਿਆ ਕਿ ਮੈਂ ਰਾਜਨੀਤੀ ਛੱਡਣ ਦਾ ਫੈਸਲਾ ਕੀਤਾ ਹੈ। ਵਿਧਾਇਕ ਦੇ ਅਹੁਦੇ ਤੋਂ ਸਪੀਕਰ ਨੂੰ ਦਿੱਤਾ ਮੇਰਾ ਅਸਤੀਫਾ ਸਵੀਕਾਰ ਕੀਤਾ ਜਾਵੇ। ਮੇਰੀਆਂ ਸ਼ੁਭਕਾਮਨਾਵਾਂ ਪਾਰਟੀ ਦੇ ਨਾਲ ਹਨ। ਮੈਨੂੰ ਉਮੀਦ ਹੈ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਉਤਰੇਗੀ। ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਅਨਮੋਲ ਗਗਨ ਮਾਨ ਨੇ ਲਿਖਿਆ ਕਿ ਦਿਲ ਭਾਰੀ ਹੈ, ਪਰ ਮੈਂ ਸਿਆਸਤ ਛੱਡਣ ਦਾ ਫੈਸਲਾ ਲਿਆ ਹੈ। ਮੇਰਾ ਵਿਧਾਇਕ ਦੇ ਅਹੁਦੇ ਤੋਂ ਸਪੀਕਰ ਸਾਹਿਬ ਨੂੰ ਦਿੱਤਾ ਹੋਇਆ ਅਸਤੀਫਾ ਸਵੀਕਾਰ ਕੀਤਾ ਜਾਵੇ। ਮੇਰੀਆਂ ਸ਼ੁਭਕਾਮਨਾਵਾਂ ਪਾਰਟੀ ਨਾਲ ਹਨ। ਮੈਨੂੰ ਉਮੀਦ ਹੈ, ਪੰਜਾਬ ਸਰਕਾਰ ਲੋਕਾਂ ਦੀਆਂ ਉਮੀਦਾਂ ਤੇ ਖਰੀ ਉਤਰੇਗੀ।

**ਸਾਲ 2022 'ਚ ਪਹਿਲੀ ਵਾਰ ਜਿੱਤੀ ਸੀ ਚੋਣ**

ਸਾਲ 2022 'ਚ ਪਹਿਲੀ ਵਾਰ ਚੋਣ ਜਿੱਤਣ ਤੋਂ ਬਾਅਦ ਮੰਤਰੀ ਬਣੀ ਅਨਮੋਲ ਗਗਨ ਮਾਨ ਦਾ ਪਰਿਵਾਰ ਮੂਲ ਰੂਪ ਵਿੱਚ ਮਾਨਸਾ ਜ਼ਿਲ੍ਹੇ ਦੀ ਰਹਿਣ ਵਾਲੀ ਹੈ। ਹਾਲਾਂਕਿ, ਉਨ੍ਹਾਂ ਨੇ ਆਪਣਾ ਜ਼ਿਆਦਾਤਰ ਸਮਾਂ ਚੰਡੀਗੜ੍ਹ ਅਤੇ ਮੁਹਾਲੀ ਵਿੱਚ ਬਿਤਾਇਆ ਹੈ। ਉਸਨੇ ਆਪਣੀ ਪੜ੍ਹਾਈ ਚੰਡੀਗੜ੍ਹ ਤੋਂ ਪੂਰੀ ਕੀਤੀ। ਇਸ ਤੋਂ ਬਾਅਦ ਉਹ ਪੰਜਾਬੀ ਸੰਗੀਤ ਉਦਯੋਗ ਵਿੱਚ ਆਈ ਅਤੇ ਇੱਕ ਤੋਂ ਬਾਅਦ ਇੱਕ ਕਈ ਪੰਜਾਬੀ ਐਲਬਮਾਂ ਵਿੱਚ ਕੰਮ ਕੀਤਾ।

**ਮੰਤਰੀ ਅਹੁਦੇ ਤੋਂ ਹਟਾ ਦਿੱਤਾ ਗਿਆ ਸੀ :** ਅਨਮੋਲ ਗਗਨ ਮਾਨ ਨੇ ਸਾਲ 2022 ਵਿੱਚ ਖਰੜ ਤੋਂ ਪਹਿਲੀ ਵਾਰ ਵਿਧਾਨ ਸਭਾ ਚੋਣਾਂ ਜਿੱਤੀਆਂ। ਇਸ ਤੋਂ ਬਾਅਦ ਉਨ੍ਹਾਂ ਨੂੰ ਮੰਤਰੀ ਬਣਾਇਆ ਗਿਆ। ਹਾਲਾਂਕਿ, ਸਤੰਬਰ 2024 ਵਿੱਚ ਮੰਤਰੀ ਮੰਡਲ ਦੇ ਫੇਰਬਦਲ ਤੋਂ ਬਾਅਦ, ਉਸਨੂੰ ਮੰਤਰੀ ਦੇ ਅਹੁਦੇ ਤੋਂ ਹਟਾ ਦਿੱਤਾ ਗਿਆ ਸੀ। ਹੁਣ ਉਹ ਆਪਣੇ ਪਤੀ ਨਾਲ ਚੰਡੀਗੜ੍ਹ ਵਿੱਚ ਰਹਿੰਦੀ ਹੈ।

## ਸ੍ਰੀ ਦਰਬਾਰ ਸਾਹਿਬ ਦੀਆਂ ਸਰਾਵਾਂ ਅਤੇ ਗਲਿਆਰੇ ਵਿੱਚੋਂ ਭੀਖ ਮੰਗਦੇ ਛੋਟੇ ਛੋਟੇ ਬੱਚਿਆਂ ਨੂੰ ਕੀਤਾ ਕਾਬੂ

**ਅੰਮ੍ਰਿਤਸਰ, 19 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਅੰਮ੍ਰਿਤਸਰ 'ਚ ਛੋਟੇ ਬੱਚਿਆਂ ਨੂੰ ਭੀਖ ਮੰਗਣ ਲਈ ਮਜਬੂਰ ਕਰਨ ਵਾਲਿਆਂ ਖਿਲਾਫ਼ ਹੁਣ ਪੰਜਾਬ ਸਰਕਾਰ ਸਖ਼ਤ ਰੁਖ ਅਖਤਿਆਰ ਕਰ ਰਹੀ ਹੈ। ਅੱਜ ਡੀਸੀ ਅੰਮ੍ਰਿਤਸਰ ਦੇ ਹੁਕਮਾਂ ਅਤੇ ਜ਼ਿਲ੍ਹਾ ਬਾਲ ਸੁਰੱਖਿਆ ਵਿਭਾਗ ਦੀ ਅਗਵਾਈ ਹੇਠ ਚਲਾਈ ਗਈ ਵਿਸ਼ੇਸ਼ ਮੁਹਿੰਮ ਦੌਰਾਨ ਭੀਖ ਮੰਗਣ ਵਾਲੀਆਂ ਔਰਤਾਂ ਅਤੇ ਬੱਚਿਆਂ ਦੀ ਜਾਂਚ ਕੀਤੀ ਗਈ। ਬਾਲ ਵਿਕਾਸ ਵਿਭਾਗ ਦੀ ਟੀਮ ਅੱਜ ਸ੍ਰੀ ਦਰਬਾਰ ਸਾਹਿਬ ਪਹੁੰਚੀ ਹੈ। ਜਿੱਥੇ ਸ੍ਰੀ ਦਰਬਾਰ ਸਾਹਿਬ ਦੀਆਂ ਸਰਾਵਾਂ ,ਲੰਗਰ ਘਰ ,ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਅਤੇ ਗਲਿਆਰੇ ਵਿੱਚੋਂ ਭਿਖਾਰੀਆਂ ਨੂੰ ਕਾਬੂ ਕੀਤਾ ਗਿਆ ਹੈ। ਭੀਖ ਮੰਗਣ ਵਾਲੇ ਛੋਟੇ- ਛੋਟੇ ਬੱਚਿਆਂ ਨੂੰ ਰੈਸਕਿਊ ਕਾਬੂ ਕੀਤਾ ਗਿਆ ਹੈ ਅਤੇ ਬੱਸਾਂ 'ਚ ਬਿਠਾ ਕੇ ਇਹਨਾਂ ਨੂੰ ਡੀਸੀ ਦਫਤਰ ਲਿਜਾਇਆ ਗਿਆ ਹੈ। ਜਿੱਥੇ ਇਹਨਾਂ ਭਿਖਾਰੀ ਦੇ ਪਛਾਣ ਪੱਤਰ ਚੈੱਕ ਕੀਤੇ ਜਾਣਗੇ ਅਤੇ ਸ਼ੱਕ ਪੈਣ 'ਤੇ ਬੱਚਿਆਂ ਦਾ ਡੀਐਨਏ ਕਰਵਾਇਆ ਜਾਏਗਾ। ਇੱਕ ਵਾਰ ਇਨ੍ਹਾਂ ਭਿਖਾਰੀਆਂ ਨੂੰ ਵਾਰਨਿੰਗ ਦੇ ਕੇ ਛੱਡ ਦਿੱਤਾ ਜਾਵੇਗਾ ਪਰ ਜੇਕਰ ਦੁਬਾਰਾ ਭੀਖ ਮੰਗਦੇ ਫੜੇ ਗਏ ਤਾਂ ਫਿਰ ਐਫਆਈਆਰ ਦਰਜ ਕੀਤੀ ਜਾਵੇਗੀ। ਸੜਕ 'ਤੇ ਭੀਖ ਮੰਗਣ ਵਾਲੇ ਛੋਟੇ -ਛੋਟੇ ਬੱਚਿਆਂ ਦੀ ਤਸਕਰੀ ਅਤੇ ਸੋਸ਼ਣ ਰੋਕਣ ਲਈ ਆਪਰੇਸ਼ਨ ਜੀਵਨ ਜੋਤ ਦੇ ਤਹਿਤ ਜ਼ਿਲਾ ਪ੍ਰਸ਼ਾਸਨ ਵੱਲੋਂ ਵੱਡੀ ਕਾਰਵਾਈ ਕੀਤੀ ਗਈ ਹੈ। ਸ਼੍ਰੋਮਣੀ ਕਮੇਟੀ ਵੱਲੋਂ ਡੀਸੀ ਦਫਤਰ ਨੂੰ ਅਪੀਲ ਕੀਤੀ ਗਈ ਹੈ ਭਿਖਾਰੀ ਸੰਗਤਾਂ ਨੂੰ ਪਰੇਸ਼ਾਨ ਕਰਦੇ ਹਨ। ਬੀਤੇ ਦਿਨੀਂ ਵੀ ਗੋਲਡਨ ਗੇਟ 'ਤੇ ਚਲਾਈ ਰੈਸਕਿਊ ਮੁਹਿੰਮ ਦੌਰਾਨ 2 ਬੱਚੇ ਅਤੇ ਇਕ ਔਰਤ ਕਾਬੂ ਕੀਤਾ ਸੀ। ਜ਼ਿਲ੍ਹਾ ਬਾਲ ਸਿੱਖਿਆ ਅਫਸਰ ਤਰਨਜੀਤ ਸਿੰਘ ਨੇ ਦੱਸਿਆ ਸੀ ਕਿ ਬੱਚਿਆਂ ਨੂੰ ਰੈਸਕਿਊ ਕਰਕੇ ਉਨ੍ਹਾਂ ਦੀ ਵੈਕਸੀਨੇਸ਼ਨ ਅਤੇ ਆਵਸ਼ਕ ਜਾਂਚ ਕੀਤੀ ਗਈ। ਉਨ੍ਹਾਂ ਨੂੰ ਬਾਲ ਭਲਾਈ ਕਮੇਟੀ ਦੇ ਹਵਾਲੇ ਕੀਤਾ ਜਾਵੇਗਾ। ਇਸ ਕਾਰਵਾਈ ਹੇਠ ਕਈ ਭੀਖ ਮੰਗਣ ਵਾਲਿਆਂ ਦੇ ਡੀਐਨਏ ਟੈਸਟ ਕੀਤੇ ਜਾ ਰਹੇ ਹਨ ਅਤੇ ਉਨ੍ਹਾਂ ਦੇ ਆਧਾਰ ਕਾਰਡ ਦੇ ਆਧਾਰ 'ਤੇ ਉਨ੍ਹਾਂ ਦੀ ਪਛਾਣ ਕਰਕੇ ਜਿੱਥੇ ਦੇ ਰਹਿਣ ਵਾਲੇ ਹਨ ਉਥੇ ਭੇਜਣ ਦੀ ਪ੍ਰਕਿਰਿਆ ਵੀ ਚਲ ਰਹੀ ਹੈ। ਦੱਸ ਦੇਈਏ ਕਿ ਇਸ ਤੋਂ ਪਹਿਲਾਂ ਪੰਜਾਬ ਦੀ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਬਲਜੀਤ ਕੌਰ ਨੇ ਕਿਹਾ ਸੀ ਕਿ ਪੰਜਾਬ ਸਰਕਾਰ ਭੀਖ ਮੰਗਣ ਐਕਟ ਵਿੱਚ ਸੋਧ ਕਰੇਗੀ। ਇਸ ਨਾਲ ਭੀਖ ਮੰਗਣ ਵਾਲੇ ਗਿਰੋਹ ਚਲਾਉਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਸਕਦੀ ਹੈ। ਮੰਤਰੀ ਬਲਬੀਰ ਕੌਰ ਨੇ ਕਿਹਾ ਸੀ ਕਿ ਪੰਜਾਬ ਭੀਖ ਮੰਗਣ ਰੋਕਥਾਮ ਐਕਟ, 1971 ਵਿੱਚ ਸੋਧ ਕੀਤੀ ਜਾਵੇਗੀ ਤਾਂ ਜੋ ਲਾਲ ਬੱਤੀਆਂ ਅਤੇ ਹੋਰ ਚੌਰਾਹਿਆਂ 'ਤੇ ਬੱਚਿਆਂ ਨੂੰ ਭੀਖ ਮੰਗਣ ਲਈ ਮਜਬੂਰ ਕਰਨ ਵਾਲੇ ਗਿਰੋਹਾਂ ਨੂੰ ਚਲਾਉਣ ਵਾਲਿਆਂ 'ਤੇ ਭਾਰੀ ਸਜ਼ਾਵਾਂ ਲਗਾਈਆਂ ਜਾ ਸਕਣ। ਮੰਤਰੀ ਬਲਜੀਤ ਕੌਰ ਨੇ ਜਾਣਕਾਰੀ ਦਿੱਤੀ ਸੀ ਕਿ ਜੀਵਨਜਯੋਤੀ ਤਹਿਤ ਜੁਲਾਈ 2024 ਤੋਂ ਲੈ ਕੇ ਹੁਣ ਤੱਕ 286 ਬੱਚਿਆਂ ਨੂੰ ਅਜਿਹੇ ਗਿਰੋਹਾਂ ਤੋਂ ਬਚਾਇਆ ਗਿਆ ਹੈ ,ਜੋ ਲੋਕਾਂ ਨੂੰ ਭੀਖ ਮੰਗਣ ਲਈ ਮਜਬੂਰ ਕਰਦੇ ਸਨ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਸਾਲ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਐਸਏਐਸ ਨਗਰ ਅਤੇ ਬਠਿੰਡਾ ਵਿੱਚ ਇੱਕ ਪਾਇਲਟ ਪ੍ਰੋਜੈਕਟ 'ਸਮਾਈਲ' ਸ਼ੁਰੂ ਕੀਤਾ ਜਾਵੇਗਾ। ਇਸ ਪਹਿਲਕਦਮੀ ਤਹਿਤ ਬਾਲ ਭਿਖਾਰੀਆਂ ਦੀ ਪਛਾਣ ਕੀਤੀ ਜਾਵੇਗੀ। ਉਨ੍ਹਾਂ ਦੇ ਪਰਿਵਾਰਾਂ ਦਾ ਪਤਾ ਡੀਐਨਏ ਟੈਸਟਿੰਗ ਰਾਹੀਂ ਲਗਾਇਆ ਜਾਵੇਗਾ।



## ਸ੍ਰੀ ਹਰਿਮੰਦਰ ਸਾਹਿਬ ਨੂੰ ਮਿਲ ਰਹੀਆਂ ਧਮਕੀਆਂ ਦਾ ਸੱਚ ਸਰਕਾਰ ਲੋਕਾਂ ਸਾਹਮਣੇ ਰੱਖੇ : ਐਡਵੋਕੇਟ ਹਰਜਿੰਦਰ ਸਿੰਘ ਧਾਮੀ

**ਅੰਮ੍ਰਿਤਸਰ, 19 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਬਾਲਾ ਪ੍ਰੀਤਮ ਹਰਕ੍ਰਿਸ਼ਨ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਧਾਰਮਿਕ ਸਮਾਗਮਾਂ 'ਚ ਸ਼ਿਰਕਤ ਕਰਨ ਇੱਥੇ ਗੁਰਦੁਆਰਾ ਸੀਸ ਮਹਿਲ ਵਿਖੇ ਪੁੱਜੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਦਰਬਾਰ ਸਾਹਿਬ 'ਤੇ ਈਮੇਲ ਰਾਹੀ ਆ ਰਹੀਆਂ ਧਮਕੀਆਂ ਬਾਰੇ ਕਿਹਾ ਕਿ ਸਰਕਾਰ ਕੋਲ ਵੱਡੇ ਹੀਲੇ ਵਸੀਲੇ ਹਨ ਤੇ ਸਰਕਾਰ ਕੁਝ ਘੰਟਿਆਂ 'ਚ ਹੀ ਅਸਲ ਦੋਸ਼ੀਆਂ ਨੂੰ ਫੜ ਸਕਦੀ ਹੈ। ਉਹਨਾਂ ਮੰਗ ਕੀਤੀ ਕਿ ਸ੍ਰੀ ਦਰਬਾਰ ਸਾਹਿਬ 'ਤੇ ਆ ਰਹੀਆਂ ਧਮਕੀਆਂ ਦਾ ਸੱਚ ਸਰਕਾਰ ਜਲਦ ਲੋਕਾਂ ਦੇ ਸਾਹਮਣੇ ਰੱਖੇ ਤਾਂ ਜੋ ਇਸ ਘਟਨਾਕ੍ਰਮ ਪਿੱਛੇ ਲੁਕੀ ਸਾਜ਼ਿਸ਼ ਦਾ ਲੋਕਾਂ ਨੂੰ ਪਤਾ ਲੱਗ ਸਕੇ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਬੇਸ਼ੱਕ ਪਿਛਲੇ ਪੰਜ ਦਿਨ ਤੋਂ ਲਗਾਤਾਰ ਧਮਕੀਆਂ ਮਿਲ ਰਹੀਆਂ ਹਨ ਪ੍ਰੰਤੂ ਸ੍ਰੀ ਦਰਬਾਰ ਸਾਹਿਬ ਵਿਖੇ ਸੰਗਤ ਦੀ ਆਮਦ ਵਿੱਚ ਕੋਈ ਕਮੀ ਨਹੀਂ ਹੋਈ। ਉਨ੍ਹਾਂ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਉਹ ਧਾਰਮਿਕ ਅਸਥਾਨ ਹੈ, ਜਿੱਥੇ ਦੁਨੀਆਂ ਦੇ ਹਰ ਧਰਮ ਦੇ ਲੋਕ ਨਤਮਸਤਕ ਹੁੰਦੇ ਹਨ ਤੇ ਇੱਥੋਂ ਗੁਰੂ ਸਾਹਿਬ ਦਾ ਅਸ਼ੀਰਵਾਦ ਮਿਲਦਾ ਹੈ। ਇਸ ਲਈ ਜਿੱਥੇ ਸਿੱਖ ਲਗਾਤਾਰ ਵੱਡੀ ਗਿਣਤੀ ਵਿੱਚ ਸ੍ਰੀ ਦਰਬਾਰ ਸਾਹਿਬ ਪੁੱਜਦੇ ਹਨ ,ਉੱਥੇ ਹੀ ਬਾਕੀ ਦੇ ਧਰਮਾਂ ਦੇ ਲੋਕ ਵੀ ਉਸੇ ਤਰ੍ਹਾਂ ਲਗਾਤਾਰ ਸੰਗਤੀ ਰੂਪ 'ਚ ਸ੍ਰੀ ਦਰਬਾਰ ਸਾਹਿਬ ਨਤਮਸਤਕ ਹੋ ਰਹੇ ਹਨ। ਐਡਵੋਕੇਟ ਧਾਮੀ ਨੇ ਕਿਹਾ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਡੇ ਪੱਧਰ 'ਤੇ ਮਨਾਏ ਜਾ ਰਹੇ ਹਨ ਤੇ ਇਹਨਾਂ ਸਮਾਗਮਾਂ 'ਚ ਸ਼ਿਰਕਤ ਕਰਨ ਲਈ ਦੇਸ਼ ਦੇ ਰਾਸ਼ਟਰਪਤੀ, ਪ੍ਰਧਾਨ ਮੰਤਰੀ, ਗ੍ਰਹਿ ਮੰਤਰੀ, ਸੂਬੇ ਦੇ ਮੁੱਖ ਮੰਤਰੀ ਸਮੇਤ ਹੋਰ ਉਹਨਾਂ ਦੇ ਉੱਚ ਅਹੁਦਿਆਂ 'ਤੇ ਬਿਰਾਜਮਾਨ ਲੋਕਾਂ ਨੂੰ ਮਿਲ ਕੇ ਸਮਾਗਮਾਂ 'ਚ ਸ਼ਿਰਕਤ ਕਰਨ ਲਈ ਸੱਦਾ ਪੱਤਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਧਾਰਮਿਕ ਸਮਾਗਮ ਮਨਾਉਣੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਅਧਿਕਾਰ ਖੇਤਰ ਹੈ ਤੇ ਸਰਕਾਰ ਨੂੰ ਇਸ ਵਿੱਚ ਦਖਲ ਅੰਦਾਜ਼ੀ ਨਹੀਂ ਕਰਨੀ ਚਾਹੀਦੀ। ਉਨ੍ਹਾਂ ਕਿਹਾ ਕਿ ਜਿਹੜਾ ਕੰਮ ਸਰਕਾਰ ਦਾ ਕਰਨ ਵਾਲਾ ਉਹ ਕੰਮ ਸਰਕਾਰ ਨੂੰ ਕਰਨਾ ਚਾਹੀਦਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਰਕਾਰ ਸ਼੍ਰੋਮਣੀ ਕਮੇਟੀ ਨੂੰ ਇਹ ਸ਼ਤਾਬਦੀਆਂ ਮਨਾਉਣ ਲਈ ਸਹਿਯੋਗ ਦੇਵੇ, ਧਾਰਮਿਕ ਸਥਾਨਾਂ 'ਤੇ ਆਉਣ ਵਾਲੀਆਂ ਸੜਕਾਂ ਦੀ ਮੁਰੰਮਤ ਤੋਂ ਇਲਾਵਾ ਸਾਰਾ ਬੁਨਿਆਦੀ ਢਾਂਚਾ ਠੀਕ ਕਰੇ ਤਾਂ ਜੋ ਸੰਗਤਾਂ ਨੂੰ ਗੁਰ ਅਸਥਾਨਾਂ 'ਤੇ ਪੁੱਜਣ ਸਮੇਂ ਕੋਈ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਉਹਨਾਂ ਨਾਲ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਸਿੱਖਿਆ ਮੰਤਰੀ ਡਾਕਟਰ ਦਲਜੀਤ ਸਿੰਘ ਚੀਮਾ ਤੇ ਸ਼੍ਰੋਮਣੀ ਕਮੇਟੀ ਮੈਂਬਰ ਅਮਰਜੀਤ ਸਿੰਘ ਚਾਵਲਾ ਵਿਸ਼ੇਸ਼ ਤੌਰ 'ਤੇ



ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖ਼ਾਲਸਾ।

# ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**




ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB



ਸ੍ਰੀ ਪਟਨਾ ਸਾਹਿਬ
SRI PATNA SAHIB



ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB



ਸ੍ਰੀ ਦਮਦਮਾ ਸਾਹਿਬ
SRI DAMDAMA SAHIB



ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ਼੍ਰੀ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

### ਅਕਾਊਂਟ ਨੰਬਰ ਤੇ ਡਿਟੇਲ

Account Name : RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

★ ਸਲਾਹ ★
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ
# ਪੰਜ ਤਖ਼ਤ ਯਾਤਰਾ

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 15 ਫਰਵਰੀ (ਦਿਨ 1)




ਸਾਰੀ ਸੰਗਤ ਗੁਰਦਵਾਰਾ ਦੂਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)




ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਊਜੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖ਼ੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)



ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋ ਫਿਕਸਡ ਮੈਨਿਊ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)




ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)



ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਬਿ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਂਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਊਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।

--★ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ★--

| | | | |
|---|---|---|---|
| **RAGHBIR SINGH** | **PARAMJIT SHERGILL** | **INDERJIT KAUR** | **KULWINDER MANN** |
| **+44 7458 381111, +44 7976 210161** | **+44 7858 198159** | **+44 7883 635835** | **+44 7900 982906** |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ।

# ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ॥


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mendioned bank account balance amout need to be deposited 2 weeks before the travel date.**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

**Contact Detail :**
**+44 7458 381111 +44 7976 210161**
**email: gnstuk@hotmail.com**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

**--ADVICE--**
**Request to all Sangat to have own travel Insurance individualy!**

**Program is subject to change without Prior Notice.**

## JOURNEY OF A LIFE TIME

## PANJ TAKHT YATRA


### 5 TAKHAT YATRA - 10 NIGHTS / 11 DAYS

### 15th FEB. Day 1st.




**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.




Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd



After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th




Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th




After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th




After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th




After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

**FOR MORE INFORMATION PLS. CONTACT**


| RAGHBIR SINGH | PARAMJIT SHERGILL | INDERJIT KAUR | KULVINDER MANN |
|---|---|---|---|
| +44 7458 381111, +44 7976 210161 | +44 7858 198159 | +44 7883 635835 | +44 7900 982906 |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਆਵਾਜ਼ਿ ਕੌਮ AWAZE QAUM TV

# AWAZE QAUM TOURS & TRAVELS

ORGANISE

# PANJ TAKHAT YATRA

# ਪੰਜ ਤਖ਼ਤ ਦਰਸ਼ਨ ਯਾਤਰਾ

## ( FROM 15th FEB 2026 TO 25th FEB 2026 )

10 Nights 11 Days Tour From 15th Feb 2026 to 25th Feb 2026

AKAL TAKHAT SAHIB & 5 OTHER PLACES | HYDRABAD & 2 OTHER PLACES
HAZUR SAHIB & 8 OTHER GURUDWARAS | PATNA SAHIB & 5 OTHER GURUDWARA
CHANDIGARH & SUKHNA LAKE | ANANDPUR SAHIB & 4 OTHER GURUDWARAS
DAMDAMA SAHIB & 3 OTHER GURUDWARAS

- Luxury Hotel with Breakfast & Dinner
- Luxury Air-conditioned Coaches
- Domestic Flights
- Guide
- Flexibility to stay in India before & after the trip*
- Starting and Ending Point at Jalandhar

NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE

Account Name
RAGHBIR SINGH
Bank Name
HALIFAX
Sort Code 11-08-07
Account Number
00516474

ADVICE

REQUEST TO ALL SANGAT TO HAVE YOUR OWN TRAVEL INSURANCE INDIVIDUALLY !

FOR MORE INFO CONTACT

RAGHBIR SINGH
(CALL +44 7458 381111, +44 7976 210161)

PARAMJIT SHERGILL
+44 7858 198159

INDERJIT KAUR
+44 7883 635835

KULVINDER MANN
+44 7900 982906

121, BROADWAY WEST WALSALL, WEST MIDLANDS, WS1 4DW, ENGLAND UK




# ਸ੍ਰੀ ਅਖੰਡ ਪਾਠ ਸਾਹਿਬ

# SRI AKHAND PAATH SAHIB

## 18-20TH JULY 2025

**SRI GURU SINGH SABHA SOUTHALL, PARK AVENUE I UB13AG**

**ਸ਼ਹੀਦ ਜਨਰਲ ਲਾਭ ਸਿੰਘ ਮੁਖੀ ਖਾਲਿਸਤਾਨ ਕਮਾਂਡੋ ਫੋਰਸ : ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ : ਸ਼ਹੀਦ ਜਨਰਲ ਗੁਰਜੰਟ ਸਿੰਘ ਬੁਧਸਿੰਘ ਵਾਲਾ ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ : ਸ਼ਹੀਦ ਭਾਈ ਮਹਿੰਦਰ ਸਿੰਘ ਟੋਰੰਟੋ (ਕੈ ਨੇਡਾ)**

**ਸਿੱਖ ਫੈਡਰੇਸ਼ਨ ਯੂ. ਕੇ.**


ਪਰਮਿੰਦਰ ਸਿੰਘ ਬੱਲ ਪ੍ਰਧਾਨ, ਅਜੀਤਪਾਲ ਸਿੰਘ ਸਹੋਤਾ ਜਨਰਲ ਸਕੱਤਰ, ਹਰਮੇਲ ਸਿੰਘ ਖ਼ਾਲਸਾ ਆਰਗੇਨਾਈਜ਼ਰ ਟੈਲੀਫ਼ੋਨ : 07771 608 363, ਈ-ਮੇਲ : PSBAL46@gmail.com

## ⋆ ਸ਼ਹੀਦੀ ਸਮਾਗਮ ⋆

ਸ੍ਰੀ ਆਖੰਡ ਪਾਠ ਦੇ ਭੋਗ ਉਪਰੰਤ - 11 ਵਜੇ ਤੋਂ ਇਕ ਵਜੇ ਤੱਕ ਦੀਵਾਨ ਸਜੇਗਾ। ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਤੇ ਵਿਚਾਰ ਰੱਖਣਗੇ। ਸਮੂੰਹ ਪੰਥਕ ਆਗੂਆਂ ਨੂੰ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ। ਸੰਗਤਾਂ ਨੂੰ ਹੁੰਮ-ਹੁਮਾ ਕੇ ਪੁੱਜਣ ਦੀ ਅਪੀਲ ਕੀਤੀ ਜਾਂਦੀ ਹੈ।


DAMDAMI TAKSAL
ਅੰਮ੍ਰਿਤ ਸੰਚਾਰ
AMRIT SANCHAR
SOUTHALL
ਆਵਾਜ਼ਿ ਕੌਮ
AWAZE QAUM
International Newspaper & WEB TV
SUNDAY 20TH JULY | 1PM
SRI GURU SINGH SABHA SOUTHALL
2-8 PARK AVE | SOUTHALL | UB1 3AG
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net






ਨਾਮ ਜਪੋ Naam Japo
ਕਿਰਤ ਕਰੋ Kirat Karo
ਵੰਡ ਛਕੋ Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ





ੴ ਸਤਿਗੁਰ ਪ੍ਰਸਾਦਿ
ਸਿਖਹੁ ਸੁਣਹੁ ਸੀਖ ਇਹ ਮੇਰੀ॥ ਬਾਣੀ ਪੜਹੁ ਸੁਧ ਗੁਰ ਕੇਰੀ॥ ਪੜੈ ਮਹਾਤਮ ਲਹੈ ਬਿਸਾਲਾ॥ ਹਲਤ ਪਲਤ ਮਹਿ ਹੋਇ ਨਿਹਾਲਾ॥
ਗੁਰਦੁਆਰਾ ਸਾਹਿਬ ਰਿਵਰਸਾਈਡ
ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ,
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ 350 ਸਾਲਾ ਗੁਰਤਾਗੱਦੀ ਸ਼ਤਾਬਦੀ ਅਤੇ ਭਾਈ ਮਤੀ ਦਾਸ ਜੀ,
ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ
ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ
ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁੱਧ ਪਾਠ ਬੋਧ (ਸੰਥਿਆ) ਸਮਾਗਮ
ਜੂਨ 29, 2025 ਤੋਂ ਅਗਸਤ 3, 2025 ਤੱਕ
ਸ਼ਨੀਵਾਰ ਅਤੇ ਐਤਵਾਰ ਦੁਪਹਿਰ 2:00 ਤੋਂ 5:00 ਵਜੇ ਤੱਕ
ਸੋਮਵਾਰ ਤੋਂ ਸ਼ੁੱਕਰਵਾਰ ਸ਼ਾਮ 5:00 ਤੇ 8:00 ਵਜੇ ਤੱਕ
ਸੰਗਤਾਂ ਨੂੰ ਬੇਨਤੀ ਹੈ ਕਿ ਗੁਰਬਾਣੀ ਦੇ ਸ਼ੁੱਧ ਉਚਾਰਨ ਸਿੱਖਣ ਲਈ ਸਮਾਗਮਾਂ ਵਿੱਚ ਸ਼ਾਮਿਲ ਹੋ ਕੇ ਲਾਹਾ ਪ੍ਰਾਪਤ ਕਰੋ ਜੀ
YouTube LIVE STREAM @gurdwarasahibriverside
951-201-7034, 832-541-9136, 951-685-9701
7940 Mission Blvd Jurupa Valley 92509
ਆਵਾਜ਼ਿ ਕੌਮ AWAZE QAUM
International Newspaper & WEB TV



--✶ ਗੁਰੂ ਪੰਥ ਦਾ ਸੇਵਾਦਾਰ ✶--
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ
ਮੁਖੀ ਦਮਦਮੀ ਟਕਸਾਲ,
, ਜਥਾ ਭਿੰਡਰਾਂ, ਮਹਿਤਾ
ਅਤੇ ਪ੍ਰਧਾਨ ਸੰਤ ਸਮਾਜ

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ


## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਅਵਤਾਰ ਪੁਰਬ

# ਬਾਲਾ ਪ੍ਰੀਤਮ

☛ ਅਵਤਾਰ ਪੁਰਬ ਧੰਨ ਧੰਨ ਸ਼੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ
☛ ਸ਼ਹੀਦੀ ਦਿਹਾੜਾ ਭਾਈ ਤਾਰੂ ਸਿੰਘ ਸਾਹਿਬ ਜੀ ਨੂੰ
ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ ।



**ਸ਼ਨਿੱਚਰਵਾਰ 19 ਜੁਲਾਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ**

ਐਤਵਾਰ 20 ਜੁਲਾਈ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਰੂਪ ਸਿੰਘ ਦਮਦਮੀ ਟਕਸਾਲ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

### 25 ਜੁਲਾਈ ਦੀ ਸੰਗਰੂਰ ਰੈਲੀ ਵਿੱਚ ਬਾਘਾਪੁਰਾਣਾ ਬਲਾਕ ਤੋਂ

# ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ ਜੱਥੇ- ਜਸਮੇਲ ਸਿੰਘ ਰਾਜਿਆਣਾ



ਬਾਘਾਪੁਰਾਣਾ (ਮੋਗਾ) 19 ਜੁਲਾਈ (ਰਾਜਿੰਦਰ ਸਿੰਘ ਕੋਟਲਾ, ਗੁਰਪ੍ਰੀਤ ਸਿੰਘ) ਆਵਾਜਿ ਕੌਮ ਬਿਊਰੋ ਰਿਪੋਰਟ– ਕਿਰਤੀ ਕਿਸਾਨ ਯੂਨੀਅਨ ਬਲਾਕ ਬਾਘਾਪੁਰਾਣਾ ਵਲੋਂ 25 ਜੁਲਾਈ ਨੂੰ ਸੰਗਰੂਰ ਵਿਖੇ ਕਿਸਾਨ – ਮਜ਼ਦੂਰ ਜਥੇਬੰਦੀਆਂ ਵੱਲੋਂ ਕੀਤੀ ਜਾ ਰਹੀ ਰੈਲੀ ਤੇ ਮੁਜ਼ਾਹਰੇ ਦੇ ਸਬੰਧ ਵਿੱਚ ਬਲਾਕ ਪ੍ਰਧਾਨ ਅਜਮੇਰ ਸਿੰਘ ਛੋਟਾਘਰ ਦੀ ਅਗਵਾਈ ਹੇਠ ਮੀਟਿੰਗਾਂ ਕੀਤੀਆਂ ਗਈਆਂ। ਇਸ ਮੌਕੇ ਬਲਾਕ ਤੇ ਜ਼ਿਲ੍ਹਾ ਪ੍ਰੈਸ ਸਕੱਤਰ ਜਸਮੇਲ ਸਿੰਘ ਰਾਜਿਆਣਾ ਨੇ ਪ੍ਰੈੱਸ ਨੂੰ ਪ੍ਰੈਸ ਨੋਟ ਜਰੀਏ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਪਿੰਡ ਛੋਟਾਘਰ, ਨੱਥੂਵਾਲਾ ਗਰਬੀ ਤੇ ਲੰਗੇਆਣਾ ਪੁਰਾਣਾ ਵਿਖੇ ਸੰਗਰੂਰ ਵਿਖੇ ਕਿਸਾਨ – ਮਜ਼ਦੂਰ – ਨੌਜਵਾਨ, ਮੁਲਾਜ਼ਮ ਤੇ ਵਿੱਦਿਆਰਥੀ ਜਥੇਬੰਦੀਆਂ ਵੱਲੋਂ ਕੀਤੀ ਜਾ ਰਹੀ ਰੈਲੀ ਤੇ ਰੋਸ ਮੁਜ਼ਾਹਰੇ ਨੂੰ ਲੈ ਕੇ ਤਿੰਨ ਪਿੰਡਾਂ ਵਿੱਚ ਮੀਟਿੰਗਾਂ ਕੀਤੀਆਂ ਗਈਆਂ ਹਨ। ਇਹ ਮੀਟਿੰਗਾਂ ਜੋ ਪੰਜਾਬ ਸਰਕਾਰ ਵੱਲੋਂ ਪੰਜਾਬ ਨੂੰ ਪੁਲਿਸ ਸਟੇਟ ਬਣਾਉਣ ਲਈ ਪੁਲਿਸ ਜ਼ਬਰੀ ਦੇ ਸਹਿਯੋਗ ਨਾਲ ਸੰਘਰਸ਼ ਲੜਨ ਵਾਲੀਆਂ ਧਿਰਾਂ ਉੱਪਰ ਅੱਤਿਆਚਾਰ ਕੀਤਾ ਜਾ ਰਿਹਾ ਹੈ,ਜੋ ਕਿ ਬਰਦਾਸ਼ਤ ਤੋਂ ਬਾਹਰ ਹੈ, ਪੰਜਾਬ ਪੁਲਿਸ ਦੀ ਤਾਕਤ ਨਾਲ ਪੰਜਾਬ ਸਰਕਾਰ ਲਗਾਤਾਰ ਆਪਣੇ ਹੱਕੀ ਮੰਗਾਂ ਨੂੰ ਲੈਕੇ ਸੰਘਰਸ਼ ਕਰ ਰਹੇ ਲੋਕਾਂ ਨੂੰ ਕੁਚਲਣ ਲਈ ਦਮਨ ਕਰ ਰਹੀ ਹੈ। ਜਿਸਦੇ ਵਿਰੋਧ ਵਿੱਚ ਸਾਰੀਆਂ ਧਿਰਾਂ ਵੱਲੋਂ 25 ਜੁਲਾਈ ਨੂੰ ਸੰਗਰੂਰ ਵਿਖੇ ਰੈਲੀ ਕੀਤੀ ਜਾ ਰਹੀ ਹੈ, ਜਿਸ ਨੂੰ ਸਫ਼ਲ ਬਣਾਉਣ ਲਈ ਕਿਰਤੀ ਕਿਸਾਨ ਯੂਨੀਅਨ ਵੱਲੋਂ ਪਿੰਡ – ਪਿੰਡ ਜਾ ਕੇ ਮੀਟਿੰਗਾਂ ਜ਼ਰੀਏ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ, ਤਾਂ ਜੋ ਇੱਕ ਵੱਡੇ ਸੰਘਰਸ਼ ਅਤੇ ਲੋਕ ਲਹਿਰ ਨੂੰ ਉਸਾਰ ਕੇ ਮੰਗਾਂ ਸਬੰਧੀ ਲੜਿਆ ਜਾ ਸਕੇ,ਇਸ ਲਈ ਲੋਕਾਂ ਨੂੰ ਸੰਘਰਸ਼ ਵਿੱਚ ਕੁੱਦਣ ਦੀ ਲੋੜ ਹੈ।ਇਸ ਦੌਰਾਨ ਬਲਾਕ ਪ੍ਰਧਾਨ ਅਜਮੇਰ ਸਿੰਘ ਛੋਟਾਘਰ,ਜ਼ਿਲ੍ਹਾ ਸਕੱਤਰ ਚਮਕੌਰ ਸਿੰਘ ਰੋਡੇ ਖੁਰਦ, ਜ਼ਿਲ੍ਹਾ ਪ੍ਰੈਸ ਸਕੱਤਰ ਜਸਮੇਲ ਸਿੰਘ ਰਾਜਿਆਣਾ,ਔਰਤ ਵਿੰਗ ਦੇ ਕਨਵੀਨਰ ਛਿੰਦਰਪਾਲ ਕੌਰ ਰੋਡੇਖੁਰਦ,ਸਕੱਤਰ ਬਲਜੀਤ ਸਿੰਘ, ਸਾਧੂ ਸਿੰਘ ਲੰਡੇ,ਨਿਰਮਲ ਸਿੰਘ, ਕਰਨੈਲ ਸਿੰਘ ਨੱਥੂਵਾਲਾ, ਸਰਬਜੀਤ ਸਿੰਘ,ਰਾਜਿੰਦਰ ਸਿੰਘ ਲੰਗੇਆਣਾ ਪੁਰਾਣਾ,ਕਰਮਜੀਤ ਸਿੰਘ,ਚਰਨਜੀਤ ਸਿੰਘ,ਬਲਵਿੰਦਰ ਸਿੰਘ,ਬਲਦੇਵ ਸਿੰਘ ਛੋਟਾਘਰ, ਰਮਨਦੀਪ ਕੌਰ,ਪਰਦੀਪ ਕੌਰ, ਸੁਖਚੈਨ ਕੌਰ,ਜਸਵੀਰ ਕੌਰ, ਵੀਰਪਾਲ ਕੌਰ ਛੋਟਾਘਰ, ਜਸਪਾਲ ਕੌਰ, ਬਲਜੀਤ ਕੌਰ, ਨੱਥੂਵਾਲਾ ਗਰਬੀ,ਅਤੇ ਹੋਰ ਕਿਸਾਨ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਰੀਬ

# 3 ਕਰੋੜ 73 ਲੱਖ ਦੀ ਲਾਗਤ ਵਾਲੀਆਂ ਜਲ ਸਪਲਾਈ ਸਕੀਮਾਂ ਦੇ ਨੀਂਹ ਪੱਥਰ ਰੱਖੇ



**ਲਹਿਰਾ (ਰਣਜੀਤ ਸਿੰਘ ਪੇਧਨੀ )**-ਵਿਧਾਨ ਸਭਾ ਹਲਕਾ ਲਹਿਰਾ ਦੇ ਪਿੰਡ ਅੜਕਵਾਸ, ਕੋਟੜਾ ਲਹਿਲ, ਗੋਬਿੰਦਪੁਰ ਪਾਪੜਾ ਅਤੇ ਚੂੜਲ ਖੁਰਦ ਵਿਖੇ ਪੀਣ ਵਾਲੇ ਪਾਣੀ ਦੀ ਸਮੱਸਿਆ ਦੇ ਪੱਕੇ ਹੱਲ ਲਈ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਕਰੀਬ 03 ਕਰੋੜ 73 ਲੱਖ ਦੀ ਲਾਗਤ ਵਾਲੀਆਂ ਜਲ ਸਪਲਾਈ ਸਕੀਮਾਂ ਦੇ ਨੀਂਹ ਪੱਥਰ ਰੱਖੇ, ਜਿਨ੍ਹਾਂ ਵਿੱਚ ਪਿੰਡ ਅੜਕਵਾਸ ਵਿਖੇ ਕਰੀਬ 01 ਕਰੋੜ 14 ਲੱਖ 50 ਹਜ਼ਾਰ, ਕੋਟੜਾ ਲਹਿਲ ਵਿਖੇ 95.23 ਲੱਖ, ਗੋਬਿੰਦਪੁਰ ਪਾਪੜਾ ਵਿਖੇ 01 ਕਰੋੜ 08 ਲੱਖ 88 ਹਜ਼ਾਰ ਰੁਪਏ ਅਤੇ ਚੂੜਲ ਖੁਰਦ ਵਿਖੇ 54.59 ਲੱਖ ਰੁਪਏ ਦੇ ਪ੍ਰੋਜੈਕਟ ਸ਼ਾਮਲ ਹਨ। ਇਹਨਾਂ ਸਕੀਮਾਂ ਤਹਿਤ ਇਹਨਾਂ ਪਿੰਡਾਂ ਵਿੱਚ ਟਿਊਬਵੈੱਲ, ਟੈਂਕੀ, ਵਾਟਰ ਸਪਲਾਈ ਕੁਨੈਕਸ਼ਨ, ਸੋਲਰ ਪੈਨਲ ਤੇ ਹੋਰ ਲੋੜੀਂਦਾ ਸਾਜੋ ਸਾਮਾਨ ਸਰਕਾਰ ਵੱਲੋਂ ਲਾਇਆ ਜਾਵੇਗਾ ਅਤੇ ਕਲੋਰੀਨ ਪਾ ਕੇ ਹੀ ਪਾਣੀ ਲੋਕਾਂ ਤਕ ਸਪਲਾਈ ਕੀਤਾ ਜਾਵੇਗਾ। ਲੋਕਾਂ ਨੂੰ ਪੂਰਾ ਸ਼ੁੱਧ ਪਾਣੀ ਮਿਲੇਗਾ ਤੇ ਇਸ ਨਾਲ ਉਹ ਬਿਮਾਰੀਆਂ ਤੋਂ ਵੀ ਬਚੇ ਰਹਿਣਗੇ। ਇਹਨਾਂ ਪ੍ਰੋਜੈਕਟਾਂ ਦੀ ਮੰਗ ਇਹਨਾਂ ਪਿੰਡ ਵਾਸੀਆਂ ਵੱਲੋਂ ਲੰਮੇ ਸਮੇਂ ਤੋਂ ਕੀਤੀ ਜਾ ਰਹੀ ਸੀ ਤੇ ਅੱਜ ਇਥੋਂ ਦੇ ਲੋਕਾਂ ਦੀ ਚਿਰਕੋਣੀ ਮੰਗ ਪੂਰੀ ਹੋਣ ਜਾ ਰਹੀ ਹੈ। ਨੀਂਹ ਪੱਥਰ ਰੱਖਣ ਸਬੰਧੀ ਰੱਖੇ ਸਮਾਗਮਾਂ ਦੌਰਾਨ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਵਚਨਬੱਧ ਹੈ ਤੇ ਮੁਸ਼ਕਲਾਂ ਦੇ ਹੱਲ ਸਬੰਧੀ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਇਸੇ ਲੜੀ ਤਹਿਤ ਇਹ ਪ੍ਰੋਜੈਕਟ ਲਿਆਂਦੇ ਗਏ ਹਨ, ਜਿਨ੍ਹਾਂ ਨੂੰ ਕਿ ਸਮਾਂਬੱਧ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ ਤੇ ਪ੍ਰੋਜੈਕਟਾਂ ਦੇ ਮਿਆਰ ਬਾਬਤ ਕੋਈ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਕੈਬਨਿਟ ਮੰਤਰੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਿਰਮਾਣ ਕਾਰਜਾਂ ਦੀ ਖੁਦ ਨਿਗਰਾਨੀ ਕਰਨ ਅਤੇ ਜੇਕਰ ਕਿਤੇ ਕੋਈ ਤਰੁਟੀ ਲਗਦੀ ਹੈ ਤਾਂ ਫੌਰੀ ਉਹਨਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ। ਉਹਨਾਂ ਨੇ ਭਰੋਸਾ ਦਿਵਾਇਆ ਕਿ ਇਹ ਪ੍ਰੋਜੈਕਟ ਤੈਅ ਸਮੇਂ ਵਿੱਚ ਪੂਰੇ ਕਰ ਕੇ ਲੋਕ ਅਰਪਿਤ ਕੀਤੇ ਜਾਣਗੇ। ਇਸ ਮੌਕੇ ਕੈਬਨਿਟ ਮੰਤਰੀ ਨੇ ਲੋਕਾਂ ਦੀਆਂ ਮੁਸ਼ਕਲਾਂ ਵੀ ਸੁਣੀਆਂ ਤੇ ਉਹਨਾਂ ਵਿਚੋਂ ਕਈ ਮੌਕੇ ਉੱਤੇ ਹੀ ਹੱਲ ਕੀਤੀਆਂ ਤੇ ਬਾਕੀਆਂ ਸਬੰਧੀ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ। ਇਸ ਮੌਕੇ ਪੀ.ਏ. ਰਾਕੇਸ਼ ਕੁਮਾਰ ਗੁਪਤਾ, ਐਕਸੀਅਨ ਹਨੀ ਗੁਪਤਾ, ਐੱਸ.ਡੀ.ਓ. ਜਤਿੰਦਰ ਸਿੰਘ, ਜੇ.ਈ. ਨਿਪੁਨ ਗੋਇਲ, ਗੋਰਖਾ ਸਿੰਘ ਸਰਪੰਚ ਪਿੰਡ ਕੋਟੜਾ ਲਹਿਲ, ਅਮਨਦੀਪ ਸਿੰਘ, ਹਰਜੀਤ ਸਿੰਘ, ਬੌਬੀ ਸਿੰਘ, ਅਮਿਤ ਗੋਇਲ, ਅਜੈਬ ਸਿੰਘ ਪਿੰਡ ਚੂੜਲ ਖੁਰਦ, ਭਗਵੰਤ ਸਿੰਘ ਪਿੰਡ ਅੜਕਵਾਸ, ਗੋਬਿੰਦ ਸਿੰਘ, ਪਰਗਟ ਸਿੰਘ, ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ, ਪਤਵੰਤੇ ਅਤੇ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।

> ☛ ਪਿੰਡ ਅੜਕਵਾਸ, ਕੋਟੜਾ ਲਹਿਲ, ਗੋਬਿੰਦਪੁਰ ਪਾਪੜਾ ਅਤੇ ਚੂੜਲ ਖੁਰਦ ਵਾਸੀਆਂ ਦੀਆਂ ਚਿਰੋਕਣੀਆਂ ਮੰਗਾਂ ਹੋਈਆਂ ਪੂਰੀਆਂ ☛ ਲੋਕਾਂ ਨੂੰ ਮਿਲੇਗਾ ਪੀਣ ਵਾਲਾ ਸ਼ੁੱਧ ਪਾਣੀ

ਆਵਾਜ਼ਿ ਕੌਮ AWAZE QAUM International Newspaper & WEB TV

# ਚੇਅਰਮੈਨ ਢਿੱਲੋਂ ਨੇ ਰਾਜੋਮਾਜਰਾ ਤੋਂ ਬੁਗਰਾ ਤੱਕ ਨਿਊ ਸੜਕ ਦਾ ਕੀਤਾ ਉਦਘਾਟਨ



**ਧੂਰੀ (ਰਣਜੀਤ ਸਿੰਘ ਪੇਧਨੀ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਕੈਂਪਸ ਇੰਚਾਰਜ ਸ,ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ, ਸੰਗਠਨ ਇੰਚਾਰਜ ਹਲਕਾ ਧੂਰੀ ਵੱਲੋਂ ਹਲਕੇ ਦੀਆਂ ਘਨੌਰ ਕਲਾਂ ਅਤੇ ਰਾਜੋਮਾਜਰਾ ਦੀਆਂ ਸੜਕਾਂ ਦੇ ਨੀਂਹ ਪੱਥਰ ਰੱਖੇ ਗਏ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਢਿੱਲੋਂ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਹਲਕੇ ਦੇ ਵਿਕਾਸ ਕਾਰਜਾਂ ਦੇ ਲਈ ਹਰ ਵਕਤ ਚਿੰਤਤ ਰਹਿੰਦੇ ਹਨ ਕਿ ਆਉਣ ਵਾਲੇ ਸਮੇਂ ਵਿੱਚ ਮੁੱਖ ਮੰਤਰੀ ਮਾਨ ਹਲਕੇ ਦੇ ਪਿੰਡਾਂ ਦਾ ਦੌਰਾ ਕਰਨਗੇ ਅਤੇ ਪੰਚਾਇਤਾਂ ਨੂੰ ਗਰਾਂਟਾਂ ਦੇ ਗੱਫੇ ਦੇਣਗੇ । ਇਸ ਮੌਕੇ ਬਲਾਕ ਪ੍ਰਧਾਨ ਸੁਰਜੀਤ ਸਿੰਘ ਰਾਜੋਮਾਜਰਾ, ਨੰਬਰਦਾਰ ਬਲਦੇਵ ਸਿੰਘ, ਵਿੱਕੀ ਰਾਜੋਮਾਜਰਾ, ਅਜੀਤ ਸਿੰਘ, ਬਾਬਾ ਜਰਨੈਲ ਸਿੰਘ, ਰਾਜਵਿੰਦਰ ਸਿੰਘ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ, ਵਿਮਲਜੀਤ ਸਿੰਘ, ਬੂਟਾ ਗਿੱਲ, ਸਰਬਜੀਤ ਸਿੰਘ, ਲਖਵਿੰਦਰ ਸਿੰਘ ਗਿੰਨੀ ਸਲੇਮਪੁਰ ਜਗਤਾਰ ਸਿੰਘ ਸਲੇਮਪੁਰ ਜਗਤਾਰ ਸਿੰਘ ਬਾਗੜੀ, ਰਾਜਵਿੰਦਰ ਸਿੰਘ ਵੈਦ , ਮਨਪ੍ਰੀਤ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਰਤੀ ਕਿਸਾਨ ਯੂਨੀਅਨ ਏਕਤਾ ਉਗੁਰਾਹਾਂ ਪਿੰਡ ਚਾਂਗਲੀ ਅਤੇ ਭਲਵਾਨ ਇਕਾਈ ਚੋਣ ਕੀਤੀ ਗਈ





**ਧੂਰੀ ( ਰਣਜੀਤ ਸਿੰਘ ਪੇਧਨੀ )**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਧੂਰੀ ਦੇ ਪਿੰਡ ਚਾਗਲੀ ਅਤੇ ਭਲਵਾਨ ਦੀ ਚੋਣ ਜਨਰਲ ਸਕੱਤਰ ਹਰਪਾਲ ਸਿੰਘ ਪੇਧਨੀ, ਹਰਬੰਸ ਸਿੰਘ ਲੱਡਾ, ਕਰਮਜੀਤ ਸਿੰਘ ਬੇਨੜਾ ਅਤੇ ਰਾਮ ਸਿੰਘ ਕੱਕੜਵਾਲ ਦੀ ਅਗਵਾਈ ਹੇਠ ਕੀਤੀ ਗਈ। ਜਿਸ ਵਿੱਚ ਪਿੰਡ ਚਾਗਲੀ ਦੇ ਪ੍ਰਧਾਨ ਮਲਕੀਤ ਸਿੰਘ ਸਿੰਘ , ਜਰਨਲ ਸਕੱਤਰ ਮੱਘਰ , ਬਲਵਿੰਦਰ ਸਿੰਘ ਮੀਤ ਪ੍ਰਧਾਨ, ਪਿਆਰਾ ਸਿੰਘ ਸੀਨੀਅਰ ਮੀਤ ਪ੍ਰਧਾਨ , ਦਰਸਨ ਸਿੰਘ ਖਜਾਨਚੀ, ਸਹਾਇਕ ਬਲਵਿੰਦਰ ਸਿੰਘ, ਪ੍ਰਚਾਰਕ ਸਕੱਤਰ ਜਤਿੰਦਰ ਸਿੰਘ, ਪ੍ਰੈਸ ਸਕੱਤਰ ਬਿਕਰ ਸਿੰਘ, ਸੰਗਠਨ ਸਕੱਤਰ ਆਤਮਾ ਸਿੰਘ, ਸਲਾਹਕਾਰ ਮੱਘਰ ਸਿੰਘ ਅਤੇ ਪਿੰਡ ਭਲਵਾਨ ਦੇ ਪ੍ਰਧਾਨ ਸੁਖਵਿੰਦਰ ਸਿੰਘ, ਜਨਰਲ ਸਕੱਤਰ ਅਜੈਬ ਸਿੰਘ, ਰਾਜਵੰਤ ਸਿੰਘ ਮੀਤ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ ਹਰਜਿੰਦਰ ਸਿੰਘ, ਖਜਾਨਚੀ ਨੇਤਰ ਸਿੰਘ, ਸਹਾਇਕ ਬਲਵੀਰ ਸਿੰਘ, ਪਰਚਾਰਕ ਸਕੱਤਰ ਮੁਖਤਿਆਰ ਸਿੰਘ, ਸੰਗਠਨ ਸਕੱਤਰ ਗੁਲਜਾਰ ਸਿੰਘ, ਪ੍ਰੈਸ ਸਕੱਤਰ ਮੇਜਰ ਸਿੰਘ, ਸਲਾਹਕਾਰ ਬਾਬੂ ਸਿੰਘ ਅਤੇ ਬਲਵੰਤ ਸਿੰਘ, ਕੇਸਰ ਸਿੰਘ ਮੈਂਬਰ ਚੁਣੇ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

# ਕੁੰਭੜਵਾਲ ਦੇ ਸਕੂਲ ਵਿੱਚ ਬੱਚਿਆਂ ਨੂੰ ਡੈਂਗੂ ਬੁਖ਼ਾਰ ਅਤੇ ਬਰਸਾਤ ਰੁੱਤ ਦੌਰਾਨ ਤੋਂ ਹੋਣ ਬਿਮਾਰੀਆਂ ਬਾਰੇ ਜਾਣਕਾਰੀ ਦਿੱਤੀ



**ਧੂਰੀ (ਰਣਜੀਤ ਸਿੰਘ ਪੇਧਨੀ )**-ਸਿਵਲ ਸਰਜਨ ਡਾਕਟਰ ਸੰਜੇ ਕਾਮਰਾ ਜੀ ਦੇ ਦਿਸ਼ਾ ਨਿਰਦੇਸ਼ਾ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਅਤੇ ਐਸ ਐਮ ਓ ਡਾਕਟਰ ਸੁਦੀਪ ਸਿੱਧੂ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਅਧੀਨ ਆਂਉਦੇ ਹੈੱਲਥ ਵੈਲਨੈਸ਼ ਸੈਟਰਾਂ ਦੇ ਪਿੰਡਾਂ ਬਾਲੀਆਂ,ਕੁੰਭੜਵਾਲ,ਕਾਂਝਲਾ,ਲੱਡਾਂ ਬੇਨੜਾ ਵਿਖੇ ਡੈਂਗੂ,ਮਲੇਰੀਏ ਵਰਗੀਆਂ ਬਿਮਾਰੀਆਂ ਤੋਂ ਬਚਾਓ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਪਣੇ ਆਪਣੇ ਘਰਾਂ ਵਿੱਚ ਕੂਲਰਾਂ,ਫਰਿੱਜਾਂ ਦੀਆਂ ਟਰੇਆ,ਖੈਲਾ ਆਦਿ ਦੀ ਸਫ਼ਾਈ ਕਰਨ ਸਬੰਧੀ ਜਾਣਕਾਰੀ ਦਿੱਤੀ ਅਤੇ ਘਰਾਂ ਤੋਂ ਬਾਹਰ ਪਏ ਕੰਡਮ ਸਮਾਨ ਜਿਵੇਂ ਪੁਰਾਣੇ ਟਾਇਰ,ਖਾਲੀ ਬੋਤਲਾਂ ਜਿੰਨਾਂ ਵਿੱਚ ਬਰਸਾਤ ਦਾ ਪਾਣੀ ਜਮਾਂ ਹੋ ਜਾਂਦਾ ਹੈ ਛੱਤਾ ਤੋਂ ਥੱਲੇ ਰੱਖਣ ਸਬੰਧੀ ਹਦਾਇਤ ਕੀਤੀ ਗਈ ।ਸਮੁੱਚੀ ਟੀਮ ਵੱਲੋਂ ਕੂਲਰਾਂ ਅਤੇ ਪਾਣੀ ਦੇ ਸੋਮਿਆਂ ਵਿੱਚ ਲਾਰਵੇ ਦੀ ਚੈਕਿੰਗ ਕੀਤੀ ਅਤੇ ਕੁੰਭੜਵਾਲ ਦੇ ਸਰਕਾਰੀ ਹਾਈ ਸਕੂਲ ਵਿੱਚ ਬੱਚਿਆਂ ਨੂੰ ਡੈਂਗੂ ਬੁਖ਼ਾਰ ਅਤੇ ਬਰਸਾਤ ਰੁੱਤ ਦੌਰਾਨ ਤੋਂ ਹੋਣ ਬਿਮਾਰੀਆਂ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਹਰਜੀਤ ਸਿੰਘ,ਗੁਰਵਿੰਦਰ ਸਿੰਘ,ਗੁਰਪ੍ਰੀਤ ਸਿੰਘ,ਜਸਵਿੰਦਰ ਸਿੰਘ,ਅਮਰੀਕ ਸਿੰਘ ਮ,ਪ,ਹ,ਵ (ਮ) ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਭੀਖ ਮੰਗਵਾਉਣ ਵਾਲਿਆਂ ਦੇ ਗਰੋਹ ਦਾ ਪਰਦਾ ਫਾਸ਼ ਕਰਨ ਵਾਲੇ ਸਮਾਜ ਸੇਵੀ ਤੇ ਸਿੱਖ ਆਗੂ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੂੰ

# ਅੰਮ੍ਰਿਤਸਰ ਦੇ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੇ ਸਿਰੋਪਾ ਦੇ ਕੇ ਕੀਤਾ ਸਨਮਾਨਿਤ



**ਜੰਡਿਆਲਾ ਗੁਰੂ, 19 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਵਿੱਚ ਬੜੀ ਤੇਜ਼ੀ ਨਾਲ ਛੋਟੇ ਛੋਟੇ ਬੱਚਿਆਂ ਤੋਂ ਭੀਖ ਮੰਗਵਾਉਣ ਦਾ ਕੰਮ ਚੱਲ ਰਿਹਾ ਸੀ ਇਸ ਮੁੱਦੇ ਨੂੰ ਬੜੀ ਬੇਬਾਕੀ ਦੇ ਨਾਲ ਪੰਜਾਬ ਦੇ ਸਿੱਖ ਨੌਜਵਾਨ ਤੇ ਸਮਾਂ ਸੇਵੀ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਇਸ ਮੁੱਦੇ ਨੂੰ ਚੁੱਕਿਆ ਜਿਸ ਨਾਲ ਸਰਕਾਰ ਤੇ ਪ੍ਰਸ਼ਾਸਨ ਨੇ ਵੀ ਉਹਨਾਂ ਦੀ ਗੱਲ ਮੰਨ ਲਈ ਛੋਟੇ ਛੋਟੇ ਬੱਚਿਆਂ ਤੋਂ ਭੀਖ ਮੰਗਵਾਉਣ ਵਾਲਿਆਂ ਦੇ ਖਿਲਾਫ ਸਰਕਾਰ ਤੋਂ ਡੀਐਨਏ ਟੈਸਟ ਕਰਵਾਉਣ ਦੀ ਮੰਗ ਕਰਨ ਵਾਲੇ ਸਿੱਖ ਨੌਜਵਾਨ ਦੀ ਸਲਾਗਾ ਅੱਜ ਹਰ ਪਾਸੇ ਹੋ ਰਹੀ ਹੈ ਇਸ ਨੌਜਵਾਨ ਨੇ ਪਿਛਲੇ ਇੱਕ ਸਾਲ ਤੋਂ ਛੋਟੇ ਛੋਟੇ ਬੱਚਿਆਂ ਤੋਂ ਭੀਖ ਮੰਗਵਾਉਣ ਵਾਲਿਆਂ ਤੇ ਖਿਲਾਫ ਕਾਰਵਾਈ ਦੀ ਸਰਕਾਰ ਤੋਂ ਬਾਰ-ਬਾਰ ਮੰਗ ਕੀਤੀ ਤੇ ਮੀਡੀਆ ਦੇ ਵਿੱਚ ਇਹ ਸਾਰੇ ਹੀ ਘਟਨਾ ਕਰਮ ਨੂੰ ਲਿਆਂਦਾ ਤੇ ਜੋ ਛੋਟੇ ਛੋਟੇ ਬੱਚਿਆਂ ਤੋਂ ਭੀਖ ਮੰਗਵਾਉਣ ਦਾ ਕੰਮ ਬੜੀ ਤੇਜ਼ੀ ਨਾਲ ਪੰਜਾਬ ਦੀਆਂ ਹਰ ਲਾਈਟਾਂ ਤੇ ਧਾਰਮਿਕ ਸਥਾਨਾਂ ਦੇ ਬਾਹਰ ਚੱਲ ਰਿਹਾ ਸੀ ਇਸ ਨੌਜਵਾਨ ਦੀ ਆਵਾਜ਼ ਨੇ ਇੱਕ ਵਾਰ ਪੂਰੇ ਸਿਸਟਮ ਨੂੰ ਹਿਲਾ ਕੇ ਰੱਖ ਦਿੱਤਾ ਤੇ ਚਾਰੇ ਪਾਸੇ ਹੀ ਜਿੰਨੇ ਵੀ ਭਿਖਾਰੀ ਤੇ ਬੱਚਿਆਂ ਤੋਂ ਭੀਖ ਮੰਗਵਾਉਣ ਵਾਲੇ ਸੀ ਸਾਰਿਆਂ ਨੂੰ ਭਾਜੜਾਂ ਪੈ ਗਈਆਂ ਜਦ ਇਸ ਨੇ ਗੋਲਡਨ ਗੇਟ ਤੋਂ ਛੋਟੇ ਛੋਟੇ ਬੱਚਿਆਂ ਨੂੰ ਤੇ ਭੀਖ ਮੰਗਵਾਉਣ ਵਾਲਿਆਂ ਨੂੰ ਜਿਲਾ ਪ੍ਰਸ਼ਾਸਨ ਅੰਮ੍ਰਿਤਸਰ ਦੇ ਨਾਲ ਰਲ ਕੇ ਕਾਬੂ ਕੀਤਾ ਅੱਜ ਇਸ ਨੌਜਵਾਨ ਦੇ ਚਰਚੇ ਸਾਰੇ ਪਾਸੇ ਹੋ ਰਹੇ ਨੇ ਤੇ ਇਸਦੇ ਚੰਗੇ ਕੰਮ ਦੀ ਸਲਾਗਾ ਹੋ ਰਹੀ ਹੈ ਇਸ ਨੌਜਵਾਨ ਵੱਲੋਂ ਅਕਸਰ ਹੀ ਪੰਜਾਬ ਦੇ ਮੁੱਦਿਆਂ ਤੇ ਵਾਤਾਵਰਨ ਤੇ ਗੱਲ ਕੀਤੀ ਜਾਂਦੀ ਹੈ ਤੇ ਇਸ ਤੇ ਇਸ ਕੰਮ ਦੀ ਹਰ ਪਾਸੇ ਸਲਾਗਾ ਹੋ ਰਹੀ ਹੈ ਤੇ ਅੱਜ ਅੰਮ੍ਰਿਤਸਰ ਦੇ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੇ ਉਹਨਾਂ ਨੂੰ ਸਰੋਪਾ ਦੇ ਕੇ ਸਨਮਾਨ ਕੀਤਾ ਤੇ ਕਿਹਾ ਕਿ ਕਿ ਜੋ ਲੋਕ ਛੋਟੇ ਛੋਟੇ ਬੱਚਿਆਂ ਤੋਂ ਭੀਖ ਮੰਗਵਾਉਂਦੇ ਸੀ ਉਹ ਕਾਨੂੰਨਨ ਅਪਰਾਧ ਸੀ ਤੇ ਇਸ ਨੌਜਵਾਨ ਆਗੂ ਦੀ ਆਵਾਜ਼ ਨੇ ਉਸ ਤੇ ਠੱਲ ਪਾ ਦਿੱਤੀ ਹੈ ਤੇ ਅੱਜ ਸ਼ਹਿਰ ਵਾਸੀਆਂ ਨੂੰ ਸੁੱਖ ਦਾ ਸਾਹ ਆਇਆ ਹੈ ਤੇ ਸਾਰੀਆਂ ਹੀ ਅੰਮ੍ਰਿਤਸਰ ਦੀਆਂ ਲਾਈਟਾਂ ਤੇ ਭੀਖ ਮੰਗਣ ਵਾਲੇ ਤੇ ਛੋਟੇ ਛੋਟੇ ਬੱਚਿਆਂ ਤੋਂ ਭੀਖ ਮੰਗਵਾਉਣ ਵਾਲੇ ਨਜ਼ਰ ਨਹੀਂ ਆ ਰਹੇ ਮੈਂ ਇਸ ਨੌਜਵਾਨ ਦੇ ਕੰਮ ਦੀ ਸਲਾਗਾ ਕਰਦਾ ਹਾਂ ਤੇ ਐਸੇ ਨੌਜਵਾਨ ਜੋ ਸਮਾਜ ਲਈ ਚੰਗਾ ਕੰਮ ਕਰਦੇ ਨੇ ਮੈਂ ਹਮੇਸ਼ਾ ਉਹਨਾਂ ਦੇ ਨਾਲ ਇਸ ਮੌਕੇ ਤੇ ਮਾਝਾ ਜੋਨ ਦੇ ਸਰਪੰਚ ਯੂਨੀਅਨ ਦੇ ਪ੍ਰਧਾਨ ਸੁਖਰਾਜ ਸਿੰਘ ਰੰਧਾਵਾ ਸਾਬਕਾ ਕੌਂਸਲਰ ਬਲਦੇਵ ਸਿੰਘ ਸੰਧੂ ਹਰਮਨਪ੍ਰੀਤ ਸਿੰਘ ਨੂੰ ਵੀ ਸਨਮਾਨ ਕੀਤਾ ਗਿਆ ਨਵ ਭੰਗੂ ਸੋਨੂ ਬਲਬੀਰ ਸਿੰਘ ,ਲਖਬੀਰ ਸਿੰਘ ਜਸਪਾਲ ਸਿੰਘ ਸਕੱਤਰ ਸਿੰਘ ਨਿਤਿਨ ਸ਼ਰਮਾ ਰਿਤਿਸ਼ ਸ਼ਰਮਾ ਪਵਨ ਕੁਮਾਰ ਆਦਿ ਹਾਜਰ ਸਨ

### ਖਾਲਸਾ ਕਾਲਜੀਏਟ ਮਹਿਤਾ ਵਿਖੇ

# ਗੁਰੂ ਹਰਕ੍ਰਿਸ਼ਨ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਗਿਆ



**ਚੌਕ ਮਹਿਤਾ 20 ਜੁਲਾਈ,( ਬਾਬਾ ਸੁਖਵੰਤ ਸਿੰਘ ਚੰਨਣਕੇ )** -ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖ਼ਾਲਸਾ ਕਾਲਜ ਅਤੇ ਕਾਲਜੀਏਟ ਸਕੂਲ ਮਹਿਤਾ ਵਿਖੇ ਅੱਠਵੇਂ ਪਾਤਸ਼ਾਹ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦਾ ਪਵਿੱਤਰ ਜਨਮ ਦਿਹਾੜਾ ਸ਼ਰਧਾ, ਭਾਵਨਾ ਅਤੇ ਧਾਰਮਿਕ ਉਤਸ਼ਾਹ ਨਾਲ ਮਨਾਇਆ ਗਿਆ। ਇਸ ਪਵਿੱਤਰ ਮੌਕੇ ਤੇ ਕਾਲਜ ਦੇ ਵਿਦਿਆਰਥੀਆਂ ਨੇ ਭਾਰੀ ਗਿਣਤੀ ਵਿੱਚ ਹਿੱਸਾ ਲਿਆ ।ਇਸ ਦੀ ਸ਼ੁਰੂਆਤ ਪਵਿੱਤਰ ਸ਼ਬਦ ਕੀਰਤਨ ਨਾਲ ਹੋਈ। ਉਸ ਉਪਰੰਤ ਕਵੀਸ਼ਰੀ ਕਵਿਤਾਵਾਂ ਅਤੇ ਭਾਸ਼ਣਾਂ ਨੇ ਪੂਰੇ ਪੰਡਾਲ ਨੂੰ ਰੂਹਾਨੀ ਚਾਨਣ ਨਾਲ ਭਰ ਦਿੱਤਾ।

**ਸਮੂਹ ਬੱਚਿਆਂ ਨੂੰ ਧੰਨ ਧੰਨ ਸਾਹਿਬ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਪਾਏ ਪੂਰਨਿਆ ਤੇ ਚੱਲਣਾ ਚਾਹੀਦਾ ਹੈ-ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ**

ਇਸ ਪਵਿੱਤਰ ਮੌਕੇ 'ਤੇ ਕਾਲਜ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਜਲਾਲ ਉਸਮਾ ਜੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਗੁਰੂ ਸਾਹਿਬ ਦੀ ਜੀਵਨੀ ਤੋਂ ਜਾਣੂ ਕਰਵਾਇਆ। ਗੁਰੂ ਹਰਕ੍ਰਿਸ਼ਨ ਸਾਹਿਬ ਜੀ ਨੇ ਬਹੁਤ ਹੀ ਛੋਟੀ ਉਮਰ ਵਿੱਚ ਦਇਆ, ਨਿਮਰਤਾ ਅਤੇ ਮਨੁੱਖਤਾ ਦੀ ਸੇਵਾ ਦੀ ਉੱਚੀ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਨੇ ਦਿੱਲੀ ਵਿਚ ਬਿਮਾਰ ਲੋਕਾਂ ਦੀ ਸੇਵਾ ਕਰਕੇ ਸਿੱਖ ਧਰਮ ਦੀ ਮਹਾਨਤਾ ਨੂੰ ਦਰਸਾਇਆ ।ਗੁਰੂ ਹਰਕ੍ਰਿਸ਼ਨ ਜੀ ਸਾਨੂੰ ਸਿਖਾਉਂਦੇ ਹਨ ਕਿ ਜੀਵਨ ਦੀ ਮਹਾਨਤਾ ਉਮਰ ਜਾਂ ਅਹੁਦੇ ਨਾਲ ਨਹੀਂ, ਸੇਵਾ ਅਤੇ ਦਇਆ ਨਾਲ ਨਾਪੀ ਜਾਂਦੀ ਹੈ ।ਇਸ ਪਵਿੱਤਰ ਮੌਕੇ ਤੇ ਸਭ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਸਾਰੇ ਗੁਰੂ ਸਾਹਿਬ ਦੇ ਉਪਦੇਸ਼ਾਂ ਤੇ ਚੱਲਣ ਦਾ ਜਤਨ ਕਰੀਏ ।ਆਪਣੇ ਜੀਵਨ ਵਿੱਚ ਨਿਵੇਕਲੇਪਣ, ਸੱਚਾਈ, ਤੇ ਦਿਲੋਂ ਸੇਵਾ ਦੀ ਰਾਹ ਅਪਣਾਈਏ। ਚਾਹੇ ਅਸੀਂ ਕਿੰਨੇ ਵੀ ਵਧੀਆ ਵਿਦਿਆਰਥੀ ਬਣੀਏ, ਪਰ ਜੇ ਅਸੀਂ ਚੰਗੇ ਇਨਸਾਨ ਨਹੀਂ ਬਣੇ, ਤਾਂ ਉਹ ਸਿੱਖਿਆ ਅਸਲੀ ਨਹੀਂ। ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੀ ਜੀਵਨੀ ਤੋਂ ਪ੍ਰੇਰਣਾ ਲੈਣ ਅਤੇ ਆਪਣੇ ਜੀਵਨ ਵਿੱਚ ਸੱਚ, ਨਿਮਰਤਾ ਅਤੇ ਸੇਵਾ ਦੀ ਭਾਵਨਾ ਨੂੰ ਅਪਣਾਉਣਾ ਜਰੂਰੀ ਹੈ। ਇਸ ਮੌਕੇ ਤੇ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਮੈਡਮ ਕੁਲਦੀਪ ਕੌਰ ਸੁਖਦੇਵ ਸਿੰਘ, ਰਿਤਿਕਾ ਮੈਡਮ, ਬਲਜੀਤ ਕੌਰ, ਮਨਦੀਪ ਕੌਰ, ਸੁਖਜੀਤ ਸਿੰਘ, ਗੁਰਵਿੰਦਰ ਕੌਰ, ਮਨਜੀਤ ਕੌਰ, ਸੁਪ੍ਰੀਤ ਕੌਰ, ਰੁਪਿੰਦਰ ਕੌਰ, ਗੁਰਸ਼ਰਨਪ੍ਰੀਤ ਕੌਰ, ਸੁਖਮਨਦੀਪ ਕੌਰ, ਪੂਰਤੀ ਸ਼ਰਮਾ, ਅਮਨਦੀਪ ਕੌਰ, ਪਵਨਦੀਪ ਕੌਰ, ਨਵਨੀਤ ਕੌਰ, ਅੰਮ੍ਰਿਤਪਾਲ ਕੌਰ, ਕਾਬਲ ਸਿੰਘ ਪੁਰਬਾ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਅਮਰੀਕਾ ਵੱਲੋਂ ਟੀਆਰਐੱਫ ਨੂੰ ਅੰਤਰਰਾਸ਼ਟਰੀ ਦਹਿਸ਼ਤ ਗੁੱਟ ਐਲਾਨਣਾ ਭਾਰਤੀ ਪੈਂਤੜੇ ਦੀ ਪੁਸ਼ਟੀ : ਪ੍ਰੋ. ਸਰਚਾਂਦ ਸਿੰਘ ਖਿਆਲਾ

**ਅੰਮ੍ਰਿਤਸਰ, 19 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਲਸ਼ਕਰ-ਏ-ਤਇਬਾ ਦੀ ਲੁਕਵੀਂ ਸ਼ਾਖ ਅਤੇ ਪਹਿਲਗਾਮ ਹਮਲੇ ਲਈ ਜ਼ਿੰਮੇਵਾਰ 'ਦਿ ਰਜਿਸਟੈਂਸ ਫਰੰਟ (ਟੀਆਰਐੱਫ) ਨੂੰ ਵਿਸ਼ਵ ਦਹਿਸ਼ਤਗਰਦ ਸੰਗਠਨ ਨਾਮਜ਼ਦ ਕਰਨ ਦੇ ਅਮਰੀਕੀ ਫ਼ੈਸਲੇ ਦਾ ਸਵਾਗਤ ਕਰਦਿਆਂ ਕਿਹਾ ਕਿ ਇਹ ਐਲਾਨ ਸੰਯੁਕਤ ਰਾਸ਼ਟਰ ਅਤੇ ਆਲਮੀ ਪੱਧਰ 'ਤੇ ਭਾਰਤ ਦੇ ਸੁਰੱਖਿਆ ਦ੍ਰਿਸ਼ਟੀਕੋਣ ਅਤੇ ਸਰਹੱਦ ਪਾਰ ਦਹਿਸ਼ਤਗਰਦੀ ਬਾਰੇ ਨਵੀਂ ਦਿੱਲੀ ਦੇ ਦ੍ਰਿੜ੍ਹ ਨਿਰਣੇ ਅਤੇ ਪੈਂਤੜੇ ਦੀ ਅੰਤਰਰਾਸ਼ਟਰੀ ਪੁਸ਼ਟੀ ਹੈ ।ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਇਹ ਸਫਲਤਾ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਗਤੀਸ਼ੀਲ ਅਗਵਾਈ ਹੇਠ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਵਿਦੇਸ਼ ਮੰਤਰੀ ਡਾ. ਜੈ ਸ਼ੰਕਰ ਦੀ ਦੂਰਦਰਸ਼ੀ ਲੀਡਰਸ਼ਿਪ ਦੀ ਰਣਨੀਤਕ ਜਿੱਤ ਹੈ, ਜਿਨ੍ਹਾਂ ਨੇ ਅੰਤਰਰਾਸ਼ਟਰੀ ਮੰਚਾਂ 'ਤੇ ਪਾਕਿਸਤਾਨ ਅਤੇ ਅੱਤਵਾਦੀ ਗੱਠਜੋੜ ਨੂੰ ਲਗਾਤਾਰ ਬੇਨਕਾਬ ਕੀਤਾ। ਹੁਣ ਅਮਰੀਕਾ ਵੱਲੋਂ ਇਸ ਨੂੰ ਸਵੀਕਾਰ ਕਰਨਾ ਭਾਰਤ ਦੀ ਰਾਜਨੀਤਿਕ ਅਤੇ ਰਣਨੀਤਕ ਦਿਸ਼ਾ ਲਈ ਇੱਕ ਇਤਿਹਾਸਕ ਮੋੜ ਹੈ। ਉਨ੍ਹਾਂ ਕਿਹਾ ਕਿ ਇਹ ਮਾਮਲਾ ਸਿਰਫ਼ ਅੱਤਵਾਦ ਤੱਕ ਹੀ ਸੀਮਤ ਨਹੀਂ ਹੈ, ਸਗੋਂ ਇਹ ਭਾਰਤ ਦੀ ਰਾਜਨੀਤਿਕ ਅਖੰਡਤਾ, ਲੋਕਤੰਤਰੀ ਕਦਰਾਂ-ਕੀਮਤਾਂ ਅਤੇ ਆਮ ਨਾਗਰਿਕਾਂ ਦੀ ਜਾਨ-ਮਾਲ ਦੀ ਸੁਰੱਖਿਆ ਨਾਲ ਵੀ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਅਮਰੀਕਾ ਵੱਲੋਂ ਚੁੱਕਿਆ ਗਿਆ ਇਹ ਫੈਸਲਾਕੁੰਨ ਕਦਮ ਪਾਕਿਸਤਾਨ ਨੂੰ ਕਟਹਿਰੇ ਵਿੱਚ ਖੜ੍ਹਾ ਕਰਦਾ ਹੈ। ਸਪੱਸ਼ਟ ਹੈ ਕਿ ਆਖ਼ਰਕਾਰ ਅਮਰੀਕੀ ਰਾਸ਼ਟਰਪਤੀ ਟਰੰਪ, ਜਿਨ੍ਹਾਂ ਨੇ ਪਾਕਿਸਤਾਨ ਦੇ ਫ਼ੌਜ ਮੁਖੀ ਅਸੀਮ ਮੁਨੀਰ ਦੀ ਮੇਜ਼ਬਾਨੀ ਕੀਤੀ, ਨੂੰ ਵੀ ਅਹਿਸਾਸ ਹੋ ਗਿਆ ਹੈ ਕਿ ਅੱਤਵਾਦ ਦੇ ਸਵਾਲ 'ਤੇ ਦੋਹਰੇ ਮਾਪਦੰਡ ਇੱਕ ਖ਼ਤਰਨਾਕ ਰਸਤਾ ਹੈ। ਉਨ੍ਹਾਂ ਕਿਹਾ ਕਿ ਪਾਕਿਸਤਾਨ ਦੀ ਝੂਠੀ ਨੈਰੇਟਿਵਜ਼ ਅਤੇ ਆਈ ਐਸ ਆਈ ਵੱਲੋਂ ਸਥਾਪਤ ਅੱਤਵਾਦੀ ਸੰਗਠਨਾਂ ਦੀ ਅਸਲੀਅਤ ਹੁਣ ਪੱਛਮੀ ਜਗਤ ਦੀ ਰਡਾਰ 'ਤੇ ਆ ਚੁੱਕੀਆਂ ਹਨ। ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ 'ਟੀਆਰਐਫ' ਨਾ ਸਿਰਫ਼ ਪਹਿਲਗਾਮ ਵਿੱਚ ਮਾਸੂਮ ਨਾਗਰਿਕਾਂ ਦੇ ਕਤਲੇਆਮ ਲਈ ਜ਼ਿੰਮੇਵਾਰ ਹੈ, ਸਗੋਂ ਭਾਰਤੀ ਸੁਰੱਖਿਆ ਬਲਾਂ 'ਤੇ ਕਈ ਹਮਲਿਆਂ ਲਈ ਵੀ ਜ਼ਿੰਮੇਵਾਰ ਹੈ। ਇਹ ਸੰਗਠਨ ਪਾਕਿਸਤਾਨ ਦੀ ਇੱਕ ਵੱਡੀ ਸਾਜ਼ਿਸ਼ ਦਾ ਹਿੱਸਾ ਸੀ, ਜੋ ਧਾਰਾ 370 ਨੂੰ ਹਟਾਏ ਜਾਣ ਤੋਂ ਬਾਅਦ ਕਸ਼ਮੀਰ ਘਾਟੀ ਵਿੱਚ ਸ਼ਾਂਤੀ ਨੂੰ ਬਰਦਾਸ਼ਤ ਨਹੀਂ ਕਰ ਸਕਿਆ। ਉਨ੍ਹਾਂ ਅੱਗੇ ਕਿਹਾ, "ਭਾਜਪਾ ਦੇ ਸ਼ਾਸਨ ਵਿੱਚ ਅੱਤਵਾਦ ਪ੍ਰਤੀ ਕੋਈ ਨਰਮੀ ਨਹੀਂ ਵਰਤੀ ਜਾ ਰਹੀ ਹੈ। ਇਹ ਨਵਾਂ ਭਾਰਤ ਹੈ, ਜੋ ਨਾ ਸਿਰਫ਼ ਸਬਰ ਨਹੀਂ ਬਲਕਿ ਤੁਰੰਤ ਇਨਸਾਫ਼ ਕਰਦਾ ਹੈ। 'ਆਪ੍ਰੇਸ਼ਨ ਸੰਦੂਰ' ਦੀ ਸਫਲਤਾ 'ਤੇ ਟਿੱਪਣੀ ਕਰਦੇ ਹੋਏ, ਪ੍ਰੋ. ਖਿਆਲਾ ਨੇ ਕਿਹਾ, "ਪਾਕਿਸਤਾਨ ਦਾ ਅੱਤਵਾਦ ਨੂੰ ਸਾਜ਼ੋ-ਸਾਮਾਨ, ਪੈਸਾ ਅਤੇ ਪਨਾਹ ਦੇਣਾ ਵਿਸ਼ਵ ਸ਼ਾਂਤੀ ਲਈ ਖ਼ਤਰਾ ਪੈਦਾ ਕਰ ਰਿਹਾ ਸੀ। ਪਰ ਮੋਦੀ ਯੁੱਗ ਦੇ ਨਵੇਂ ਭਾਰਤ ਨੇ ਉਸ ਦੇ ਇਰਾਦੇ ਅਤੇ ਮਕਸਦ ਨੂੰ ਚੂਰ ਚੂਰ ਕਰ ਦਿੱਤਾ ਹੈ ਅਤੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ 'ਨਵਾਂ ਭਾਰਤ ਚੁੱਪ ਨਹੀਂ ਬੈਠਦਾ, ਸਗੋਂ ਦੁਸ਼ਮਣ ਦੇ ਘਰ ਵਿੱਚ ਵੜ ਕੇ ਉਸ ਨੂੰ ਮਾਰਦਾ ਵੀ ਹੈ ਅਤੇ ਦੁਨੀਆ ਨੂੰ ਦਿਖਾਉਂਦਾ ਵੀ ਹੈ।'" ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਿਚ ਭਾਰਤ ਦੀ ਆਵਾਜ਼ ਅੱਜ ਦੁਨੀਆ ਭਰ 'ਚ ਗੂੰਜ ਰਹੀ ਹੈ।"



# ਪੰਜਾਬ ਸਰਕਾਰ ਹਜ਼ਾਰਾਂ ਬੇਰੁਜ਼ਗਾਰ ਅਧਿਆਪਕਾਂ ਨੂੰ ਭਰਤੀ ਤੋਂ ਬਾਹਰ ਕਰਨ ਲਈ ਤਿਆਰ

**ਤਲਵੰਡੀ ਸਾਬੋ, 19 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਦਾ ਦਿਵਾਲਾ ਨਿਕਲ ਗਿਆ ਹੈ ਅਤੇ ਆਯੋਗ ਸਿੱਖਿਆ ਮੰਤਰੀ ਦੀ ਬਦੌਲਤ ਹੁਣ 1158 ਪ੍ਰੋਫ਼ੈਸਰਾਂ ਲਾਇਬ੍ਰੇਰੀਅਨਾ ਤੋਂ ਬਾਅਦ ਬੇਰੁਜ਼ਗਾਰ ਈਟੀਟੀ ਟੈੱਟ ਪਾਸ ਅਧਿਆਪਕ ਵੀ ਭਰਤੀ ਵਿੱਚ ਬੈਠਣ ਤੋਂ ਪਹਿਲਾਂ ਹੀ ਬਾਹਰ ਹੋ ਰਹੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਈਟੀਟੀ ਟੈਟ ਪਾਸ ਬੇਰੁਜ਼ਗਾਰ ਅਧਿਆਪਕ ਯੂਨੀਅਨ ਪੰਜਾਬ ਦੇ ਪ੍ਰਧਾਨ ਸੁਨੀਲ ਨੇ ਤਲਵੰਡੀ ਸਾਬੋ ਵਿਖੇ ਇੱਕ ਮੀਟਿੰਗ ਦੌਰਾਨ ਕੀਤਾ। ਉਹਨਾਂ ਗੱਲ ਜਾਰੀ ਰੱਖਦਿਆਂ ਦੱਸਿਆ ਕਿ ਭਗਵੰਤ ਮਾਨ ਸਰਕਾਰ ਜਦੋਂ ਦੀ ਸੱਤਾ ਵਿੱਚ ਆਈ ਹੈ ਇਸਨੇ ਹਾਲੇ ਤੱਕ ਕੋਈ ਵੀ ਈਟੀਟੀ ਅਧਿਆਪਕ ਭਰਤੀ ਨਹੀਂ ਕੀਤੇ ਜਦੋਂਕਿ ਆਉਣ ਵਾਲੇ ਸਤੰਬਰ ਮਹੀਨੇ ਵਿੱਚ ਭਰਤੀ ਪ੍ਰਕਿਰਿਆ ਵਿੱਚ ਵੱਡਾ ਬਦਲ ਹੋ ਕੇ ਬੇਸਿਕ ਯੋਗਤਾ ਬਾਰਵੀਂ ਤੋਂ ਈਟੀਟੀ ਕਰਨ ਤੋਂ ਬਾਅਦ ਟੈਟ ਪਾਸ ਸਿੱਧੇ ਤੌਰ 'ਤੇ ਬਾਹਰ ਹੋ ਜਾਣਗੇ। ਇਸ ਮੌਕੇ ਸ਼ਿਵਮ ਮੋਗਾ ਨੇ ਕਿਹਾ ਕਿ ਇਹ ਬੇਰੁਜ਼ਗਾਰ ਅਧਿਆਪਕਾਂ ਨਾਲ ਸਿੱਧਾ ਧੱਕਾ ਹੋਵੇਗਾ ਅਤੇ ਹਜ਼ਾਰਾਂ ਨੌਜਵਾਨਾਂ ਨੂੰ ਬਿਨਾਂ ਕੋਈ ਮੌਕਾ ਮਿਲੇ ਉਹਨਾਂ ਦਾ ਭਵਿੱਖ ਅੰਧਕਾਰ ਵਿੱਚ ਚਲਿਆ ਜਾਵੇਗਾ। ਯੂਨੀਅਨ ਆਗੂਆਂ ਨੇ ਕਿਹਾ ਕਿ ਈਟੀਟੀ ਬੇਰੁਜ਼ਗਰ ਅਧਿਆਪਕਾਂ ਨਾਲ ਹੰਗਾਮੀ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਜਲਦੀ ਹੀ ਯੂਨੀਅਨ ਦੀਆਂ ਮੰਗਾਂ ਨੂੰ ਲੈ ਕੇ ਵੱਡਾ ਸੰਘਰਸ਼ ਉਲਕਿਆਂ ਜਾਵੇਗਾ।



# ਪੰਜਾਬ ਵਿਚ ਰਹਿ ਰਹੇ ਪ੍ਰਵਾਸੀ ਲੋਕਾਂ ਦੇ ਆਧਾਰ ਕਾਰਡ ਹੋਣ ਚੈਕ—ਜਗਨਦੀਪ ਜ਼ੋਨੀ

**ਫ਼ਿਰੋਜ਼ਪੁਰ, 19 ਜੁਲਾਈ (ਮਨੋਹਰ ਲਾਲ)** :— ਪੰਜਾਬ ਵਿਚ ਕਾਨੂੰਨ ਰਾਜ ਸਥਾਪਤ ਕਰਨ ਦੀ ਵਕਾਲਤ ਕਰਦਿਆਂ ਜਾਗੋ ਪੇਰੇਂਟਸ ਜਾਗੋ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਜਗਨਦੀਪ ਜ਼ੋਨੀ ਤੇ ਸਾਥੀਆਂ ਨੇ ਪੰਜਾਬ ਸਰਕਾਰ ਤੇ ਪੁਲਿਸ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਪੰਜਾਬ ਵਿਚ ਰਹਿ ਰਹੇ ਪ੍ਰਵਾਸੀ ਲੋਕਾਂ ਦੇ ਆਧਾਰ ਕਾਰਡ ਚੈਕ ਕੀਤੇ ਜਾਣ ਤਾਂ ਜ਼ੋ ਪੰਜਾਬ ਵਿਚ ਵਸਦੇ ਪ੍ਰਵਾਸੀਆਂ ਦੀ ਗਿਣਤੀ ਸਾਹਮਣੇ ਆ ਸਕੇ। ਗੱਲਬਾਤ ਕਰਦਿਆਂ ਜਗਨਦੀਪ ਜ਼ੋਨੀ ਨੇ ਕਿਹਾ ਕਿ ਬਾਹਰ ਦੀ ਸਟੇਟ ਤੋਂ ਆ ਕੇ ਪੰਜਾਬ ਵਿਚ ਰਹਿ ਰਹੇ ਪ੍ਰਵਾਸੀਆਂ ਦਾ ਪਤਾ ਲੱਗ ਸਕੇ ਕਿ ਏਨ੍ਹਾਂ ਲੋਕਾਂ ਦੇ ਘਰ ਵਾਲਿਆਂ ਦੇ ਆਧਾਰ ਕਾਰਡ ਦੂਜੀ ਸਟੇਟ ਦੇ ਬਣੇ ਹਨ ਅਤੇ ਬੱਚਿਆਂ ਦੇ ਪੰਜਾਬ ਵਿਚ ਬਣ ਚੁੱਕੇ ਹਨ। ਉਨ੍ਹਾਂ ਕਿਹਾ ਕਿ ਅਜਿਹਾ ਕਰਕੇ ਪ੍ਰਵਾਸੀ ਲੋਕ ਦੋ ਸਟੇਟਾਂ ਦਾ ਫਾਇਦਾ ਲੈ ਰਹੇ ਹਨ ਅਤੇ ਅਸੀਂ ਪੰਜਾਬ ਸਰਕਾਰ ਨੂੰ ਅਪੀਲ ਕਰਦੇ ਹਾਂ ਕਿ ਦੂਜੀਆਂ ਸਟੇਟਾਂ ਵਾਲਿਆਂ ਨੂੰ ਪੰਜਾਬ ਵਿਚ ਨੌਕਰੀ ਨਾ ਦਿੱਤੀ ਜਾਵੇ ਅਤੇ ਜਿਸ ਮਕਾਨ ਵਿਚ ਇਹ ਲੋਕ ਵਸਦੇ ਹਨ, ਉਨ੍ਹਾਂ ਦੇ ਆਧਾਰ ਕਾਰਡ ਵੀ ਲਏ ਜਾਣ ਤਾਂ ਜ਼ੋ ਖਾਣ—ਪੀਣ ਦਾ ਸਮਾਨ ਜਾਂ ਰੇਹੜੀ ਲਾ ਰਹੇ ਪ੍ਰਵਾਸੀਆਂ ਦੇ ਆਧਾਰ ਕਾਰਡ ਚੈਕ ਕੀਤੇ ਜਾਣ। ਗੱਲਬਾਤ ਕਰਦਿਆਂ ਜਾਗੋ ਪੇਰੈਂਟਸ ਜਾਗੋ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਜਗਦੀਪ ਜ਼ੋਨੀ, ਚੇਅਰਮੈਨ ਹਰੀ ਰਾਮ ਖਿੰਦੜੀ, ਸੈਕਟਰੀ ਪਰਵਿੰਦਰ ਕੁਮਾਰ, ਅਸ਼ਵਨੀ ਕੁਮਾਰ, ਵਿਨੋਦ ਕੁਮਾਰ, ਆਨੰਦ ਕਿਸ਼ੋਰ, ਗਗਨਦੀਪ ਆਦਿ ਹਾਜ਼ਰ ਸਨ।



### ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਦੇ ਬਾਲ ਲੇਖਕਾਂ ਨੂੰ

# ਪੰਜਾਬ ਭਵਨ ਕੈਨੇਡਾ ਦੁਆਰਾ ਕੀਤਾ ਗਿਆ ਸਨਮਾਨਿਤ






**ਬਿਲਾਸਪੁਰ/ਮੋਗਾ (ਵਰਿਆਮ ਹਠੂਰ)**-ਵਿੱਦਿਆ ਦੇ ਖੇਤਰ ਵਿੱਚ ਦਿਨੋਂ ਦਿਨ ਲੰਬੀਆਂ ਪੁਲਾਂਘਾਂ ਪੁੱਟ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਜਿੱਥੇ ਵਿੱਦਿਆ ਦੇ ਖੇਤਰ ਵਿੱਚ ਇੱਕ ਮੋਹਰੀ ਸੰਸਥਾ ਦੇ ਵਜੋਂ ਜਾਣੀ ਜਾਂਦੀ ਹੈ। ਉੱਥੇ ਹੀ ਖੇਡਾਂ ਦੇ ਨਾਲ ਨਾਲ ਵਿਦਿਆਰਥੀਆਂ ਦੀ ਰੁਚੀ ਮੁਤਾਬਕ ਵੱਖ-ਵੱਖ ਤਰ੍ਹਾਂ ਦੀਆਂ ਗਤੀਵਿਧੀਆਂ ਵਿੱਚ ਉਹਨਾਂ ਦੀ ਭਾਗੀਦਾਰੀ ਨੂੰ ਮੁੱਖ ਰੱਖਿਆ ਜਾਂਦਾ ਹੈ। ਇਸੇ ਗੱਲ ਨੂੰ ਮੁੱਖ ਰੱਖਦਿਆਂ ਹੋਇਆਂ ਵਿਦਿਆਰਥੀਆਂ ਅੰਦਰ ਪੰਜਾਬੀ ਮਾਂ ਬੋਲੀ ਪ੍ਰਤੀ ਸਤਿਕਾਰ ਤੇ ਮਾਂ ਬੋਲੀ ਨੂੰ ਉੱਚਾ ਚੁੱਕਣ ਲਈ ਪੰਜਾਬ ਭਵਨ ਸਰੀ (ਕਨੇਡਾ) ਵੱਲੋਂ ਛਾਪੀ ਗਈ ਨਵ ਪ੍ਰਕਾਸ਼ਿਤ ਬਾਲ ਪੁਸਤਕ "ਨਵੀਆਂ ਕਲਮਾਂ ਨਵੀਂ ਉਡਾਣ" ਭਾਗ 44 ਵਿੱਚ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਦੇ ਨੰਨੇ ਲੇਖਕਾਂ ਦੀਆਂ ਰਚਨਾਵਾਂ ਨੂੰ ਦਰਜ ਕੀਤਾ ਗਿਆ, ਜਿਸ ਵਿੱਚ ਕਲਾਸ ਅੱਠਵੀਂ ਦੀ ਹੋਣਹਾਰ ਵਿਦਿਆਰਥਣ ਰਵਜੀਤ ਕੌਰ ਤੇ ਕਲਾਸ ਦਸਵੀਂ ਦੇ ਹੋਣਹਾਰ ਵਿਦਿਆਰਥੀ ਹਰਮਿੰਦਰ ਸਿੰਘ ਨੂੰ ਸਨਮਾਨਿਤ ਕੀਤਾ ਗਿਆ, ਸਕੂਲ ਮੈਨੇਜਮੈਂਟ ਦੇ ਪ੍ਰਧਾਨ ਸਰਦਾਰ ਚਰਨ ਸਿੰਘ, ਸਕੂਲ ਚੇਅਰਮੈਨ ਸ਼੍ਰੀ ਯੋਗਿੰਦਰ ਸ਼ਰਮਾ , ਸਕੂਲ ਪ੍ਰਿੰਸੀਪਲ ਸ਼੍ਰੀਮਤੀ ਕੁੰਜੂਮੋਲ ਜੋਅ ਅਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਕਿਹਾ ਕਿ ਇਹ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਹੁੰਦਿਆਂ ਜੋ ਮਾਂ ਬੋਲੀ ਪੰਜਾਬੀ ਦਾ ਪੱਧਰ ਉੱਚਾ ਚੁੱਕਣ ਲਈ ਵਿਦਿਆਰਥਣ ਰਵਜੀਤ ਕੌਰ ਅਤੇ ਵਿਦਿਆਰਥੀ ਹਰਮਿੰਦਰ ਸਿੰਘ ਨੇ ਆਪਣਾ ਯੋਗਦਾਨ ਦਿੱਤਾ ਹੈ, ਉਹ ਵਾਕਿਆ ਹੀ ਸ਼ਲਾਘਾਯੋਗ ਹੈ। ਭਵਿੱਖ ਵਿੱਚ ਵੀ ਅਸੀਂ ਸਭ ਮਾਂ ਬੋਲੀ ਪੰਜਾਬੀ ਦਾ ਪੱਧਰ ਉੱਚਾ ਚੁੱਕਣ ਦੇ ਵਚਨਬੱਧ ਰਹਾਂਗੇ। ਪ੍ਰਧਾਨ ਚਰਨ ਸਿੰਘ ਨੇ ਅੱਗੇ ਕਿਹਾ ਕਿ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਵਿੱਚ ਬੱਚਿਆਂ ਨੂੰ ਚੰਗੀ ਵਿੱਦਿਆ ਦੇ ਨਾਲ ਨਾਲ ਉਨ੍ਹਾਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਵਿਸ਼ੇਸ਼ ਤੌਰ ਤੇ ਉਪਰਾਲੇ ਕੀਤੇ ਜਾਂਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

**ਬੱਚਿਆਂ ਨੂੰ ਚੰਗੀ ਵਿੱਦਿਆ ਦੇ ਨਾਲ ਨਾਲ ਸਮੇਂ ਦੇ ਹਾਣੀ ਬਣਾਉਣਾ ਸਾਡਾ ਫਰਜ਼ : ਪ੍ਰਧਾਨ ਚਰਨ ਸਿੰਘ**

### ਬੇਅਦਬੀ ਬਿੱਲ ਪਾਸ ਹੋਣ ਨਾਲ ਕੌਮ 'ਚ ਆਸ ਦੀ ਕਿਰਨ ਜਾਗਰੀ: ਫੈਡਰੇਸ਼ਨ ਮਹਿਤਾ

# ਇਮਾਨਦਾਰੀ ਨਾਲ ਇਸ 'ਤੇ ਡੱਟ ਕੇ ਪਹਿਰਾ ਵੀ ਦਿੱਤਾ ਜਾਵੇ



ਫਿਰੋਜ਼ਪੁਰ 19 ਜੁਲਾਈ (ਮਨਹੋਰ ਲਾਲ) :— ਹਾਲ ਹੀ ਵਿਚ ਸਰਕਾਰ ਵੱਲੋਂ ਵਿਧਾਨ ਸਭਾ ਵਿਚ ਪਾਸ ਕੀਤੇ ਗਏ ਪਵਿੱਤਰ ਧਾਰਮਿਕ ਗ੍ਰੰਥਾਂ ਸਮੇਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਸਬੰਧੀ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦੇਣ ਸਬੰਧੀ ਪਾਸ ਕੀਤੇ ਗਏ ਬਿੱਲ ਦਾ ਚੁਫੇਰਿਓ ਸੁਆਗਤ ਹੋ ਰਿਹਾ ਹੈ ਅਤੇ ਇਸ ਨਾਲ ਖਾਸ ਕਰਕੇ ਸਿੱਖ ਕੌਮ ਵਿਚ ਇਕ ਆਸ ਦੀ ਕਿਰਨ ਜਾਰੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਧਾਰਮਿਕ ਜਥੇਬੰਦੀ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜਸਪਾਲ ਸਿੰਘ, ਕੌਮੀ ਮੀਤ ਪ੍ਰਧਾਨ ਭਾਈ ਸੁਖਦੇਵ ਸਿੰਘ ਲਾਡਾ, ਜ਼ਿਲ੍ਹਾ ਪ੍ਰਧਾਨ ਸ਼ਹਿਰੀ ਡਾ। ਗੁਰਮੀਤ ਸਿੰਘ, ਜ਼ਿਲ੍ਹਾ ਪ੍ਰਧਾਨ ਦਿਹਾਤੀ ਭਾਈ ਜਸਬੀਰ ਸਿੰਘ ਤੇਗਾ ਸਿੰਘ ਵਾਲਾ ਤੇ ਸਾਥੀਆਂ ਨੇ ਅੱਜ ਫਿਰੋਜ਼ਪੁਰ ਵਿਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ 2015 ਤੋਂ ਸ਼ੁਰੂ ਹੋਈਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਪ੍ਰਤੀ ਸਿੱਖ ਕੌਮ ਵਿਚ ਪੂਰੇ ਗੁੱਸੇ ਦੀ ਲਹਿਰ ਹੈ ਅਤੇ ਇਨ੍ਹਾਂ 'ਚ ਨਾਮਜ਼ਦ ਦੋਸ਼ੀਆਂ ਨੂੰ ਢੁੱਕਵੀਂ ਸਜ਼ਾ ਨਾ ਮਿਲਣ ਕਰਕੇ ਪੰਥ ਦਰਦੀਆਂ ਵਿਚ ਰੋਹ ਦੇ ਜੋ ਭਾਂਬੜ ਬਲ ਰਹੇ ਸਨ, ਇਸ ਬਿੱਲ ਦੇ ਪਾਸ ਹੋਣ ਨਾਲ ਸ਼ਾਂਤ ਹੋਣੇ ਸੁਭਾਵਿਕ ਹਨ। ਭਾਈ ਜਸਪਾਲ ਸਿੰਘ ਤੇ ਸਾਥੀਆਂ ਨੇ ਅੱਗੇ ਕਿਹਾ ਕਿ ਸਮੂਹ ਰਾਜਸੀ ਪਾਰਟੀਆਂ ਦਾ ਉਹ ਤਹਿ ਦਿਲੋਂ ਧੰਨਵਾਦ ਕਰਦੇ ਹਨ, ਜਿਨ੍ਹਾਂ ਨੇ ਸਰਬਸੰਮਤੀ ਨਾਲ ਆਪਣੀ ਪੂਰੀ ਜ਼ਿੰਮੇਵਾਰੀ ਸਮਝਦੇ ਹੋਏ ਇਸ ਬਿੱਲ ਨੂੰ ਪਾਸ ਕੀਤਾ ਅਤੇ ਨਾਲ ਹੀ ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਅਤੇ ਸਮੁੱਚੀਆਂ ਰਾਜਸੀ ਪਾਰਟੀਆਂ ਦਾ ਇਹ ਵੀ ਫਰਜ਼ ਬਣਦਾ ਹੈ ਕਿ ਇਸ ਪਾਸ ਹੋਏ ਬਿੱਲ ਤੇ ਇਮਾਨਦਾਰੀ ਨਾਲ ਡੱਟ ਕੇ ਪਹਿਰਾ ਦਿੱਤਾ ਜਾਵੇ ਅਤੇ ਦੋਸ਼ੀਆਂ ਨੂੰ ਕਿਸੇ ਵੀ ਕੀਮਤ ਨਾ ਬਖਸ਼ਿਆ ਜਾਵੇ। ਇਸ ਮੌਕੇ ਉਨ੍ਹਾਂ ਤੋਂ ਇਲਾਵਾ ਹਰਜਿੰਦਰ ਸਿੰਘ ਬੱਗਾ, ਗੁਰਦਰਸ਼ਨ ਸਿੰਘ ਬੱਬੀ, ਕੁਲਦੀਪ ਸਿੰਘ ਨੰਢਾ ਸ਼ਹਿਰੀ ਪ੍ਰਧਾਨ, ਜਸਬੀਰ ਸਿੰਘ ਜੱਸਾ, ਕਿਰਨਦੀਪ ਸਿੰਘ ਪੱਲਾ, ਗੁਰਮਿੰਦਰ ਸਿੰਘ, ਮਿਹਰ ਸਿੰਘ ਜੋਸਨ, ਗੁਰਮੇਲ ਸਿੰਘ ਭੇਡੀਆ ਆਦਿ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਤੁੱਕ ਤੁੱਕ ਵਾਲੇ 21 ਦਿਨਾਂ ਮਹਾਂ ਸੰਪਟ ਸਾਹਿਬ ਰੱਖੇ



ਫਿਰੋਜ਼ਪੁਰ 19 ਜੁਲਾਈ (ਮਨਹੋਰ ਲਾਲ) :— ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਤੁੱਕ ਤੁੱਕ ਵਾਲੇ 21 ਦਿਨਾਂ ਮਹਾਂ ਸੰਪਟ ਰੱਖੇ ਗਏ। ਇਨ੍ਹਾਂ ਮਹਾਂ ਸੰਪਟ ਸਾਹਿਬ ਜੀ ਦੇ ਪਾਠਾਂ ਦੇ ਭੋਗ 7 ਅਗਸਤ ਨੂੰ ਪਾਏ ਜਾਣਗੇ। ਇਸ ਮੌਕੇ ਤੇ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ 21 ਦਿਨ ਖੁਦ ਮਹਾਂ ਸੰਪਟ ਕਰਦੇ ਹਨ। ਭੋਰਾ ਸਾਹਿਬ ਦੇ ਅੰਦਰ ਅਤੇ ਲਾਲ ਹੀ ਭਾਰੀ ਗਿਣਤੀ ਵਿਚ ਪਾਠੀ ਸਿੰਘ ਜਿਹੜੇ ਕੇ 21 ਦਿਨ ਕੋਈ ਵੀ ਪਾਠੀ ਬਾਹਰ ਨਹੀਂ ਆ ਸਕਦਾ ਅਤੇ 21 ਦਿਨ ਪਾਠਾਂ ਦੀਆਂ ਲੜੀਆਂ ਚੱਲਦੀਆਂ ਹਨ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਸੰਗਤਾਂ ਨੂੰ ਪ੍ਰਵਚਨਾ ਦੀ ਵਰਖਾ ਕਰਦਿਆਂ ਆਖਿਆ ਕਿ ਪਰਮੇਸ਼ਵਰ ਦਾ ਨਾਮ ਜਪਣਾ ਬਹੁਤ ਔਖਾ ਹੈ ਅਤੇ ਜਿਨ੍ਹਾਂ ਨੂੰ ਨਾਮ ਦੀ ਭੁੱਖ ਹੁੰਦੀ ਹੈ ਉਨ੍ਹਾਂ ਦੀਆਂ ਸਾਰੀਆਂ ਭੁੱਖਾਂ ਮਿਟ ਜਾਂਦੀਆਂ ਹਨ। ਪਰਮੇਸ਼ਵਰ ਦਾ ਨਾਮ ਸਭ ਤੋਂ ਉੱਤਮ ਹੈ। ਪਰਮੇਸ਼ਵਰ ਦਾ ਨਾਮ ਕਿਸੇ ਵੀ ਜਗ੍ਹਾ 'ਤੇ ਜਪਿਆ ਜਾ ਸਕਦਾ ਹੈ। ਬਾਬਾ ਜੀ ਨੇ ਅੱਗੇ ਕਿਹਾ ਕੁਝ ਆਤਮਾ ਦਾ ਏਨਾ ਮਾੜਾ ਹਾਲ ਹੈ ਕਿ ਉਹ ਨਾਮ ਜੱਪਣ ਦੇ ਕਾਬਿਲ ਨਹੀਂ, ਉਹ ਸਿਰਫ ਦੁਨੀਆਵੀ ਪਦਾਰਥਾਂ ਨੂੰ ਹੀ ਪਿਆਰ ਕਰਦੇ ਹਨ, ਜਿਨ੍ਹਾਂ ਨੇ ਸਾਥ ਨਹੀਂ ਜਾਣਾ, ਸਿਰਫ ਤੇ ਸਿਰਫ ਨਾਮ ਹੀ ਤੁਹਾਡੇ ਨਾਲ ਜਾਣਾ ਹੈ। ਬਾਬਾ ਜੀ ਨੇ ਅੱਗੇ ਕਿਹਾ ਕਿ ਜਿਸ ਤਰ੍ਹਾਂ ਲੱਕੜ ਪਾਣੀ ਤੇ ਤਰ ਕੇ ਹਜ਼ਾਰਾਂ ਮੀਲ ਚਲੀ ਜਾਂਦੀ ਹੈ, ਉਸੇ ਤਰ੍ਹਾਂ ਲਾਮ ਜੱਪਣ ਵਾਲੇ ਵੀ ਲੱਕੜ ਵਾਂਗੂ ਤਰ ਜਾਂਦੇ ਹਨ। ਇਸ ਤਰ੍ਹਾਂ ਜਿਹੜੇ ਸਾਧੂ ਜਿਵੇਂ ਕਿ ਧੰਨ ਧੰਨ ਬਾਬਾ ਨੰਦ ਸਿੰਘ ਜੀ ਨੇ ਘੋਰ ਤਪੱਸਿਆ ਕੀਤੀ ਅਤੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਦੇ ਉਪਦੇਸ਼ਾਂ ਤੇ ਚੱਲ ਕੇ ਆਪਣਾ ਜੀਵਨ ਸਫਲ ਕੀਤਾ ਅਤੇ ਉਨ੍ਹਾਂ ਦੀ ਮਰਿਆਦਾ ਸ੍ਰੀ ਅਖੰਡ ਪਾਠ ਸਾਹਿਬ ਜੀ, ਤੁੱਕ ਤੁੱਕ ਮਹਾਂ ਸੰਪਟ, ਮਹਾਂ ਸੰਪਟ ਜਿਸ ਦਾ ਜਿਨ੍ਹਾਂ ਦਾ ਫਲ 100 ਗੁਣਾਂ ਵੱਧ ਹੁੰਦਾ ਹੈ। ਬਾਬਾ ਜੀ ਨੇ ਅੱਗੇ ਕਿਹਾ ਕਿ ਜੇਕਰ ਅਸੀਂ ਪਾਪੀ ਲੋਕਾਂ ਕੋਲ ਜਿਵੇਂ ਕਿ ਅਸੀਂ ਜੂਏ ਖੇਡਣ ਵਾਲਿਆਂ ਬੈਠਾ ਗਏ ਤਾਂ ਫੜ ਜਾਣ ਤੇ ਉਹ ਵੀ ਉਨ੍ਹੇ ਹੀ ਪਾਪੀ ਹਨ ਅਤੇ ਜੇਕਰ ਅਸੀਂ ਧੰਨ ਕਰਨ ਵਾਲੇ ਸੇਵਾ ਸਿਮਰਨ ਕਰਨ ਵਾਲੇ ਕੋਲ ਬੈਠਾ ਗਏ ਜਿਵੇਂ ਕਿ ਚੰਗੀਆਂ ਰਾਹਾਂ ਦੀ ਸਤਿਸੰਗ ਕਰਾਂਗੇ ਨਾਮ ਸਿਮਰਨ ਕਰਾਂਗੇ ਤਾਂ ਅਸੀਂ ਭਵ ਸਾਗਰ ਤੋਂ ਤਰ ਜਾਵਾਂਗੇ। ਇਸ ਲਈ ਹੇ ਮਨੁੱਖ ਵੱਧ ਤੋਂ ਵੱਧ ਨਾਮ ਸਿਮਰਨ ਕਰ, ਇਸੇ ਨੇ ਹੀ ਤੁਹਾਡਾ ਬੇੜਾ ਪਾਰ ਕਰਨਾ ਹੈ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜਸਵੀਰ ਸਿੰਘ ਜੱਸ ਵੀ ਹਾਜ਼ਰ ਸਨ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਭਾਈ ਮਰਦਾਨਾ ਜੀ ਯਾਦਗਾਰੀ ਹਾਲ ਲਈ 200 ਥਾਲ ਅਤੇ 202 ਗਲਾਸਾਂ ਦੀ ਸੇਵਾ ਸੇਖਵਾਂ ਤੇ ਕਾਲੜਾ ਵੱਲੋਂ ਕੀਤੀ ਗਈ



ਫਿਰੋਜ਼ਪੁਰ 19 ਜੁਲਾਈ (ਮਨਹੋਰ ਲਾਲ) :— ਭਾਈ ਮਰਦਾਨਾ ਜੀ ਯਾਦਗਾਰੀ ਹਾਲ ਲਈ 200 ਥਾਲ ਅਤੇ 202 ਗਲਾਸਾਂ ਦੀ ਸੇਵਾ ਸੇਖਵਾਂ ਤੇ ਕਾਲੜਾ ਜੀ ਵੱਲੋਂ ਕੀਤੀ ਗਈ। ਫਿਰੋਜ਼ਪੁਰ 19 ਜੁਲਾਈ ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਭਾਈ ਮਰਦਾਨਾ ਜੀ ਯਾਦਗਾਰੀ ਹਾਰ ਵਾਸਤੇ ਬਰਤਨਾਂ ਦੀ ਸੇਵਾ ਦੋ ਪਰਿਵਾਰਾਂ ਵੱਲੋਂ ਕੀਤੀ ਗਈ ਜਿਸ ਵਿੱਚ 200 ਥਾਲ ਦੀ ਸੇਵਾ ਸ੍ਰੀ ਮਹੰਤ ਰੇਸ਼ਮ ਸਿੰਘ ਜੀ ਸੇਖਵਾਂ ਵੱਲੋਂ ਕੀਤੀ ਗਈ ਅਤੇ 202 ਗਲਾਸਾਂ ਦੀ ਸੇਵਾ ਸੀਨੀਅਰ ਪੱਤਰਕਾਰ ਤੇ ਸਮਾਜ ਸੇਵੀ ਗੁਰਚਰਨ ਸਿੰਘ ਕਾਲੜਾ ਜੀ ਵੱਲੋਂ ਕੀਤੀ ਗਈ ਇਸ ਗੱਲ ਦੀ ਜਾਣਕਾਰੀ ਦਿੰਦੇ ਹੋਏ ਵਿਸ਼ਵ ਭਾਈ ਮਰਦਾਨਾ ਸੋਸਾਇਟੀ ਦੇ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਆਖਿਆ ਕਿ ਭਾਈ ਮਰਦਾਨਾ ਜੀ ਯਾਦਗਾਰੀ ਹਾਲ ਵਾਸਤੇ ਬਰਤਨਾਂ ਦੀ , ਕਰੋਕਰੀ ਦੇ ਸਮਾਨ ਦੀ ਅਤੇ ਟੈਂਟ ਦੇ ਸਮਾਨ ਦੀ ਪੂਰਤੀ ਲਈ ਵੱਖ ਵੱਖ ਸਮਾਜ ਸੇਵੀ ਸੱਜਣਾਂ ਨੂੰ ਮਿਲ ਕੇ ਬੇਨਤੀ ਕੀਤੀ ਗਈ ਜਿਸ ਦੀ ਸ਼ੁਰੂਆਤ ਸ਼੍ਰੀ ਮਹੰਤ ਰੇਸ਼ਮ ਸਿੰਘ ਜੀ ਸੇਖਵਾਂ ਵੱਲੋਂ ਅਤੇ ਸੀਨੀਅਰ ਪੱਤਰਕਾਰ ਗੁਰਚਰਨ ਸਿੰਘ ਕਾਲੜਾ ਜੀ ਵੱਲੋਂ ਕੀਤੀ ਗਈ ਸ੍ਰੀ ਮਹੰਤ ਰੇਸ਼ਮ ਸਿੰਘ ਜੀ ਸੇਖਵਾਂ ਨੂੰ ਅਸੀਂ ਬੇਨਤੀ ਕੀਤੀ ਸੀ ਕਿ ਸਾਡੇ ਹਾਲ ਵਾਸਤੇ ਥਾਲ ਚਾਹੀਦੇ ਨੇ ਤਾਂ ਜੋ ਖੁਸ਼ੀ ਗਮੀ ਦੇ ਪ੍ਰੋਗਰਾਮ ਜੋ ਹੁੰਦੇ ਹਨ ਉਹਨਾਂ ਵਿੱਚ ਸਾਨੂੰ ਬਾਹਰੋਂ ਕਿਤੋਂ ਟੈਂਟ ਤੋਂ ਮੰਗਵਾਉਣ ਦੀ ਲੋੜ ਨਾ ਪਵੇ ਉਹਨਾਂ ਨੇ ਬੇਨਤੀ ਪ੍ਰਵਾਨ ਕਰਦੇ ਹੋਏ 200 ਸਾਲ ਦੀ ਸੇਵਾ ਭੇਜੀ ਉਸ ਤੋਂ ਬਾਅਦ ਸੀਨੀਅਰ ਪੱਤਰਕਾਰ ਅਤੇ ਸਮਾਜ ਸੇਵੀ ਗੁਰਚਰਨ ਸਿੰਘ ਕਾਲੜਾ ਜੀ ਵੱਲੋਂ 202 ਗਲਾਸਾਂ ਦੀ ਸੇਵਾ ਭੇਜੀ ਗਈ ਅਤੇ ਉਹਨਾਂ ਨੂੰ ਸਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ ਗਿਆ ਇਸ ਤੋਂ ਬਾਅਦ ਬਲਕਾਰ ਸਿੰਘ ਜੀ ਖਾਲਸਾ ਖਾਲਸਾ ਟੈਕਸ ਸਟਾਈਲ ਵਾਲਿਆਂ ਵੱਲੋਂ 300 ਚਮਚਿਆਂ ਦੀ ਸੇਵਾ ਅਤੇ ਬੀਬੀ ਜੈਪ੍ਰੀਤ ਕੌਰ ਜੀ ਦੇ ਪਰਿਵਾਰ ਵੱਲੋਂ ਵੀ ਬਰਤਨਾਂ ਦੀ ਸੇਵਾ ਕੀਤੀ ਗਈ। ਸੁਸਾਇਟੀ ਨੂੰ ਹਾਲ ਦੇ ਲਈ 20 ਮੇਜਾਂ 100 ਕੁਰਸੀਆਂ ਕਰੋਕਰੀ ਦੇ ਸਮਾਨ ਲਈ ਡੂੰਘੇ ਆਦੀ ਦੀ ਲੋੜ ਹੈ ਜਿਸ ਨੂੰ ਅਸੀਂ ਸਹਿਯੋਗੀ ਸੱਜਣਾਂ ਦੇ ਸਹਿਯੋਗ ਨਾਲ ਅਗਸਤ ਮਹੀਨੇ ਤੱਕ ਪੂਰਾ ਕਰ ਲਿਆ ਜਾਵੇਗਾ ਇਸ ਮੌਕੇ ਦਰਸ਼ਨ ਲਾਲ ਜੀ ਹੀਰਾ ਹਰਜੀਤ ਸਿੰਘ ਜੀ ਧਾਲੀਵਾਲ ਇੰਦਰਪਾਲ ਸਿੰਘ ਪ੍ਰਿੰਸ ਬਾਬਾ ਸਰੂਪ ਸਿੰਘ ਜੀ ਰਜੇਸ਼ ਕੁਮਾਰ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਥਾਨਕ ਵਿਦਿਆਰਥੀਆਂ ਲਈ ਵੱਡੀ ਰਾਹਤ, ਹੁਣ ਫਿਰੋਜ਼ਪੁਰ ਵਿੱਚ ਹੀ ਮਿਲੇਗਾ ਬੀ. ਏ. ਕੰਪਿਊਟਰ ਸਾਇੰਸ ਕੋਰਸ

ਫਿਰੋਜ਼ਪੁਰ 19 ਜੁਲਾਈ (ਮਨਹੋਰ ਲਾਲ) :— ਮੋਗਾ ਰੋਡ ਸਥਿਤ ਫਿਰੋਜ਼ਸ਼ਾਹ ਵਿੱਚ ਫਿਰੋਜ਼ਪੁਰ ਕਾਲਜ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ ਨੇ ਸਿੱਖਿਆ ਦੇ ਖੇਤਰ ਵਿੱਚ ਇਕ ਹੋਰ ਮਹੱਤਵਪੂਰਨ ਪ੍ਰਾਪਤੀ ਦਰਜ ਕੀਤੀ ਹੈ। ਕਾਲਜ ਕਮੇਟੀ ਵੱਲੋਂ ਜਾਣਕਾਰੀ ਦਿੱਤੀ ਗਈ ਕਿ ਹੁਣ ਇਸ ਸੰਸਥਾ ਵਿੱਚ ਬੀ ਏ। ਕੰਪਿਊਟਰ ਸਾਇੰਸ ਕੋਰਸ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ ਅਤੇ ਦਾਖਲਾ ਪ੍ਰਕਿਰਿਆ ਵੀ ਚਲ ਰਹੀ ਹੈ। ਕਾਲਜ ਦੇ ਚੇਅਰਮੈਨ ਸ੍ਰੀ ਹੀਰਾ ਲਾਲ ਸ਼ਰਮਾ ਨੇ ਇਸਨੂੰ ਫਿਰੋਜ਼ਪੁਰ ਖੇਤਰ ਲਈ ਮਾਣ ਵਾਲੀ ਗੱਲ ਦੱਸਿਆ। ਉਨ੍ਹਾਂ ਕਿਹਾ ਕਿ ਹੁਣ ਸਥਾਨਕ ਵਿਦਿਆਰਥੀਆਂ ਨੂੰ ਕੰਪਿਊਟਰ ਸਾਇੰਸ ਵਰਗੇ ਆਧੁਨਿਕ ਅਤੇ ਕਰੀਅਰ ਉ??ਖ ਕੋਰਸ ਲਈ ਬਾਹਰ ਜਾਣ ਦੀ ਲੋੜ ਨਹੀਂ ਪਏਗੀ। ਉਨ੍ਹਾਂ ਦੱਸਿਆ ਕਿ ਕਾਲਜ ਵਿੱਚ ਪਹਿਲਾਂ ਹੀ ਬੀ.ਸੀ.ਏ., ਬੀ.ਕਾਮ, ਬੀ.ਐਸ.ਸੀ. ਆਈ.ਟੀ., ਐਮ.ਕਾਮ., ਪੀ.ਜੀ.ਡੀ.ਸੀ.ਏ ਅਤੇ ਆਈ.ਟੀ.ਆਈ ਦੇ ਤਹਿਤ ਇਲੈਕਟਰੀਸ਼ੀਅਨ, ਕੋਪਾ, ਵੈਲਡਰ, ਡੀਜ਼ਲ ਮਕੈਨਿਕ ਵਰਗੇ ਕੋਰਸ ਸਫਲਤਾਪੂਰਵਕ ਚਲ ਰਹੇ ਹਨ, ਜਿਨ੍ਹਾਂ ਵਿੱਚ ਵਿਦਿਆਰਥੀਆਂ ਵੱਲੋਂ ਉਤਸ਼ਾਹਪੂਰਕ ਭਾਗੀਦਾਰੀ ਕੀਤੀ ਜਾ ਰਹੀ ਹੈ। ਕਾਲਜ ਦੇ ਸਚਿਵ ਸ੍ਰੀ ਸ਼ਿਵਮ ਸ਼ਰਮਾ ਨੇ ਦੱਸਿਆ ਕਿ ਬੀ.ਏ. ਕੰਪਿਊਟਰ ਸਾਇੰਸ ਕੋਰਸ ਸ਼ੁਰੂ ਕਰਨ ਦਾ ਮਕਸਦ ਵਿਦਿਆਰਥੀਆਂ ਨੂੰ ਤਕਨੀਕੀ ਰੂਪ ਵਿੱਚ ਮਜ਼ਬੂਤ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਇਹ ਕੋਰਸ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਸਾਫਟਵੇਅਰ ਡਿਵੈਲਪਮੈਂਟ, ਡਾਟਾ ਐਨਾਲਿਸਿਸ, ਵੈੱਬ ਡਿਜ਼ਾਇਨਿੰਗ ਵਰਗੇ ਆਧੁਨਿਕ ਖੇਤਰਾਂ ਵਿੱਚ ਕਰੀਅਰ ਬਣਾਉਣ ਦਾ ਮੌਕਾ ਦੇਵੇਗਾ। ਕਾਲਜ ਵਿੱਚ ਅਨੁਭਵੀ ਸਟਾਫ ਅਤੇ ਆਧੁਨਿਕ ਕੰਪਿਊਟਰ ਲੈਬਜ਼ ਦੀ ਵੀ ਸਹੂਲਤ ਉਪਲਬਧ ਹੈ, ਜਿਸ ਨਾਲ ਵਿਦਿਆਰਥੀਆਂ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਮਿਲੇਗੀ। ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਫਿਰੋਜ਼ਪੁਰ ਅਤੇ ਆਸ ?ਪਾਸ ਦੇ ਖੇਤਰ ਵਿੱਚ ਹੁਣ ਤੱਕ ਇਹ ਕੋਰਸ ਉਪਲਬਧ ਨਹੀਂ ਸੀ, ਜਿਸਨੂੰ ਸ਼ੁਰੂ ਕਰਕੇ ਕਾਲਜ ਨੇ ਸਿੱਖਿਆ ਜਗਤ ਵਿੱਚ ਇਕ ਨਵਾਂ ਮੀਲ ਦਾ ਪੱਥਰ ਸਥਾਪਤ ਕੀਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV





ਤਾਂਬੇ, ਚਾਂਦੀ ਅਤੇ ਸੋਨੇ ਦੇ ਬਣੇ ਅਸਲੀ ਸਿੱਖ ਸਿੱਕਿਆਂ ਨੂੰ ਡੂੰਘਾਈ ਨਾਲ ਖੋਜੇ ਗਏ

# ਪੈਨਲ ਅਤੇ ਡਿਸਪਲੇ ਬੋਰਡਾਂ ਨਾਲ ਪ੍ਰਦਰਸ਼ਿਤ ਕੀਤਾ ਗਿਆ











ਮਹਾਰਾਜਾ ਦਲੀਪ ਸਿੰਘ, ਸਿੱਖ ਸਾਮਰਾਜ ਦੇ ਆਖਰੀ ਸ਼ਾਸਕ ਸੀ। ਉਹਨਾਂ ਨੂੰ ਬਹੁਤ ਛੋਟੀ ਉਮਰ ਵਿੱਚ ਹੀ ਬ੍ਰਿਟਿਸ਼ ਦੁਆਰਾ ਦੇਸ਼ ਨਿਕਾਲਾ ਦੇ ਕੇ ਇੰਗਲੈਂਡ ਭੇਜ ਦਿੱਤਾ ਗਿਆ ਸੀ। ਅਤੇ ਆਪ ਇੰਗਲੈਂਡ ਦੇ ਇੱਕ ਸ਼ਹਿਰ ਥੈਟਫੋਰਡ ਦੇ ਨੇੜੇ ਐਲਵੇਡਨ ਹਾਲ (Elveden Hall) ਵਿਖੇ ਰਹੇ। ਮਹਾਰਾਜੇ ਦਾ ਥੈਟਫੋਰਡ ਨਾਲ ਸਬੰਧ ਬਰਤਾਨੀਆ ਦੇ ਸਿੱਖ ਭਾਈਚਾਰੇ ਅਤੇ ਪੰਜਾਬੀ ਸੈਲਾਨੀਆਂ ਲਈ ਮਹੱਤਵਪੂਰਨ ਹੈ। ਹਰ ਸਾਲ ਥੈਟਫੋਰਡ ਕੌਂਸਲ ਦੁਆਰਾ ਉਹਨਾਂ ਦੀ ਯਾਦ ਨੂੰ ਸਮਰਪਿਤ ਮਹਾਰਾਜਾ ਦਲੀਪ ਸਿੰਘ ਯਾਦਗਾਰੀ ਮੇਲਾ ਮਨਾਇਆ ਜਾਂਦਾ ਹੈ। ਇਸ ਸਾਲ ਵੀ ਮਹਾਰਾਜੇ ਦੀ ਯਾਦ ਵਿੱਚ ਇੱਕ ਸ਼ਾਨਦਾਰ ਮੇਲੇ ਦਾ ਆਯੋਜਨ ਕੀਤਾ ਗਿਆ ਸੀ। ਜਿਸ ਵਿੱਚ ਸਿੱਖ, ਪੰਜਾਬੀ ਅਤੇ ਮੇਜ਼ਬਾਨ ਬ੍ਰਿਟਿਸ਼ ਭਾਈਚਾਰੇ ਦੇ ਹਜ਼ਾਰਾਂ ਲੋਕਾਂ ਨੇ ਹਾਜ਼ਰੀ ਭਰੀ, ਅਤੇ ਗਰਮ ਜੋਸ਼ੀ ਨਾਲ ਹਿੱਸਾ ਲਿਆ। ਉੱਥੇ ਹੀ ਊਂਹਨਾ ਨੇ ਭਾਰਤੀ ਕਲਾ, ਪੰਜਾਬੀ ਸੰਗੀਤ, ਅਤੇ ਭਾਰਤੀ ਪਕਵਾਨਾ ਦਾ ਆਨੰਦ ਮਾਣਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਗਲੋਬਲ ਸਿੱਖ ਵਿਜ਼ਨ, ਲੰਡਨ (ਗੈਰ-ਮੁਨਾਫ਼ਾ ਗੁਰਸਿੱਖ ਚੈਰਿਟੀ) ਦੁਆਰਾ ਤਿਆਰ ਕੀਤੀ ਗਈ "ਸਰਕਾਰ ਏ ਖਾਲਸਾ ਦੇ ਨਾਨਕਸ਼ਾਹੀ ਅਤੇ ਗੋਬਿੰਦਸ਼ਾਹੀ ਸਿੱਕੇ" ਪ੍ਰਦਰਸ਼ਨੀ ਨੂੰ ਵੱਡੀ ਮੰਗ ਤੇ ਇੰਗਲੈਂਡ ਦੇ ਥੇਟਫੋਰਡ ਸ਼ਹਿਰ ਵਿਖੇ ਮਹਾਰਾਜਾ ਦਲੀਪ ਸਿੰਘ ਮੇਲੇ ਵਿਖੇ ਪ੍ਰਦਰਸ਼ਿਤ ਕੀਤਾ ਗਿਆ। ਇਥੇ 1469 ਤੋਂ 1849 ਤੱਕ ਦੇ ਤਾਂਬੇ, ਚਾਂਦੀ ਅਤੇ ਸੋਨੇ ਦੇ ਬਣੇ ਅਸਲੀ ਸਿੱਖ ਸਿੱਕਿਆਂ ਨੂ ਡੂੰਘਾਈ ਨਾਲ ਖੋਜੇ ਗਏ ਪੈਨਲ ਅਤੇ ਡਿਸਪਲੇ ਬੋਰਡਾਂ ਨਾਲ ਪ੍ਰਦਰਸ਼ਿਤ ਕੀਤਾ ਗਿਆ। ਸਿੱਕਿਆਂ ਦੇ ਪ੍ਰਦਰਸ਼ਨ ਦੀਆਂ ਸ਼੍ਰੇਣੀਆਂ ਹੇਠ ਲਿਖੇ ਅਨੁਸਾਰ ਹਨ:

ਸਿੱਖ ਗੁਰੂ ਸਾਹਿਬਾਨ ਦਾ ਸਮਾਂ (1469-1708)
ਪਹਿਲਾ ਸਿੱਖ ਰਾਜ (1710-1716)
ਸਿੱਖ ਮਿਸਲਾ ਦਾ ਸਮਾਂ (1716-1783)
ਸਿੱਖ ਯੋਧੇ ਅਤੇ ਗਵਰਨਰ (1710-1849)
ਮਹਾਨ ਸਿੱਖ ਰਾਜ ਦੀ ਚੜ੍ਹਤ (1799-1849)
ਸਰਕਾਰ ਏ ਖਾਲਸਾ ਅਤੇ ਦਰਬਾਰ ਏ ਖਾਲਸਾ (ਇੱਕ ਝਲਕ)
ਮਹਾਰਾਜਾ ਦਲੀਪ ਸਿੰਘ (1838-1893)
ਪੰਜਾਬ ਬ੍ਰਿਟਿਸ਼ ਪ੍ਰਸ਼ਾਸਨ ਅਧੀਨ (1849-1947)

ਇਸ ਪ੍ਰਦਰਸ਼ਨੀ ਨੂ ਹਜ਼ਾਰਾਂ ਦੀ ਗਿਣਤੀ ਵਿੱਚ ਹਾਜ਼ਰੀਨ ਨੇ ਸ਼ਿਰਕਤ ਕਰ ਕੇ ਦੁਰਲਭ ਸੰਗ੍ਰਹਿ ਦਾ ਨਿਘਾ ਆਨੰਦ ਮਾਣਿਆ। ਜ਼ਿਕਰ ਯੋਗ ਹੈ, ਕਿ ਇਹ ਇਹ ਇੱਕ ਤਰ੍ਹਾਂ ਦੀ ਵਿਲੱਖਣ ਨੁਮਾਯਿਸ਼ ਹੈ। ਜਿਸਨੂੰ ਸਾਡੀ ਬਹੁਤ ਹੀ ਸਤਕਾਰਿਤ ਹਸਤੀ ਅਤੇ ਇਸ ਸੰਸਥਾ ਗਲੋਬਲ ਸਿੱਖ ਵਿਜ਼ਨ ਦੇ ਸਰਪ੍ਰਸਤ ਭਾਈ ਸਾਹਿਬ ਡਾ. ਮਹਿੰਦਰ ਸਿੰਘ ਜੀ (OBE, KSG), (ਨਿਸ਼ਕਾਮ ਵਾਲੀਆ) ਦੀ ਸੂਝਵਾਨ ਅਗਵਾਈ ਅਤੇ ਦੂਰ ਦ੍ਰਿਸ਼ਟੀ ਵਾਲੇ ਵਿਜ਼ਨ ਹੇਠ, ਡੂੰਘੀ ਖੋਜ ਦੁਆਰਾ ਧਿਆਨ ਨਾਲ ਤਿਆਰ ਕੀਤਾ ਗਿਆ ਹੈ। ਗਲੋਬਲ ਸਿੱਖ ਵਿਜ਼ਨ ਦੀ ਸਾਰਿਆ ਪ੍ਰਦਰਸ਼ਨੀਆਂ ਦਾ ਆਯੋਜਨ ਦੇਸ਼ਾ ਵਿਦੇਸ਼ਾ ਵਿੱਚ "ਸਭ ਦਾ ਸਵਾਗਤ, ਦਾਖਲਾ ਮੁਫ਼ਤ" ਆਧਾਰ ਤੇ ਕੀਤਾ ਜਾਦਾ ਹੈ। ਗਿਯਾਤ ਰਾਹੇ ਕਿ ਇਸ ਪ੍ਰਦਰਸ਼ਨੀ ਨੂੰ ਬ੍ਰਿਟਿਸ਼ ਸੰਸਦ, ਲੰਡਨ ਵਿਖੇ ਡਬਲ ਗੋਲਡ ਮੈਡਲ ਇੰਟਰਨੈਸ਼ਨਲ ਐਕਸੀਲੈਂਸ ਅਵਾਰਡਾਂ ਦੇ ਨਾਲ ਵੀ ਸਨਮਾਨਿਤ ਕੀਤਾ ਗਿਆ ਹੈ।

ਇਹ ਸੰਸਥਾ ਦੇ ਪ੍ਰੋਮੋਸ਼ਨ ਡਾਇਰੈਕਟਰ, ਸਰਦਾਰ ਗੁਰਵਿੰਦਰ ਸਿੰਘ ਛਾਬੜਾ ਨੇ ਦੱਸਿਆ ਕਿ ਦੁਨੀਆ ਭਰ ਵਿੱਚ ਸਿੱਖ ਮੁਦਰਾ ਹੀ ਇੱਕੋ ਇੱਕ ਵਾਹਿਦ ਕਰੰਸੀ ਹੈ, ਜਿਸਨੂੰ ਗੁਰੂ ਸਾਹਿਬਾਨਾ ਦੇ ਨਾਮ ਤੇ ਸਪੱਸ਼ਟ ਤੌਰ ਤੇ ਜਾਰੀ ਕੀਤਾ ਗਿਆ। ਅਤੇ ਇਹ ਵਿਸ਼ੇਸ਼ਤਾ ਵਿਸ਼ਵ ਮੁਦਰਾ ਇਤਿਹਾਸ ਵਿੱਚ ਸਿੱਖ ਮੁਦਰਾ ਅਤੇ ਸਿੱਕਿਆ ਨੂੰ ਬਹੁਤ ਹੀ ਵਿਲੱਖਣ ਅਤੇ ਉੱਚੇ ਦਰਜ਼ੇ ਦਾ ਮਾਣ ਦਿਵਾਉਂਦੀਆ ਹਨ। ਇਸ ਲਈ, ਇਹ ਬਹੁਤ ਜ਼ਰੂਰੀ ਹੈ ਕਿ ਸਾਡੀਆਂ ਨੌਜਵਾਨ ਪੀੜ੍ਹੀਆਂ ਨੂੰ ਸਿੱਖ ਇਤਿਹਾਸ ਦੀ ਸ਼ਾਨਦਾਰ ਵਿਰਾਸਤ ਬਾਰੇ ਸਹੀ, ਅਤੇ ਅਰਥਪੂਰਨ ਜਾਣਕਾਰੀ ਬਾਰੇ ਪਤਾ ਹੋਣਾ ਚਾਹੀਦਾ ਹੈ। ਇਹ ਹੀ ਗਲੋਬਲ ਸਿੱਖ ਵਿਜ਼ਨ ਲੰਡਨ ਰਚਨਾਤਮਕ ਨਿਮਰ ਉਪਰਾਲਾ ਹੈ ।ਮੀਡੀਆ ਡਾਇਰੈਕਟਰ ਸਿਮਰਨ ਸਿੰਘ ਨੇ ਕਿਹਾ ਕਿ ਅਸੀਂ ਹਮੇਸ਼ਾ ਫੋਟੋਗ੍ਰਾਫੀ ਅਤੇ ਵੀਡੀਓਗ੍ਰਾਫੀ ਕਰਨ ਦੀ ਪੂਰੀ ਇਜਾਜ਼ਤ ਦਿੰਦੇ ਹਾਂ। ਅਤੇ ਦਰਸ਼ਕਾਂ ਨੂੰ ਸੋਸ਼ਲ ਮੀਡੀਆ ਤੇ ਮਾਣ ਨਾਲ ਸ਼ੇਅਰ ਕਰਨ ਲਈ ਵੀ ਉਤਸ਼ਾਹਿਤ ਕਰਦੇ ਹਾਂ। ਤਾਂ ਜੋ ਸਾਡਾ ਇਹ ਨਿਮਾਣਾ ਜੇਹਾ ਯਤਨ ਅਤੇ ਸੁਨੇਹਾ ਵੀਡੀਓ ਫੁਟੇਜ ਰਾਹੀ ਵਿਸ਼ਵ ਵਿਆਪੀ ਦਰਸ਼ਕਾਂ ਅਤੇ ਸਿੱਖ ਸੰਗਤਾ ਤੱਕ ਪਹੁੰਚ ਸਕੇ। ਤਾਂਕਿ ਸੰਗਤ ਦੀ ਵੱਡੀ ਗਿਣਤੀ ਸਾਡੇ ਮਹਾਨ ਵਿਰਸੇ ਦੇ ਸ਼ਾਨਦਾਰ ਇਤਿਹਾਸ ਤੋਂ ਜਾਣੂ ਹੋ ਸਕੇ। ਇਹੀ ਸਾਡਾ ਮਨੋਰਥ ਅਤੇ ਉਦੇਸ਼ ਹੈ ਜੀ।

ਇਹ ਯਾਦਗਾਰੀ ਮੇਲਾ ਇਤਿਹਾਸਕ, ਸੱਭਿਆਚਾਰਕ ਅਤੇ ਭਾਈਚਾਰਕ ਏਕਤਾ ਦਾ ਸ਼ਾਨਦਾਰ ਅਤੇ ਸਫਲ ਸਮਾਗਮ ਸੀ।

**-ਕੋਹਲੀ ਰਵਿੰਦਰ ਪਾਲ ਸਿੰਘ**
**(ਖਾਦਿਮ ਸੇਵਾਦਾਰ) ਗਲੋਬਲ ਸਿੱਖ ਵਿਜ਼ਨ, ਲੰਡਨ**
**13gsv13@gmail.com**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸੰਤ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸੈਕਡਰੀ ਸਕੂਲ ਵਿੱਚ ਕਵਿਜ਼ ਮੁਕਾਬਲੇ ਕਰਵਾਏ ਗਏ



**ਫਿਰੋਜ਼ਪੁਰ 19 ਜੁਲਾਈ (ਮਨਹੋਰ ਲਾਲ) :—** ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਮੈਮੋਰੀਅਲ ਸੀਨੀਅਰ ਸੈਕੈਂਡਰੀ ਸਕੂਲ ਵਿੱਚ ਇੰਟਰ ਹਾਊਸ ਕਵਿਜ਼ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਸਾਰੇ ਹਾਊਸਾਂ ਦੇ ਤਿੰਨ ਤਿੰਨ ਵਿਦਿਆਰਥੀਆਂ ਨੇ ਭਾਗ ਲਿਆ ਇਨਾ ਮੁਕਾਬਲਾ ਵਿੱਚ ਏ ਹਾਊਸ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਬੀ ਹਾਊਸ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ ਅਤੇ ਸੀ ਹਾਊਸ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ ਇਸ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਅਤੇ ਭਾਈ ਵੀਰਪਾਲ ਸਿੰਘ ਵੱਲੋਂ ਸਨਮਾਨਿਤ ਕੀਤਾ ਗਿਆ ਅਤੇ ਏ ਹਾਊਸ ਅਧਿਆਪਕ ਸਾਹਿਬਾਨਾਂ ਅਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

# ਸੂਬਾ ਸਰਕਾਰ ਵਲੋਂ ਬਣਾਏ ਬੇਅਦਬੀ ਵਿਰੋਧੀ ਕਾਨੂੰਨ ਦਾ ਸਿੱਖ ਸਟੂਡੈਂਟ ਫੈਡਰੇਸ਼ਨ ਵਲੋਂ ਭਰਵਾਂ ਸਵਾਗਤ : ਭਾਈ ਕੁਲਦੀਪ ਸਿੰਘ ਨੰਢਾ



ਫਿਰੋਜ਼ਪੁਰ 19 ਜੁਲਾਈ (ਮਨਹੋਰ ਲਾਲ) :— ਪੰਜਾਬ ਸਰਕਾਰ ਵਲੋਂ ਧਾਰਮਿਕ ਬੇਅਦਬੀ ਦੇ ਦੋਸ਼ੀਆਂ ਨੂੰ ਸਖਤ ਸਜਾਵਾਂ ਦੇਣ ਲਈ ਬਣਾਏ ਕਾਨੂੰਨ ਦਾ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦੇ ਸਮੂਹ ਵਰਕਰਾਂ ਨੇ ਭਰਵਾਂ ਸਵਾਗਤ ਕੀਤਾ ਹੈ। ਇਸ ਸੰਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਈ ਕੁਲਦੀਪ ਸਿੰਘ ਨੰਡਾ, ਸ਼ਹਿਰੀ ਪ੍ਰਧਾਨ ਸਿੱਖ ਸਟੂਡੈਂਟ ਫੈਡਰੇਸ਼ਨ ਮਹਿਤਾ ਨੇ ਦੱਸਿਆ ਕਿ ਪਿਛਲੇ ਕਈ ਸਾਲਾਂ ਤੋਂ ਪੰਜਾਬ ਦੇ ਵੱਖ ਵੱਖ ਕੋਨਿਆਂ ਵਿਚ ਧਾਰਮਿਕ ਗ੍ਰੰਥਾਂ ਦੀ ਸ਼ਰੇਆਮ ਬੇਅਦਬੀ ਹੁੰਦੀ ਆਈ ਹੈ। ਪਿਛਲੀਆਂ ਸਰਕਾਰਾਂ ਤੋਂ ਇਲਾਵਾ ਮੌਜੂਦਾ ਸਰਕਾਰ ਦੇ ਸ਼ਾਸਨ ਕਾਲ ਵਿਚ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਤੋਂ ਇਲਾਵਾ ਦੂਜੇ ਧਰਮਾਂ ਦੇ ਧਾਰਮਿਕ ਚਿੰਨ੍ਹਾਂ ਦੀ ਬੇਅਦਬੀ ਦੇ ਵੀ ਕਈ ਕੇਸ ਸਾਹਮਣੇ ਆਉਂਦੇ ਰਹੇ ਹਨ ਜਿਸ ਕਰਕੇ ਧਾਰਮਿਕ ਆਸਥਾ ਵਾਲੀਆਂ ਸੰਗਤਾਂ ਦੀਆਂ ਭਾਵਨਾਵਾਵਾਂ ਨੂੰ ਡੂੰਘੀ ਸੱਟ ਵੱਜਦੀ ਰਹੀ ਹੈ। ਇਸ ਨਾਲ ਆਪਸੀ ਭਾਈਚਾਰਕ ਸਾਂਝ ਵੀ ਟੁੱਟਣ ਦਾ ਖਦਸ਼ਾ ਬਣਿਆ ਰਹਿੰਦਾ ਸੀ। ਉਮੀਦ ਹੈ ਕਿ ਧਾਰਮਿਕ ਬੇਅਦਬੀ ਵਿਰੋਧੀ ਕਾਨੂੰਨ ਦੇ ਬਣਨ ਨਾਲ ਭੜਕਾਊ ਅਨਸਰਾਂ ਦੇ ਹੌਂਸਲੇ ਪਸਤ ਹੋਣਗੇ ਅਤੇ ਸਮਾਜਿਕ ਸਾਂਝੀਵਾਲਤਾ ਨੂੰ ਹੋਰ ਬਲ ਮਿਲੇਗਾ। ਇਸ ਮੌਕੇ ਭਾਈ ਨੰਢਾ ਨਾਲ ਫੈਡਰੇਸ਼ਨ ਦੇ ਸਮੂਹ ਵਰਕਰ ਵੀ ਵੱਡੀ ਗਿਣਤੀ ਵਿਚ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੇ ਕੰਮਾਂ ਦੀ ਹੋ ਰਹੀ ਹੈ ਸ਼ਲਾਘਾ : ਸਰਪੰਚ ਲਖਵਿੰਦਰ ਸਿੰਘ ਉਸਮਾ, ਪ੍ਰਧਾਨ ਗੁਰਜਿੰਦਰ ਸਿੰਘ ਕੁਹਾਟਵਿੰਡ







**ਚੌਕ ਮਹਿਤਾ, 19 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ. ਓ. ਵੱਲੋਂ ਬਤੌਰ ਬਿਜਲੀ ਅਤੇ ਪੀ.ਡਬਲਯੂ.ਡੀ. ਮੰਤਰੀ ਵਜੋਂ ਕੀਤੇ ਜਾ ਰਹੇ ਕੰਮਾਂ ਦੀ ਹਰ ਪਾਸੇ ਸ਼ਲਾਘਾ ਹੋ ਰਹੀ ਹੈ। ਸੂਬੇ ਅੰਦਰ 600 ਯੂਨਿਟ ਘਰੇਲੂ ਬਿਜਲੀ ਮੁਫਤ ਦੇ ਕੇ, ਪੁਰਾਣੇ ਬਕਾਇਆ ਬਿੱਲ ਮੁਆਫ ਕਰ ਕੇ ਤੇ ਪ੍ਰਾਈਵੇਟ ਥਰਮਲ ਪਲਾਂਟ ਖ੍ਰੀਦ ਕੇ ਵੀ ਬਿਜਲੀ ਮਹਿਕਮਾ ਵੱਧ ਮੁਨਾਫੇ ਜਾ ਰਿਹਾ ਹੈ, ਜਿਸ ਦਾ ਸਿਹਰਾ ਬਿਜਲੀ ਮੰਤਰੀ ਈ. ਟੀ. ਓ. ਨੂੰ ਜਾਂਦਾ ਹੈ, ਜਿਨਾਂ ਨੇ ਵਿੱਤੀ ਸਾਲ 2024-25 ਦੌਰਾਨ ਬਿਜਲੀ ਦੀ ਸਭ ਤੋਂ ਵੱਧ ਮੰਗ 16058 ਮੈਗਾਵਾਟ ਨੂੰ ਪੂਰਾ ਕੀਤਾ ਗਿਆ, ਜੋ ਕਿ ਪਿਛਲੇ ਵਿੱਤੀ ਸਾਲ ਨਾਲੋਂ 5 ਫੀਸਦੀ ਵੱਧ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਲੀਡਲ ਸਰਪੰਚ ਲਖਵਿੰਦਰ ਸਿੰਘ ਉਸਮਾ, ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਲੀਡਰ ਬਲਾਕ ਪ੍ਰਧਾਨ ਗੁਰਜਿੰਦਰ ਸਿੰਘ ਕੁਹਾਟਵਿੰਡ ਨੇ ਕਰਦਿਆਂ ਕਿਹਾ ਕਿ ਬਿਜਲੀ ਮੰਤਰੀ ਈ.ਟੀ. ਓ. ਦੀ ਅਗਵਾਈ 'ਚ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਨੇ 19 ਜਨਵਰੀ, 2025 ਤੱਕ 66914 ਮਿਲੀਅਨ ਯੂਨਿਟਾਂ ਦੀ ਰਿਕਾਰਡ ਬਿਜਲੀ ਸਪਲਾਈ ਕੀਤੀ ਹੈ, ਜੋ ਪਿਛਲੇ ਸਾਲ ਦੀ ਇਸੇ ਮਿਆਦ ਦੇ ਮੁਕਾਬਲੇ 13 ਫੀਸਦੀ ਵੱਧ ਹੈ। ਇਸਦੇ ਨਾਲ ਹੀ ਉਨ੍ਹਾਂ ਦੇ ਅਧੀਨ ਆਉਂਦੇ ਪੀ.ਡਬਲਯੂ.ਡੀ. ਮਹਿਕਮੇ ਵੱਲੋਂ ਨਿਆਂਪਾਲਿਕਾ, ਉਚੇਰੀ ਸਿੱਖਿਆ, ਸਕੂਲ ਸਿੱਖਿਆ, ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ, ਮੈਡੀਕਲ ਸਿੱਖਿਆ ਤੇ ਖੋਜ, ਮਾਲ, ਖੇਡਾਂ, ਟਰਾਂਸਪੋਰਟ ਤੇ ਸ਼ਹਿਰੀ ਹਵਾਬਾਜੀ ਆਦਿ ਸਮੇਤ ਵੱਖ-ਵੱਖ ਵਿਭਾਗਾਂ ਦੀਆਂ ਸਰਕਾਰੀ ਇਮਾਰਤਾਂ ਦੀ ਉਸਾਰੀ ਤੋਂ ਇਲਾਵਾ ਵੱਡੇ ਪੱਧਰ 'ਤੇ ਨਵੀਆਂ ਤੇ ਚੌੜੀਆਂ ਸੜਕਾਂ ਦਾ ਨਿਰਮਾਣ ਕੀਤੇ ਜਾਣਾ ਬਹੁਤ ਸ਼ਲਾਘਾਯੋਗ ਕਾਰਜ ਹੈ।

ਹੁਣ ਤੱਕ ਹੋਇਆ ਵਿਕਾਸ ਤਾਂ ਮਹਿਜ ਟਰੇਲਰ

# ਅਗਲੇ ਡੇਢ ਸਾਲ ਵਿੱਚ ਰਿਕਾਰਡ ਤੋੜ ਵਿਕਾਸ ਹੋਵੇਗਾ - ਅਮਨ ਅਰੋੜਾ



**ਸੁਨਾਮ ਊਧਮ ਸਿੰਘ ਵਾਲਾ, ਲੌਂਗੋਵਾਲ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਕਿਹਾ ਹੈ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਪਿਛਲੇ ਕਰੀਬ ਸਾਢੇ ਤਿੰਨ ਸਾਲ ਵਿੱਚ ਕਰਵਾਇਆ ਗਿਆ ਵਿਕਾਸ ਤਾਂ ਮਹਿਜ਼ ਟਰੇਲਰ ਹੈ।ਅਗਲੇ ਡੇਢ ਸਾਲ ਵਿੱਚ ਸੂਬੇ ਦਾ ਰਿਕਾਰਡ ਤੋੜ ਸਰਬਪੱਖੀ ਵਿਕਾਸ ਹੋਵੇਗਾ। ਉਹ ਅੱਜ ਵਿਧਾਨ ਸਭਾ ਹਲਕਾ ਸੁਨਾਮ ਦੇ 17 ਪਿੰਡਾਂ ਵਿੱਚ ਵੱਖ ਵੱਖ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖਣ ਦੇ ਨਾਲ ਨਾਲ ਵਿਕਾਸ ਕਾਰਜਾਂ ਲਈ ਚੈੱਕ ਵੰਡ ਰਹੇ ਸਨ।ਵੱਖ ਵੱਖ ਸਮਾਗਮਾਂ ਦੌਰਾਨ ਸੰਬੋਧਨ ਕਰਦਿਆਂ ਸ਼੍ਰੀ ਅਮਨ ਅਰੋੜਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦਾ ਵਿਕਾਸ ਯੋਜਨਾਬੱਧ ਤਰੀਕੇ ਨਾਲ ਕੀਤਾ ਜਾ ਰਿਹਾ ਹੈ। ਜਿੱਥੇ ਸਿੱਖਿਆ ਅਤੇ ਸਿਹਤ ਨੂੰ ਸਭ ਤੋਂ ਵੱਧ ਤਰਜ਼ੀਹ ਦਿੱਤੀ ਜਾ ਰਹੀ ਹੈ ਉਥੇ ਹੀ ਬੁਨਿਆਦੀ ਢਾਂਚੇ ਦੇ ਨਿਰੰਤਰ ਵਿਕਾਸ ਨੂੰ ਵੀ ਯਕੀਨੀ ਬਣਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਦੇਸ਼ ਵਿੱਚ ਇਹ ਪਹਿਲੀ ਵਾਰ ਹੋਵੇਗਾ ਕਿ ਜਿੱਥੇ ਹਰੇਕ ਪਰਿਵਾਰ ਦਾ 10 ਲੱਖ ਰੁਪਏ ਦਾ ਇਲਾਜ਼ ਬੀਮਾ ਹੋਵੇਗਾ। ਬਿਮਾਰੀ ਦੀ ਹਾਲਤ ਵਿੱਚ ਵਿਅਕਤੀ ਨੂੰ ਸਿਰਫ ਹਸਪਤਾਲ ਵਿੱਚ ਜਾ ਕੇ ਦਾਖ਼ਲ ਹੀ ਹੋਣਾ ਹੈ।ਬਾਕੀ ਸਾਰਾ ਕੰਮ ਪੰਜਾਬ ਸਰਕਾਰ ਕਰੇਗੀ।ਇਹ ਇਲਾਜ਼ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਵਿੱਚ ਬਿਲਕੁਲ ਮੁਫ਼ਤ ਉਪਲਬਧ ਹੋਵੇਗਾ। ਉਹਨਾਂ ਕਿਹਾ ਕਿ ਜਿੱਥੇ ਫਸਲਾਂ ਲਈ ਨਹਿਰੀ ਪਾਣੀ ਅਤੇ ਨਿਰੰਤਰ ਬਿਜਲੀ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ ਉਥੇ ਹੀ ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਨਾਲ ਲੈਸ ਕੀਤਾ ਜਾ ਰਿਹਾ ਹੈ।ਹਰੇਕ ਪਿੰਡ ਨੂੰ ਖੇਡ ਮੈਦਾਨ ਅਤੇ ਖੇਡਾਂ ਦਾ ਸਮਾਨ ਦਿੱਤਾ ਜਾ ਰਿਹਾ ਹੈ ਤਾਂ ਜੋ ਨੌਜਵਾਨ ਨਸ਼ਿਆਂ ਨਾਲੋਂ ਦੂਰ ਹੋ ਕੇ ਖੇਡਾਂ ਨਾਲ ਜੁੜਨ। ਇਸ ਮੌਕੇ ਉਹਨਾਂ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ 31 ਜੁਲਾਈ ਨੂੰ ਸੁਨਾਮ ਵਿਖੇ ਸ਼ਹੀਦ ਊਧਮ ਸਿੰਘ ਜੀ ਦੇ ਰਾਜ ਪੱਧਰੀ ਸ਼ਹੀਦੀ ਸਮਾਗਮ ਵਿੱਚ ਸ਼ਿਰਕਤ ਕਰਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੀ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਵਿੱਚ ਲਿਆਂਦਾ ਗਿਆ ਬੇਅਦਬੀ ਬਿੱਲ 3 ਕਰੋੜ ਲੋਕਾਂ ਦੀਆਂ ਭਾਵਨਾਵਾਂ ਨਾਲ ਜੁੜਿਆ ਹੋਇਆ ਹੈ। ਇਹ ਬਿੱਲ ਹੁਣ ਸਿਲੈਕਟ ਕਮੇਟੀ ਕੋਲ ਚਲਾ ਗਿਆ ਹੈ, ਜਿੱਥੇ ਸੂਬਾ ਵਾਸੀਆਂ ਤੋਂ ਇਸ ਬਾਰੇ ਵਿਚਾਰ ਲਏ ਜਾਣਗੇ। ਉਹਨਾਂ ਕਿਹਾ ਕਿ ਇਹ ਬਿੱਲ ਅਗਲੇ 6 ਮਹੀਨੇ ਵਿੱਚ ਐਕਟ ਬਣ ਕੇ ਲਾਗੂ ਹੋ ਜਾਵੇਗਾ, ਜਿਸ ਉਪਰੰਤ ਕਿਸੇ ਵੀ ਗੈਰ ਸਮਾਜੀ ਤੱਤ ਦੀ ਜ਼ੁਰਰਤ ਨਹੀਂ ਰਹੇਗੀ ਕਿ ਉਹ ਧਾਰਮਿਕ ਗ੍ਰੰਥਾਂ, ਕੇਂਦਰਾਂ ਅਤੇ ਤਸਵੀਰਾਂ ਨਾਲ ਛੇੜਛਾੜ ਕਰ ਸਕੇ। ਸ਼੍ਰੀ ਹਰਿਮੰਦਰ ਸਾਹਿਬ ਉੱਤੇ ਹਮਲੇ ਸੰਬੰਧੀ ਪ੍ਰਾਪਤ ਹੋਈਆਂ ਧਮਕੀਆਂ ਬਾਰੇ ਬੋਲਦਿਆਂ ਉਹਨਾਂ ਕਿਹਾ ਕਿ ਸ਼੍ਰੀ ਹਰਿਮੰਦਰ ਸਾਹਿਬ ਕੁੱਲ ਲੋਕਾਈ ਦਾ ਸਰਬ ਉੱਚ ਕੇਂਦਰ ਹੈ, ਇਸ ਦੀ ਸ਼ਾਨ ਖ਼ਿਲਾਫ਼ ਕਿਸੇ ਵੀ ਵਿਅਕਤੀ ਵੱਲੋਂ ਕੀਤੀ ਕੋਈ ਵੀ ਮਾੜੀ ਜ਼ੁਰਰਤ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਦੌਰਾਨ ਕੈਬਨਿਟ ਮੰਤਰੀ ਨੇ ਪਿੰਡ ਕੁਲਾਰ ਖੁਰਦ ਵਿਖੇ 43.65 ਲੱਖ, ਤੁੰਗਾਂ ਵਿਖੇ 08.50 ਲੱਖ, ਸਿਬੀਆ ਵਿਖੇ 04.65 ਲੱਖ, ਉਪਲੀ ਵਿਖੇ 33.50 ਲੱਖ, ਚੱਠੇ ਸੇਖਵਾਂ 07.50 ਲੱਖ, ਭਰੂਰ ਵਿਖੇ 05.85 ਲੱਖ, ਲਿਦੜਾਂ ਵਿਖੇ 07 ਲੱਖ, ਦੁੱਗਾਂ 90.68 ਲੱਖ, ਕੁਨਰਾਂ 06 ਲੱਖ, ਭੰਮਾ ਬੱਦੀ 05 ਲੱਖ, ਉਭਾਵਾਲ 84 ਲੱਖ, ਪੱਤੀ ਭਰੀਆਂ 05 ਲੱਖ, ਕਿਲ੍ਹਾ ਭਰੀਆਂ 04 ਲੱਖ, ਮਿਰਜਾ ਪੱਤੀ ਤੇ ਨਮੋਲ ਸਾਂਝੇ 35 ਲੱਖ, ਮਿਰਜਾ ਪੱਤੀ 06 ਲੱਖ, ਨਮੋਲ 05.50 ਲੱਖ, ਸ਼ੇਰੋਂ 08 ਲੱਖ, ਭਗਵਾਨਪੁਰਾ 08 ਲੱਖ ਰੁਪਏ ਨਾਲ ਕਰਵਾਏ ਜਾਣ ਵਾਲੇ ਵਿਕਾਸ ਕਾਰਜਾਂ ਲਈ ਨੀਂਹ ਪੱਥਰ ਰੱਖੇ ਤੇ ਚੈੱਕ ਵੰਡੇ। ਇਸ ਮੌਕੇ ਡੀ ਐਸ ਪੀ ਊਧਮ ਸਿੰਘ ਵਾਲਾ ਸ੍ਰ ਹਰਵਿੰਦਰ ਸਿੰਘ ਖਹਿਰਾ, ਡੀ ਐਸ ਪੀ ਸੰਗਰੂਰ ਸ੍ਰ ਸੁਖਦੇਵ ਸਿੰਘ, ਬੀ ਡੀ ਪੀ ਓ ਸੰਗਰੂਰ ਸ੍ਰ ਗੁਰਦਰਸ਼ਨ ਸਿੰਘ, ਐੱਸ ਡੀ ਓ ਪੰਚਾਇਤੀ ਰਾਜ ਸ੍ਰ ਦਵਿੰਦਰ ਸਿੰਘ ਅਤੇ ਹਲਕੇ ਦੇ ਵੱਡੇ ਗਿਣਤੀ ਵਿੱਚ ਸਰਪੰਚ, ਪੰਚ ਅਤੇ ਹੋਰ ਲੋਕ ਹਾਜ਼ਰ ਸਨ।

> ☛ ਕੈਬਨਿਟ ਮੰਤਰੀ ਨੇ ਹਲਕਾ ਸੁਨਾਮ ਦੇ 17 ਪਿੰਡਾਂ ਨੂੰ 36 ਕੰਮਾਂ ਲਈ 3.68 ਕਰੋੜ ਰੁਪਏ ਚੈੱਕ ਵੰਡੇ ਅਤੇ ਨੀਂਹ ਪੱਥਰ ਰੱਖੇ ☛ ਕਿਹਾ ! ਸ਼੍ਰੀ ਹਰਿਮੰਦਰ ਸਾਹਿਬ ਸਰਬ ਉੱਚ ਕੇਂਦਰ, ਕੋਈ ਵੀ ਮਾੜੀ ਜ਼ੁਰਰਤ ਬਰਦਾਸ਼ਤ ਨਹੀਂ ਕਰਾਂਗੇ

ਅੰਮ੍ਰਿਤਸਰ ਦੀਆਂ ਲਾਈਟਾਂ ਤੇ ਸੜਕਾਂ ਤੇ ਚੌਕਾਂ ਤੇ ਗੁਰੂ ਘਰਾਂ ਦੇ ਬਾਹਰੋਂ ਛੋਟੇ ਛੋਟੇ ਬੱਚਿਆਂ ਤੋਂ ਭੀਖ ਮੰਗਾਉਣ ਵਾਲੇ ਨਜ਼ਰ ਨਹੀਂ ਆ ਰਹੇ

# ਸ਼ਹਿਰ ਵਾਸੀਆਂ ਨੂੰ ਆਇਆ ਸੁੱਖ ਦਾ ਸਾਹ-ਸੋਨੂੰ ਜੰਡਿਆਲਾ



ਜੰਡਿਆਲਾ ਗੁਰੂ 19 ਜੁਲਾਈ ( ਕੁਲਵੰਤ ਸਿੰਘ ਵਿਰਦੀ ) ਪੰਜਾਬ ਦੇ ਬਹੁਤ ਵੱਡੇ ਮੁੱਦੇ ਨੂੰ ਹੱਲ ਕਰਵਾਉਣ ਵਿੱਚ ਕਾਮਯਾਬ ਹੋਏ ਸਮਾਜ ਸੇਵੀ ਤੇ ਸਿੱਖ ਆਗੂ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਲਗਭਗ ਪਿਛਲੇ ਇੱਕ ਸਾਲ ਤੋਂ ਆਵਾਜ਼ ਬੜੀ ਬੇਬਾਕੀ ਨਾਲ ਬੁਲੰਦ ਕਰ ਰਹੇ ਨੇ ਕਿ ਪੰਜਾਬ ਦੀਆਂ ਸੜਕਾਂ ਤੇ ਛੋਟੇ ਛੋਟੇ ਬੱਚੇ ਭੀਖ ਮੰਗ ਰਹੇ ਨੇ ਤੇ ਜੋ ਲੋਕ ਉਹਨਾਂ ਤੋਂ ਭੀਖ ਮੰਗਵਾ ਰਹੇ ਨੇ ਦਿਨੋ ਦਿਨ ਉਹਨਾਂ ਦੀ ਗਿਣਤੀ ਬੜੀ ਤੇਜ਼ੀ ਨਾਲ ਵੱਧ ਰਹੀ ਹੈ ਇਸ ਆਵਾਜ਼ ਨੂੰ ਬੜੀ ਬੇਬਾਕੀ ਤੇ ਨਾਲ ਬੁਲੰਦ ਕੀਤਾ ਸੋਨੂੰ ਜੰਡਿਆਲਾ ਨੇ ਤੇ ਸਰਕਾਰ ਤੇ ਪ੍ਰਸ਼ਾਸਨ ਤੁਰਤ ਹਰਕਤ ਦੇ ਵਿੱਚ ਆਏ ਤੇ ਰਣਜੀਤ ਐਵਨਿਊ ਥਾਣੇ ਵਿੱਚ ਇੱਕ ਐਫਆਈਆਰ ਦਰਜ ਕੀਤੀ ਤੇ ਉਸ ਤੋਂ ਬਾਅਦ ਵਿੱਚ ਪ੍ਰਸ਼ਾਸਨ ਨਾਲ ਮਿਲ ਕੇ ਯੋਗ ਅੰਮ੍ਰਿਤਸਰ ਦੇ ਗੋਲਡਨ ਗੇਟ ਤੋਂ ਭੀਖ ਮੰਗਣ ਵਾਲਿਆਂ ਨੂੰ ਤੇ ਛੋਟੇ ਛੋਟੇ ਬੱਚਿਆਂ ਤੋਂ ਭੀਖ ਮੰਗਵਾਉਣ ਵਾਲਿਆਂ ਨੂੰ ਪ੍ਰਸ਼ਾਸਨ ਨਾਲ ਰਲ ਕੇ ਸੋਨੂ ਜੰਡਿਆਲਾ ਨੇ ਜੋ ਕਰ ਵਿਖਾਇਆ ਉਹ ਅੱਜ ਸਲਾਗਾਯੋਗ ਹੈ ਉਹਨਾਂ ਦੀ ਮਿਹਨਤ ਰੰਗ ਲਿਆਈ ਤੇ ਸ਼ਹਿਰ ਵਾਸੀਆਂ ਨੂੰ ਸੁੱਖ ਦਾ ਸਾਹ ਆਇਆ ਅੱਜ ਅੰਮ੍ਰਿਤਸਰ ਦੀਆਂ ਲਾਈਟਾਂ ਤੇ ਧਾਰਮਿਕ ਸਥਾਨਾਂ ਦੇ ਬਾਹਰ ਕੋਈ ਵੀ ਮੰਗਣ ਵਾਲਾ ਨਜ਼ਰ ਨਹੀਂ ਆ ਰਿਹਾ ਤੇ ਲਗਾਤਾਰ ਜਿਲਾ ਪ੍ਰਸ਼ਾਸਨ ਤੇ ਸਮਾਜ ਸੇਵੀ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਦੀ ਟੀਮ ਵੱਖ ਵੱਖ ਇਲਾਕਿਆਂ ਵਿੱਚ ਜਾ ਕੇ ਤੇ ਚੌਕਾਂ ਵਿੱਚ ਜਾ ਕੇ ਇਹ ਵੇਖ ਰਹੀ ਹੈ ਕਿ ਕੋਈ ਬੱਚੇ ਤੋਂ ਭੀਖ ਮੰਗਵਾਉਂਦਾ ਹੈ ਜਾਂ ਲੋਕਾਂ ਨੂੰ ਤੰਗ ਪਰੇਸ਼ਾਨ ਕਰਦਾ ਹੈ ਇਸਦਾ ਜਾਇਦਾ ਲਿਆ ਜਾ ਰਿਹਾ ਹੈ ਤੇ ਅੱਜ ਅੰਮ੍ਰਿਤਸਰ ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ ਦੇ ਬਾਹਰ ਵੀ ਜੋ ਲੋਕ ਛੋਟੇ ਛੋਟੇ ਬੱਚਿਆਂ ਤੋਂ ਭੀਖ ਮੰਗਵਾਉਂਦੇ ਸੀ ਤੇ ਆਉਣ ਵਾਲੀ ਸੰਗਤ ਨੂੰ ਤੰਗ ਕਰਦੇ ਸੀ ਉਹਨਾਂ ਨੂੰ ਵੀ ਜਿਲਾ ਪ੍ਰਸ਼ਾਸਨ ਵੱਲੋਂ ਤੇ ਸਮਾਜ ਸੇਵੀਆਂ ਵੱਲੋਂ ਜਾ ਕੇ ਰੈਸਕਿਊ ਕੀਤਾ ਗਿਆ ਇਸ ਬਾਰੇ ਜਦੋਂ ਅਸੀਂ ਸਮਾਜ ਸੇਵੀ ਤੇ ਸਿੱਖ ਆਗੂ ਨਾਲ ਗੱਲਬਾਤ ਕੀਤੀ ਤੇ ਉਹਨਾਂ ਨੇ ਦੱਸਿਆ ਕਿ ਮੈਂ ਅੰਮ੍ਰਿਤਸਰ ਵਿੱਚ ਜੋ ਲੋਕ ਛੋਟੇ ਛੋਟੇ ਬੱਚਿਆਂ ਤੋਂ ਭੀਖ ਮੰਗਵਾਉਂਦੇ ਨੇ ਉਹਨਾਂ ਦਾ ਪਰਦਾਫਾਸ਼ ਕਰਨ ਤੋਂ ਬਾਅਦ ਹੀ ਸਾਹ ਲਵਾਂਗਾ ਕਿਉਂਕਿ ਗੁਰੂ ਨਗਰੀ ਵਿੱਚ ਇਹ ਬਹੁਤ ਤੇਜ਼ੀ ਨਾਲ ਛੋਟੇ ਛੋਟੇ ਬੱਚਿਆਂ ਤੋਂ ਭੀਖ ਮੰਗਵਾਉਣ ਵਾਲਿਆਂ ਦੀ ਤਾਦਾਦ ਵੱਧ ਰਹੀ ਸੀ ਕਿਉਂਕਿ ਬੱਚਿਆਂ ਦੀ ਪੜ੍ਹਨ ਲਿਖਣ ਦੀ ਉਮਰ ਹੈ ਨਾ ਕਿ ਭੀਖ ਮੰਗਣ ਦੀ ਉਹਨਾਂ ਕਿਹਾ ਕਿ ਮੈਂ ਸਰਕਾਰ ਤੋਂ ਜੋ ਡੀਐਨਏ ਟੈਸਟ ਕਰਵਾਉਣ ਦੀ ਮੰਗ ਕੀਤੀ ਸੀ ਉਸ ਨੂੰ ਸਰਕਾਰ ਨੇ ਮਨਜ਼ੂਰੀ ਦੇ ਦਿੱਤੀ ਹੈ ਕਿਉਂਕਿ ਸਰਕਾਰ ਨੂੰ ਵੀ ਪਤਾ ਹੈ ਕਿ ਜਿਨਾਂ ਬੱਚਿਆਂ ਤੋਂ ਭੀਖ ਮੰਗਵਾਈ ਜਾ ਰਹੀ ਹੈ ਉਹ ਬੱਚੇ ਇਹਨਾਂ ਲੋਕਾਂ ਦੇ ਨਹੀਂ ਹਨ ਇਹ ਦੂਜੇ ਰਾਜਾਂ ਵਿੱਚੋਂ ਚੁੱਕ ਕੇ ਉਹਨਾਂ ਨੂੰ ਲਿਆਉਂਦੇ ਨੇ ਤੇ ਅਪਾਹਿਜ ਬਣਾ ਕੇ ਉਹਨਾਂ ਤੋਂ ਭੀਖ ਮੰਗਵਾਉਣ ਦਾ ਕੰਮ ਕਰਦੇ ਨੇ ਇਹ ਬਹੁਤ ਵੱਡਾ ਰੈਕਟ ਚੱਲ ਰਿਹਾ ਹੈ ਉਹਨਾਂ ਕਿਹਾ ਕਿ ਮੈਂ ਇਸ ਰੈਕਰ ਦਾ ਪਰਦਾ ਫਾਸ਼ ਕਰਕੇ ਹੀ ਸਾਹ ਲਵਾਂਗਾ ਮੇਰਾ ਮਿਸ਼ਨ ਹੈ ਕਿ ਗੁਰੂ ਨਗਰੀ ਵਿੱਚ ਕਿਸੇ ਵੀ ਭਿਖਾਰੀ ਨੂੰ ਤੇ ਛੋਟੇ ਬੱਚੇ ਨੂੰ ਜੋ ਭੀਖ ਮੰਗਵਾਉਂਦੇ ਨੇ ਉਹਨਾਂ ਨੂੰ ਬਖਸ਼ਿਆ ਨਹੀਂ ਜਾਵੇਗਾ ਕਿਉਂਕਿ ਜਿਲਾ ਪ੍ਰਸ਼ਾਸਨ ਦੇ ਨਾਲ ਰਲ ਕੇ ਅਸੀਂ ਇਹ ਮਿਸ਼ਨ ਨੂੰ ਕਾਮਯਾਬ ਕਰਾਂਗੇ। ਉਹਨਾਂ ਦੱਸਿਆ ਕਿ ਅਸੀਂ ਪਿਛਲੇ ਬੜੇ ਲੰਮੇ ਸਮੇਂ ਤੋਂ ਲੱਗੇ ਹਾਂ ਤੇ ਬਹੁਤ ਜਲਦ ਅੰਮ੍ਰਿਤਸਰ ਦੇ ਵਿੱਚੋਂ ਇਹਨਾਂ ਦੀ ਗਿਣਤੀ ਖਤਮ ਹੋ ਜਾਵੇਗੀ ਕਿਉਂਕਿ ਜ਼ਿਲ੍ਹਾ ਪ੍ਰਸ਼ਾਸਨ ਤੇ ਸਰਕਾਰ ਐਕਸ਼ਨ ਮੂਡ ਦੇ ਵਿੱਚ ਹੈ ਤੇ ਅਸੀਂ ਉਹਨਾਂ ਦਾ ਹਰ ਪੱਖੋਂ ਸਾਥ ਦੇਣ ਦੇ ਲਈ ਤਿਆਰ ਹਾਂ ਤੇ ਅੱਜ ਵੀ ਸਾਡੀ ਟੀਮ ਨੇ ਅੰਮ੍ਰਿਤਸਰ ਦੇ ਸਾਰੇ ਚੌਂਕਾਂ ਵਿੱਚ ਜਾ ਕੇ ਤੇ ਧਾਰਮਿਕ ਦਾਇਰਿਆਂ ਦੇ ਬਾਹਰ ਜਾ ਕੇ ਵੇਖਿਆ ਹੈ ਕਿ ਜੇਕਰ ਕੋਈ ਕਿਸੇ ਬੱਚੇ ਤੋਂ ਭੀਖ ਮੰਗਵਾਉਂਦਾ ਹੈ ਤੇ ਉਸ ਖਿਲਾਫ ਕਾਰਵਾਈ ਕਰਵਾਉਣ ਦੇ ਲਈ ਅਸੀਂ ਪ੍ਰਸ਼ਾਸਨ ਦਾ ਸਹਿਯੋਗ ਕਰਾਂਗੇ।

## ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ 10 ਲੱਖ ਦਾ ਮੁਫ਼ਤ ਇਲਾਜ ਇਕ ਇਤਿਹਾਸਿਕ ਫੈਸਲਾ : ਹਰਜਿੰਦਰ ਸਿੰਘ ਰੰਧਾਵਾ ਉਸਮਾ, ਬੂਟਾ ਸਿੰਘ ਜਲਾਲ





**ਚੌਕ ਮਹਿਤਾ, 19 ਜੁਲਾਈ(ਬਾਬਾ ਸੁਖਵੰਤ ਸਿੰਘ ਚੰਨਣਕੇ)**-'ਆਪ' ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ 10 ਲੱਖ ਰੁਪਏ ਤਕ ਦਾ ਮੁਫ਼ਤ ਇਲਾਜ ਦੇਣ ਲਈ ਸ਼ੁਰੂ ਕੀਤੀ ਗਈ'ਮੁੱਖ ਮੰਤਰੀ ਸਿਹਤ ਬੀਮਾ ਯੋਜਨਾ' ਪਰੇ ਭਾਰਤਵਰਸ਼ ਅੰਦਰ ਇਕ ਇਤਿਹਾਸਿਕ ਫੈਸਲਾ ਹੈ।ਇੰਨੀ ਵੱਡੀ ਸਿਹਤ ਸਹੂਲਤ ਅਜੇ ਕਿਸੇ ਵੀ ਵੱਡੇ ਦੇਸ਼ ਵਿਚ ਮੁਹੱਈਆ ਨਹੀਂ ਹੈ। ਇਹ ਪ੍ਰਗਟਾਵਾ ਹਲਕਾ ਜੰਡਿਆਲਾ ਗੁਰੂ ਤੋਂ ਸੀਨੀਅਰ ਲੀਡਰ ਹਰਜਿੰਦਰ ਸਿੰਘ ਰੰਧਾਵਾ ਉਸਮਾਂ ਜਿਲਾ ਅੰਮਿਤਸਰ ਐਕਸਾਈਜ਼ ਐਂਡ ਟੈਕਸੇਸ਼ਨ ਸਲਾਹਕਾਰ ਕਮੇਟੀ ਮੈਂਬਰ ਪੰਜਾਬ ਸਰਕਾਰ,ਪੀ ਏ ਸ੍ਰੀ ਵਿਨੀਤ ਵਰਮਾ ਅਤੇ ਸਰਪੰਚ , ਬੂਟਾ ਸਿੰਘ ਜਲਾਲ ਮੀਡੀਆ ਇੰਚਾਰਜ ਬਲਾਕ ਰਈਆ ਹਲਕਾ ਜੰਡਿਆਲਾ ਗੁਰੂ ਨੇ ਅੱਜ ਇਥੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਪੰਜਾਬ ਦਾ ਹਰ ਨਾਗਰਿਕ ਹੁਣ ਪ੍ਰਾਈਵੇਟ ਅਤੇ ਸਰਕਾਰੀ ਹਸਪਤਾਲਾਂ ਵਿੱਚ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਕਰਵਾ ਸਕੇਗਾ। ਇਸ ਦੇ ਨਾਲ ਨਾਲ ਮੁੱਖ ਮੰਤਰੀ ਭਗਵੰਤ ਮਾਨ ਦੇ ਵੱਲੋਂ ਪੰਜਾਬ ਦੇ ਅੰਦਰ ਹੋਰ ਕਈ ਨਵੇਂ ਕੀਰਤੀਮਾਨ ਸਥਾਪਿਤ ਕੀਤੇ ਗਏ ਹਨ।

## ਪੰਜਾਬ ਸਰਕਾਰ ਨੇ ਨਹਿਰੀ ਪਾਣੀ ਦੀ ਵਰਤੋਂ ਵਿੱਚ ਤਿੰਨ ਗੁਣਾ ਵਾਧਾ ਕੀਤਾ -ਈ ਟੀ ਓ

## 140 ਸਾਲ ਪੁਰਾਣੇ ਨਹਿਰੀ ਵਿਭਾਗ ਦੇ ਦਫ਼ਤਰ ਦੀ ਮੁਰੰਮਤ ਦਾ ਕੰਮ ਕਰਵਾਇਆ ਸ਼ੁਰੂ



**ਜੰਡਿਆਲਾ ਗੁਰੂ, 19 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਜੰਡਿਆਲਾ ਗੁਰੂ ਵਿਖੇ ਨਹਿਰੀ ਵਿਭਾਗ ਦੇ ਰੈਸਟ ਹਾਊਸ ਦੀ ਇਮਾਰਤ ਦੀ ਰੈਨੋਵੇਸ਼ਨ ਦੇ ਕੰਮਾਂ ਦਾ ਉਦਘਾਟਨ ਕਰਦਿਆਂ ਕੈਬਨਟ ਮੰਤਰੀ ਸ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਸਾਡੀ ਸਰਕਾਰ ਨੇ ਨਹਿਰੀ ਪਾਣੀ ਦੀ ਵਰਤੋਂ ਜੋ ਕਿ ਲਗਭਗ ਬੰਦ ਹੋ ਚੁੱਕੀ ਸੀ ਵਿੱਚ ਤਿੰਨ ਗੁਣਾ ਵਾਧਾ ਕੀਤਾ ਹੈ। ਉਹਨਾਂ ਦੱਸਿਆ ਕਿ 2022 ਤੱਕ ਕੇਵਲ 21 ਫੀਸਦੀ ਖੇਤਾਂ ਤੱਕ ਨਹਿਰੀ ਪਾਣੀ ਪਹੁੰਚ ਰਿਹਾ ਸੀ ਜਦ ਕਿ ਹੁਣ ਅਸੀਂ ਨਹਿਰਾਂ ਸੂਇਆਂ, ਖਾਲਿਆਂ ਦੀ ਮੁਰੰਮਤ ਕਰਕੇ 63 ਫੀਸਦੀ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾ ਦਿੱਤਾ ਹੈ। ਉਹਨਾਂ ਕਿਹਾ ਕਿ ਇਸ ਨਾਲ ਦੋ ਵੱਡੇ ਫਾਇਦੇ ਹੋਏ ਹਨ, ਇੱਕ ਤਾਂ ਜਮੀਨ ਹੇਠਲਾ ਪਾਣੀ ਬਚਿਆ ਹੈ ਅਤੇ ਦੂਸਰਾ ਜਮੀਨ ਵਿੱਚੋਂ ਪਾਣੀ ਕੱਢਣ ਲਈ ਕੀਤੀ ਜਾਂਦੀ ਬਿਜਲੀ ਦੀ ਵਰਤੋਂ ਘੱਟ ਹੋਈ ਹੈ। ਉਹਨਾਂ ਕਿਹਾ ਕਿ ਬੜੇ ਦੁੱਖ ਦੀ ਗੱਲ ਹੈ ਕਿ ਅੰਗਰੇਜ਼ਾਂ ਵੱਲੋਂ ਬਣਾਇਆ ਗਿਆ ਨਹਿਰੀ ਪਾਣੀ ਦਾ ਇਹ ਸਿਸਟਮ ਉਹਨਾਂ ਦੇ ਜਾਣ ਤੋਂ ਬਾਅਦ ਸਰਕਾਰਾਂ ਨੇ ਇੰਨਾ ਕੁ ਅੰਗੌਲਿਆਂ ਕਰ ਦਿੱਤਾ ਕਿ ਸਾਡੇ ਹਿੱਸੇ ਦਾ ਨਹਿਰੀ ਪਾਣੀ ਹੋਰ ਸੂਬੇ ਬਰਤਨ ਲੱਗ ਪਏ ਅਤੇ ਅਸੀਂ ਜ਼ਮੀਨ ਹੇਠੋਂ ਪਾਣੀ ਕੱਢ ਕੇ ਕੰਮ ਚਲਾਉਣ ਲੱਗ ਪਏ।ਉਹਨਾਂ ਕਿਹਾ ਕਿ ਹੁਣ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਨੇ ਦੁਬਾਰਾ ਇਸ ਵਿਭਾਗ ਨਾਲ ਲੈ ਕੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣਾ ਸ਼ੁਰੂ ਕੀਤਾ ਹੈ ਅਤੇ ਆਸ ਹੈ ਕਿ ਅਗਲੇ ਸਾਲ ਅਸੀਂ 90 ਫੀਸਦੀ ਖੇਤਾਂ ਨੂੰ ਕਵਰ ਕਰ ਲਵਾਂਗੇ ਉਹਨਾਂ ਦੱਸਿਆ ਕਿ ਇਹ ਰੈਸਟ ਹਾਊਸ 140 ਸਾਲ ਤੋਂ ਜਿਆਦਾ ਪੁਰਾਣਾ ਹੈ, ਜੋ ਅੰਗਰੇਜ਼ਾਂ ਦੇ ਸਮੇਂ ਦਾ ਬਣਿਆ ਹੋਇਆ ਹੈ , ਇਸ ਦੀ ਹਾਲਤ ਬਹੁਤ ਹੀ ਜਿਆਦਾ ਖਰਾਬ ਸੀ, ਜਿਸ ਨਵੀਨੀਕਰਨ ਕਰਨ ਦੀ ਲੋੜ ਸੀ। ਉਹਨਾਂ ਕਿਹਾ ਕਿ ਹੁਣ ਨਹਿਰੀ ਵਿਭਾਗ ਨੂੰ ਦਫਤਰ ਦੇਣ ਲਈ ਇਸ ਰੈਸਟ ਹਾਊਸ ਦੀ ਮੁਰੰਮਤ 47 ਲੱਖ ਰੁਪਏ ਦੀ ਲਾਗਤ ਨਾਲ ਕਰਵਾਈ ਜਾ ਰਹੀ ਹੈ। ਜਿਸ ਨਾਲ ਇਸ ਰੈਸਟ ਹਾਊਸ ਦੀ ਬਾਊਂਡਰੀ ਵਾਲ ਦਾ ਕੰਮ, ਫਲੋਰਿੰਗ ,ਫਰਨੀਚਰ,ਇੰਟਰਲਾਕ ਟਾਇਲਾਂ, ਜਿਲੇਦਾਰ ਦਫ਼ਤਰ ਦਾ ਕੰਮ ਵੀ ਕਰਵਾਇਆ ਜਾਵੇਗਾ।ਜੰਡਿਆਲਾ ਹਲਕਾ ਤੇ ਸਮੂਹ ਇਲਾਕਾ ਨਿਵਾਸੀਆਂ ਵੱਲੋਂ ਨਹਿਰੀ ਪਾਣੀ ਦੇ ਪ੍ਰਬੰਧ ਵਿੱਚ ਹਰ ਤਰਹਾਂ ਦੀ ਮੁਸ਼ਿਕਲਾਂ ਲਈ ਇਸ ਰੈਸਟ ਹਾਊਸ ਵਿਖੇ ਤਾਲ ਮਿਲ ਕੀਤਾ ਜਾਵੇਗਾ।

## ਮਾਂ ਦੇ ਤੁਰ ਜਾਣ ਨਾਲ ਇਨਸਾਨ ਨੂੰ ਬਹੁਤ ਵੱਡਾ ਘਾਟਾ ਪੈਂਦਾ-ਅਵਤਾਰ ਸਿੰਘ ਟੱਕਰ

### ਸੁਖਦੇਵ ਰਾਜ ਦੀ ਮਾਤਾ ਦੀ ਅੰਤਿਮ ਅਰਦਾਸ ਅੱਜ 20 ਜੁਲਾਈ ਨੂੰ



ਜੰਡਿਆਲਾਗੁਰੂ 19:ਜੁਲਾਈ( ਕੁਲਵੰਤ ਸਿੰਘ ਵਿਰਦੀ) ਅੱਜ ਜਾਣਕਾਰੀ ਸਾਂਝੀ ਕਰਦਿਆ ਹੋਇਆ ਕਾਗਰਸ ਪਾਰਟੀ ਦੇ ਜ਼ਿਲਾ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਅਵਤਾਰ ਸਿੰਘ ਟੱਕਰ ਜਾਣੀਆ ਨੇ ਕਿਹਾ ਕਿ ਮਾਂ ਐਸਾ ਸਬਦ ਹੈ ਜਿਸ ਨੂੰ ਲੈਦਿਆਂ ਹੀ ਸਕੂਨ ਮਹਿਸੂਸ ਹੁੰਦਾ ਹੈ ਅਤੇ ਮਾਂ ਕੋਲ ਬੈਠ ਕਿ ਦੁਨੀਆਂ ਦੀ ਹਰ ਤਰ੍ਹਾਂ ਦੀ ਬਖਸਿਸ ਪ੍ਰਾਪਤ ਹੋ ਜਾਂਦੀ ਹੈ ਭਾਵੇਂ ਕਿ ਅਕਾਲ ਪੁਰਖ ਵੱਲੋਂ ਬਣਾਏ ਨਿਯਮ ਅਨੁਸਾਰ ਸਭ ਨੇ ਇਸ ਸੰਸਾਰ ਨੂੰ ਛੱਡ ਕਿ ਤੁਰ ਜਾਣਾ ਹੈ ਪਰ ਮਾਂ ਦੇ ਤੁਰ ਜਾਣ ਨਾਲ ਇਨਸਾਨ ਨੂੰ ਬਹੁਤ ਵੱਡਾ ਘਾਟਾ ਪੈ ਜਾਂਦਾ ਹੈ ਅੱਗੇ ਉਨਾਂ ਦੱਸਿਆ ਕਿ ਮਾਂ ਛਿਨਮਸਤਿਕਾ ਅਨਪੂਰਨਾ ਬਾਲਾ ਜੀ ਲੰਗਰ ਕਮੇਟੀ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਸੁਖਦੇਵ ਰਾਜ ਸੁੱਖਾ ਸੁਖਪਾਲ ਰਾਜ ਹੈਪੀ ਸੰਜੀਵ ਕੁਮਾਰ ਰਿੰਕੂ ਦੇ ਸਤਿਕਾਰ ਯੋਗ ਮਾਤਾ ਰਾਜ ਰਾਣੀ ਧਰਮ ਪਤਨੀ ਸਵਰਗਵਾਸੀ ਜਗੀਰ ਚੰਦ ਜੋ ਬੀਤੇ ਦਿਨ ਅਕਾਲ ਪੁਰਖ ਵੱਲੋਂ ਮਿਲੀ ਸਵਾਸਾਂ ਦੀ ਪੂੰਜੀ ਨੂੰ ਭੋਗਦਿਆਂ ਹੋਇਆ ਅਕਾਲ ਚਲਾਣਾ ਕਰ ਗਏ ਸਨ ਮਾਤਾ ਜੀ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਗਰੁੜ ਪੁਰਾਣ ਦੀ ਕਥਾ ਭੋਗ ਅਤੇ ਸ਼ਰਧਾਂਜਲੀ 20 ਜੁਲਾਈ ਦਿਨ ਐਤਵਾਰ ਨੂੰ ਦੁਪਹਿਰ 1 ਤੋਂ 2 ਵਜੇ ਤੱਕ ਜਗਦੀਸ਼ ਸਦਨ ਹਾਲ ਸ੍ਰੀ ਰਘੁਨਾਥ ਡਾਲੀਆਣਾ ਮੰਦਰ ਜੰਡਿਆਲਾ ਗੁਰੂ ਵਿਖੇ ਹੋਵੇਗੀ ! ਅੱਜ ਉਨਾਂ ਕਿਹਾ ਕਿ ਸਮੂਹ ਸਾਕ ਨੂੰ ਬੇਨਤੀ ਹੈ ਕਿ ਦਿੱਤੇ ਗਏ ਸਮੇਂ ਤੇ ਪਹੁੰਚ ਕਿ ਮਾਤਾ ਜੀ ਨੂੰ ਸਰਧਾਂਜਲੀ ਭੇਟ ਕਰਕੇ ਅਕਾਲ ਪੁਰਖ ਦੇ ਚਰਨਾਂ ਵਿੱਚ ਵਿਛੜੀ ਹੋਈ ਰੂਹ ਦੇ ਪ੍ਰਥਾਏ ਅਰਦਾਸ ਵਿੱਚ ਸ਼ਾਮਲ ਹੋਣਾ ਜੀ !

ਹਾਰਵਰਡ ਸਕੂਲ ਦੇ ਵਿਦਿਆਰਥੀਆਂ ਨੂੰ

# ਟ੍ਰੈਫਿਕ ਇੰਚਾਰਜ ਜਸਵੀਰ ਸਿੰਘ ਨੇ ਟ੍ਰੈਫਿਕ ਨਿਯਮਾਂ ਬਾਰੇ ਕੀਤਾ ਜਾਗਰੂਕ



**ਬਾਘਾਪੁਰਾਣਾ (ਮੋਗਾ), 18 ਜੁਲਾਈ (ਰਾਜਿੰਦਰ ਸਿੰਘ ਕੋਟਲਾ, ਗੁਰਪ੍ਰੀਤ ਸਿੰਘ)**- ਜ਼ਿਲਾ ਪੁਲਸ ਮੁਖੀ ਮੋਗਾ ਦੇ ਦਿਸ਼ਾ-ਨਿਰਦੇਸ਼ ਹੇਠ ਅਤੇ ਡੀ. ਐੱਸ. ਪੀ .ਟ੍ਰੈਫਿਕ ਮੋਗਾ ਅਤੇ ਡੀ ਐਸ ਪੀ ਬਾਘਾਪੁਰਾਣਾ ਦੀ ਰਹਿਨੁਮਾਈ ਹੇਠ ਹਾਰਵਰਡ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਮੁੱਦਕੀ ਰੋੜ ਬਾਘਾਪੁਰਾਣਾ ਦੇ ਵਿਦਿਆਰਥੀਆਂ ਨੂੰ ਟ੍ਰੈਫਿਕ ਚਿੰਨਾਂ ਸਬੰਧੀ, ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਸਬੰਧੀ, 112 ਹੈਲਪ ਲਾਈਨ ਨੰਬਰ ਸਬੰਧੀ ਅਤੇ ਨਸ਼ਿਆਂ ਤੋਂ ਦੂਰ ਰਹਿਣ ਵਿਸਥਾਰਪੂਰਵਕ ਜਾਗਰੂਕ ਕੀਤਾ ਗਿਆ।ਏ. ਐੱਸ. ਆਈ .ਜਸਵੀਰ ਸਿੰਘ ਇੰਚਾਰਜ ਟ੍ਰੈਫਿਕ ਬਾਘਾਪੁਰਾਣਾ ਅਤੇ ਹੌਲਦਾਰ ਜਗਰੂਪ ਸਿੰਘ ਨੇ ਵਿਦਿਆਰਥੀਆਂ ਨੂੰ ਟ੍ਰੈਫਿਕ ਨਿਯਮਾਂ ਸਬੰਧੀ ਬੜੇ ਹੀ ਪਿਆਰ ਅਤੇ ਸਲੀਕੇ ਨਾਲ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ ।ਉਨ੍ਹਾਂ ਸਾਰਿਆਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ, ਡਰਾਈਵਿੰਗ ਲਾਈਸੈਂਸ ਬਣਵਾਉਣ, ਓਵਰ ਸਪੀਡ ਵੀਕਲ ਨਾ ਚਲਾਉਣ, ਦੋ ਪਈਆ ਵਾਹਨ ਚਲਾਉਂਦੇ ਸਮੇਂ ਹੈਲਮਟ ਦੀ ਵਰਤੋਂ ਕਰਨ, ਨਸ਼ਾ ਕਰ ਕੇ ਵੀਕਲ ਨਾ ਚਲਾਉਣ, ਵੀਕਲਾਂ ਦੇ ਡਾਕੂਮੈਂਟਸ ਪੂਰੇ ਰੱਖਣ ਸਬੰਧੀ, 112 ਹੈਲਪ ਲਾਈਨ ਨੰਬਰ ਸਬੰਧੀ ਵੀ ਵਿਸਥਾਰਪੂਰਵਕ ਜਾਗਰੂਕ ਕੀਤਾ ਜਾਗਰੂਕ ਕੀਤਾ।ਇਸ ਤੋਂ ਇਲਾਵਾ,ਨਸ਼ਿਆਂ ਤੋਂ ਦੂਰ ਰਹਿਣ ਸਬੰਧੀ,ਨਸ਼ੇ ਦੇ ਮਾੜੇ ਪ੍ਰਭਾਵਾਂ ਸਬੰਧੀ ਅਤੇ ਨਸ਼ਾ ਸਮੱਗਲਰਾਂ ਦੀ ਜਾਣਕਾਰੀ ਸੇਫ ਪੰਜਾਬ ਐਪ ਨੰਬਰ 9779100200,7527000165 'ਤੇ ਦੇਣ ਦੀ ਅਪੀਲ ਕੀਤੀ।ਉਨਾਂ ਵਿਦਿਆਰਥੀਆਂ ਨੂੰ ਕਿ ਬਗੈਰ ਲਾਇਸੰਸ ਅਤੇ 18 ਸਾਲ ਤੋਂ ਘੱਟ ਉਮਰ ਚ ਮੋਟਰਸਾਇਕਲ ਚਲਾਵੇਗਾ ਤਾਂ ਉਸ ਦਾ ਕਾਨੂੰਨ ਅਨੁਸਾਰ ਚਲਾਣ ਕੱਟਿਆ ਜਾਵੇਗਾ ਅਤੇ ਕਿਸੇ ਨੂੰ ਵੀ ਬਖਸਿਆ ਨਹੀਂ ਜਾਵੇਗਾ ਭਾਵੇਂ ਉਹ ਕਿੰਨੇ ਵੀ ਅਸਰ ਰਸੂਖ਼ ਵਾਲਾ ਕਿਉਂ ਨਾ ਹੋਵੇ। ਉਨਾਂ ਵਿਦਿਆਰਥੀਆਂ ਦੇ ਮਾਪਿਆਂ ਨੂੰ ਕਿਹਾ ਕਿ ਉਹ ਆਪਣੇ ਬੱਚਿਆਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਲਈ ਪ੍ਰੇਤ ਕਰਨ ਤਾਂ ਬੇਲੋੜੀ ਖੱਜਲ ਖੁਆਰੀ ਤੋਂ ਬੱਚਿਆ ਜਾ ਸਕੇ।ਇਸ ਮੌਕੇ ਚੇਅਰਮੈਨ ਨਵਦੀਪ ਸਿੰਘ ਬਰਾੜ, ਡੀਪੀ ਸੰਦੀਪ ਅਤੇ ਮਨਜਿੰਦਰ ਸਿੰਘ ਵੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV



ਭਾਈ ਗੁਰਜੰਟ ਸਿੰਘ ਬੁਧ ਸਿੰਘ ਵਾਲਾ ਅਤੇ ਭਾਈ ਇਕਬਾਲ ਸਿੰਘ ਬੱਬਰ ਰਾਏਪੁਰਦੋ ਖਾਲਿਸਤਾਨੀ ਸ਼ਹੀਦਾਂ ਦੀਆਂ ਮਾਵਾਂ। ਤੇ ਨਾਲ ਮੇਰੀ ਧੀ ਗੁਰਮੇਹਰ ਕੌਰ ਅਤੇ ਮੇਰੀ ਸਿੰਘਣੀ(ਭਾਣਜੀ ਭਾਈ ਇਕਬਾਲ ਸਿੰਘ ਬੱਬਰ) ਜ਼ਦ ਥਾਣੇਦਾਰ ਮਿਤ ਸਿੰਘ ਨੇ ਜੁਲਮ ਕੀਤੇ ਤੇ ਖਾਸ ਕਰਕੇ ਸੰਤ ਭਿੰਡਰਾਂਵਾਲਿਆ ਦੇ ਪਿੰਡ ਰੋਡੇ ਜਾਕੇ ਹਕੂਮਤੀ ਦਹਿਸ਼ਤ ਪਾਉਣੀ ਚਾਹੀ ਤੇ ਭਾਈ ਗੁਰਜੰਟ ਸਿੰਘ ਦੇ ਪਰਿਵਾਰ ਨੂੰ ਨਿਸ਼ਾਨਾ ਬਣਾਇਆ ਤਾਂ ਸਿੰਘਾਂ ਨੇ ਥਾਣੇਦਾਰ ਮਿਤ ਸਿੰਘ ਦੇ ਜੁਲਮਾਂ ਦਾ ਇਨਸਾਫ ਕਰਨ ਦਾ ਫੈਸਲਾ ਕੀਤਾ। 15 ਸਤੰਬਰ 1987 ਨੂੰ ਸਿੰਘਾਂ ਨੇ ਬਾਘੇਪੁਰਾਣੇ ਦੇ ਹਰ ਗਲੀ ਮੋੜ ਉੱਤੇ ਨਾਕੇ ਮੱਲ ਲਏ ਜ਼ਦੋਂ ਪਾਪੀ ਮਿਤ ਸਿੰਘ ਥਾਣੇ ਵਿਚੋਂ ਨਿਕਲਕੇ ਡੀ.ਐਸ.ਪੀ.ਦਫਤਰ ਵੱਲ ਤੁਰਿਆ ਤਾਂ ਭਾਈ ਇਕਬਾਲ ਸਿੰਘ ਬੱਬਰ ਰਾਏਪੁਰ, ਦਰਸ਼ਨ ਸਿੰਘ ਬਿੱਲਾ ਤਖਾਣਬੱਧ ਭਾਈ ਲਖਬੀਰ ਸਿੰਘ ਲੱਖਾ ਥੱਲੇ ਕੇ ਵਾਲ਼ੇ ਅਤੇ ਭਾਈ ਅਜਮੇਰ ਸਿੰਘ ਲੋਧੀਵਾਲ ਨੇ ਗੋਲੀਆਂ ਦਾ ਮੀਂਹ ਵਰ੍ਹਾ ਦਿਤਾ। ਇਹ ਕਾਰਵਾਈ ਭਾਈ ਸਾਹਿਬ ਭਾਈ ਗੁਰਜੰਟ ਸਿੰਘ ਬੁਧ ਸਿੰਘ ਵਾਲਾ ਦੀ ਨਿਗਰਾਨੀ ਹੇਠ ਹੀ ਹੋਈ ਭਾਈ ਗੁਰਜੰਟ ਸਿੰਘ ਬੁਧ ਸਿੰਘ ਵਾਲਾ ਅਤੇ ਭਾਈ ਇਕਬਾਲ ਸਿੰਘ ਬੱਬਰ ਰਾਏਪੁਰ ਖਾਲਿਸਤਾਨੀ ਸੰਘਰਸ਼ ਵਿਚ ਸੇਵਾ ਕਰਦੇ ਹੋਏ ਧਰਮ ਹੇਤ ਸੀਸ ਵਾਰ ਗਏ। ਜਦ ਦੋਨਾਂ ਸਿੰਘਾਂ ਦੀਆ ਮਾਵਾਂ ਦਾ ਮਿਲਾਪ ਹੋਇਆ ਤਾਂ ਦੋਨਾਂ ਨੇ ਆਪਣੇ ਦਿਲ ਦੀਆਂ ਗੱਲਾਂ ਸਾਂਝੀਆਂ ਕੀਤੀਆਂ। (ਸਰਬਜੀਤ ਸਿੰਘ ਘੁਮਾਣ)

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਧੂਰੀ ਦਾ ਮਾਣ - ਬਿੰਨੂ ਢਿੱਲੋਂ



ਧਰਤੀ ਧੂਰੀ ਦੀ ਜਿਥੇ ਪੈਦਾ ਹੋਇਆ,
ਚਮਕਦਾ ਤਾਰਾ, ਅਦਾਕਾਰ ਬਣਿਆ।
ਬਿੰਨੂ ਢਿੱਲੋਂ ਜਿਸ ਦਾ ਨਾਮ ਵੱਡਾ,
ਹਾਸੇ ਰਾਹੀਂ ਸਭ ਨੂੰ ਰਾਹ ਦੱਸਦਾ।

ਪਿਤਾ ਹਰਬੰਸ ਢਿੱਲੋਂ ਚਿੱਤਰਕਾਰ,
ਕਲਾ ਦਾ ਸੀ ਘਰ, ਰੰਗਾਂ ਭਰਪੂਰ।
ਸੁਪਨਿਆਂ ਦੀ ਲੀਕ ਉੱਤੇ ਰੱਖੇ ਕਦਮ,
ਵਿਰਸੇ ਨੇ ਦਿੱਤਾ ਉੱਚਾ ਹੌਸਲਾ ਭਰਪੂਰ।

ਧੂਰੀ ਦੇ ਰਸਤੇ ਚਲਦਾ ਜਵਾਨ,
ਦੇਸ਼ ਭਗਤ ਕਾਲਜ ਵਿੱਚ ਬਣਿਆ ਸ਼ਾਨ।
ਕਿਤਾਬਾਂ ਦੇ ਨਾਲ ਸਵਪਨੇ ਵੀ ਪਲੇ,
ਸੰਗਰਸ਼ਾਂ ਦੇ ਰਾਹੀ ਨਵੀਂ ਰਾਹ ਬਣੇ।

ਭਗਵੰਤ ਮਾਨ ਦਾ ਸਾਥੀ ਵੀ ਰਿਹਾ,
ਹਾਸੇ ਵਿਚ ਰੰਗ ਉਹਨਾਂ ਨੇ ਮਿਲਾਇਆ।
ਮੰਚ ਤੇ ਜੋੜੇ ਬੇਇੰਤਹਾ ਤਾਲੀਆਂ,
ਹਰ ਦਿਲ 'ਚ ਉਹ ਨੇ ਹੱਸਾ ਛਵਾਇਆ।

ਦੇਸ਼ ਵਿਦੇਸ਼ ਜਿੱਥੇ ਵੀ ਗਿਆ,
ਪੰਜਾਬੀ ਸਭਿਆਚਾਰ ਦਾ ਚਿਹਰਾ ਬਣ ਗਿਆ।
ਸਿਨੇਮਾ ਵਿਚ ਲਿਆ ਰੰਗ ਨਵਾਂ,
ਹਾਸੇ ਵਿਚ ਛੁਪਿਆ ਸੋਚਾਂ ਦਾ ਧਾਰਾ।

ਧੂਰੀ ਦਾ ਪੁੱਤ ਏ ਮਾਣ ਲਾਇਕ,
ਜਿਸ ਦੀ ਕਲਾ ਸਾਰੀ ਦੁਨੀਆ ਜਾਣੇ।
ਬਿੰਨੂ ਢਿੱਲੋਂ - ਨਾਂ ਸਿਰਫ਼ ਇੱਕ ਕਲਾਕਾਰ,
ਪੰਜਾਬੀ ਆਤਮਾ ਦਾ ਸੱਚਾ ਅਧਿਕਾਰ।

-ਰਾਜੇਸ਼ਵਰ ਪਿੰਟੂ, ਧੂਰੀ, ਰਣਜੀਤ ਸਿੰਘ ਪੇਧਨੀ

ਆਵਾਜ਼ਿ ਕੌਮ AWAZE QAUM International Newspaper & WEB TV

## ਗ੍ਰਾਮ ਪੰਚਾਇਤ ਰੰਚਨਾ (ਰਜਿੰਦਰਾਪੁਰੀ) ਨੇ ਸਕੂਲ ਲਈ ਏ.ਸੀ. ਭੇਂਟ ਕੀਤੇ



ਸਿੱਖਿਆ ਵਿਭਾਗ ਪੰਜਾਬ ਵੱਲੋਂ ਪ੍ਰਾਪਤ ਹੋਈਆਂ ਹਦਾਇਤਾਂ " ਇੱਕ ਬੂਟਾ ਮਾਂ ਦੇ ਨਾਂ " ਅਨੁਸਾਰ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਰਾਜਿੰਦਰਾ ਪੁਰੀ ( ਰੰਚਣਾਂ ) ਬਲਾਕ ਧੂਰੀ ਦੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਨਗਰ ਪੰਚਾਇਤ ਦੇ ਸਹਿਯੋਗ ਨਾਲ਼ ਵੱਖੋ ਵੱਖ ਕਿਸਮਾਂ ਦੇ 60 ਬੂਟੇ ਲਗਾਏ ਗਏ ।ਸਰਪੰਚ ਮਨੋਜ ਕੁਮਾਰ ਸ਼ਰਮਾ ਦੀ ਅਗਵਾਈ ਵਿੱਚ ਸਮੂਹ ਪੰਚਾਇਤ ਮੈਂਬਰਾਂ ਵੱਲੋਂ ਅਧਿਆਪਕਾਂ ਦੇ ਕੰਮ , ਲਗਨ ਅਤੇ ਮਿਹਨਤ ਤੋਂ ਖ਼ੁਸ਼ ਹੋ ਕੇ ਸਾਰੇ ਕਮਰਿਆਂ ਲਈ ਏ.ਸੀ. ਭੇਂਟ ਕੀਤੇ ਗਏ ।ਸਟਾਫ਼ ਮੈਂਬਰਾਂ ਅਤੇ ਸਕੂਲ ਮੈਨੇਜਮੈਂਟ ਕਮੇਟੀ ਵੱਲੋਂ ਸਮੁੱਚੀ ਗ੍ਰਾਮ ਪੰਚਾਇਤ ਦਾ ਸਿਰੋਪਾਓ ਸਾਹਿਬ ਪਹਿਨਾ ਕੇ ਸਨਮਾਨ ਵੀ ਕੀਤਾ ਗਿਆ ।ਸ਼ੁਰੂ ਵਿੱਚ ਸਕੂਲ ਅਧਿਆਪਕ ਜਗਜੀਤ ਸਿੰਘ ਅਟਵਾਲ ਵੱਲੋਂ ਸੁਆਗਤ ਕਰਨ ਉਪਰੰਤ ਪੰਚਾਇਤ ਵੱਲੋਂ ਸੂਬੇਦਾਰ ਤਰਸੇਮ ਸਿੰਘ , ਮੈਨੇਜਮੈਂਟ ਕਮੇਟੀ ਵੱਲੋਂ ਮੂਲ ਚੰਦ ਸ਼ਰਮਾ ਤੇ ਗੋਲਡੀ , ਤੋਂ ਇਲਾਵਾ ਬੀ.ਆਰ.ਸੀ.ਧੂਰੀ ਭੂਪਿੰਦਰ ਸਿੰਘ ਅਤੇ ਹੈੱਡ ਟੀਚਰ ਭਸੌੜ ਜੀਵਨ ਸਿੰਘ ਨੇ ਆਪਣੇ ਵਿਚਾਰ ਹਾਜ਼ਰੀਨ ਨਾਲ਼ ਸਾਂਝੇ ਕੀਤੇ ।ਅੰਤ ਵਿੱਚ ਮੁੱਖ ਅਧਿਆਪਕ ਜਗਜੀਤ ਸਿੰਘ ਧੂਰੀ ਵੱਲੋਂ ਗ੍ਰਾਮ ਪੰਚਾਇਤ , ਪਤਵੰਤੇ ਸੱਜਣਾਂ ਅਤੇ ਨਗਰ ਨਿਵਾਸੀਆਂ ਦਾ ਧੰਨਵਾਦ ਕੀਤਾ ।ਇਸ ਮੌਕੇ ਹੋਰਨਾਂ ਤੋਂ ਇਲਾਵਾ ਅਧਿਆਪਕਾਵਾਂ ਰਵਿੰਦਰ ਕੌਰ , ਮਨਜੀਤ ਕੌਰ ਅਤੇ ਵਿਦਿਆਰਥੀਆਂ ਦੇ ਮਾਪੇ ਵੀ ਭਾਰੀ ਗਿਣਤੀ ਵਿੱਚ ਹਾਜ਼ਰ ਸਨ।

## ਨਸ਼ਿਆਂ ਵਿਰੁੱਧ ਚਲਾਈ ਮਹਿੰਮ ਤਹਿਤ 93 ਮੁਕੱਦਮੇ ਦਰਜ, 128 ਮੁਲਜ਼ਮ ਗ੍ਰਿਫਤਾਰ

### 02 ਕਿੱਲੋ 886 ਗ੍ਰਾਮ ਹੈਰੋਇਨ, 99 ਕਿੱਲੋ ਭੁੱਕੀ ਚੂਰਾ ਪੋਸਤ, 04 ਕਿੱਲੋ ਸੁਲਫਾ, 1100 ਨਸ਼ੀਲੀਆਂ ਗੋਲੀਆਂ, 10 ਨਸ਼ੀਲੇ ਟੀਕੇ, 05 ਨਸ਼ੀਲੀਆਂ ਸ਼ੀਸ਼ੀਆਂ ਅਤੇ 01,50,000/- ਰੁਪਏ ਡਰੱਗ ਮਨੀ ਬ੍ਰਾਮਦ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਸਰਤਾਜ ਸਿੰਘ ਚਾਹਲ, ਐਸ.ਐਸ.ਪੀ., ਸੰਗਰੂਰ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ "ਯੁੱਧ ਨਸ਼ਿਆਂ ਵਿਰੁੱਧ" ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 01.07.2025 ਤੋਂ 18.07.2025 ਤੱਕ ਡਰੱਗ ਦੇ 68 ਮੁਕੱਦਮੇ ਦਰਜ ਕਰ ਕੇ 101 ਮੁਲਜ਼ਮ ਕਾਬੂ ਕਰ ਕੇ 02 ਕਿੱਲੋ 886 ਗ੍ਰਾਮ ਹੈਰੋਇਨ, 99 ਕਿੱਲੋ ਭੁੱਕੀ ਚੂਰਾ ਪੋਸਤ, 04 ਕਿੱਲੋ ਸੁਲਫਾ, 1100 ਨਸੀਲੀਆਂ ਗੋਲੀਆਂ, 10 ਨਸ਼ੀਲੇ ਟੀਕੇ, 05 ਨਸ਼ੀਲੀਆਂ ਸ਼ੀਸ਼ੀਆਂ ਅਤੇ 01,50,000/- ਰੁਪਏ ਡਰੱਗ ਮਨੀ ਬ੍ਰਾਮਦ ਕਰਵਾਈ ਗਈ। ਨਾਜਾਇਜ਼ ਸ਼ਰਾਬ ਦਾ ਧੰਦਾ ਕਰਨ ਵਾਲਿਆਂ ਖਿਲਾਫ 25 ਮੁਕੱਦਮੇ ਦਰਜ ਕਰ ਕੇ 27 ਮੁਲਜ਼ਮਾਂ ਨੂੰ ਕਾਬੂ ਕਰ ਕੇ 562.875 ਲੀਟਰ ਸ਼ਰਾਬ ਠੇਕਾ ਦੇਸੀ, 15.750 ਲੀਟਰ ਸ਼ਰਾਬ ਨਾਜਾਇਜ਼, 530 ਲੀਟਰ ਲਾਹਣ ਬ੍ਰਾਮਦ ਕਰਵਾਈ ਗਈ। ਇਸ ਤੋਂ ਇਲਾਵਾ ਅਸਲਾ ਐਕਟ ਤਹਿਤ 01 ਮੁਕੱਦਮਾ ਦਰਜ ਕਰ ਕੇ 01 ਮੁਲਜ਼ਮ ਗ੍ਰਿਫਤਾਰ ਕਰਕੇ ਉਸ ਦੇ ਕਬਜ਼ੇ ਵਿੱਚੋਂ 01 ਪਿਸਟਲ ਸਮੇਤ 02 ਕਾਰਤੂਸ ਬ੍ਰਾਮਦ ਕਰਾਏ ਗਏ। ਇਸ ਸਮੇਂ ਦੌਰਾਨ ਨਸ਼ੇ ਸਪਲਾਈ ਦੇ ਰੈਕਟ ਦਾ ਪਰਦਾਫਾਸ਼ ਕਰ ਕੇ 03 ਕਥਿਤ ਦੋਸ਼ੀ ਕਾਬੂ ਕਰ ਕੇ 01 ਕਿੱਲੋ 625 ਗ੍ਰਾਮ ਚਿੱਟਾ/ਹੈਰੋਇਨ, 03 ਪਿਸਟਲ 32 ਬੋਰ, 02 ਦੇਸੀ ਕੱਟੇ 12 ਬੋਰ ਸਮੇਤ 13 ਰੌਂਦ ਅਤੇ 12 ਮੋਬਾਇਲ ਫੋਨ ਵੀ ਬ੍ਰਾਮਦ ਕੀਤੇ ਗਏ। ਮਿਤੀ 07.07.2025 ਨੂੰ ਸੰਗਰੂਰ ਪ੍ਰਸ਼ਾਸਨ ਵੱਲੋਂ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਦੇ ਚੱਲਦਿਆਂ 01 ਨਸ਼ਾ ਤਸਕਰ ਵੱਲੋਂ ਨਸ਼ਿਆਂ ਦੀ ਤਸਕਰੀ ਕਰਕੇ ਕਮੇਟੀ ਸੰਗਰੂਰ ਦੀ ਜ਼ਮੀਨ 'ਤੇ ਬਣਾਈ ਗੈਰਕਾਨੂੰਨੀ ਪ੍ਰਾਪਰਟੀ, ਬੁਲਡੋਜਰ ਚਲਾ ਕੇ ਢਾਹ ਦਿੱਤੀ ਗਈ। ਜ਼ਿਲ੍ਹਾ ਪੁਲਿਸ ਮੁਖੀ ਵੱਲੋਂ ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ।ਉਹਨਾਂ ਦੱਸਿਆ ਕਿ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰਾਂ ਨਾਲ ਮੀਟਿੰਗਾਂ ਕਰ ਕੇ ਆਮ ਪਬਲਿਕ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਅਰਸੇ ਦੌਰਾਨ ਵੱਖ ਵੱਖ ਗਜਟਿਡ ਅਫਸਰਾਂ ਵੱਲੋਂ 122 ਪਿੰਡਾਂ/ਸ਼ਹਿਰਾਂ ਵਿੱਚ ਆਮ ਪਬਲਿਕ ਨਾਲ ਮੀਟਿੰਗਾਂ ਕਰ ਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ। ਆਮ ਪਬਲਿਕ ਨੂੰ ਨਸ਼ੇ ਦਾ ਧੰਦਾਂ ਕਰਨ ਵਾਲੇ ਸਮੱਗਲਰਾਂ ਸਬੰਧੀ ਪੁਲਿਸ ਨੂੰ ਇਤਲਾਹਾਂ ਦੇਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਨਸ਼ਿਆਂ ਖਿਲਾਫ ਜੰਗ ਜਾਰੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV


ਬਾਲਾ ਪ੍ਰੀਤਮ ਧੰਨ ਧੰਨ ਗੁਰੂ ਹਰਿਕ੍ਰਿਸ਼ਨ ਸਾਹਿਬ ਸੱਚੇ ਪਾਤਸ਼ਾਹ ਜੀ ਦੇ ਪਾਵਨ ਪ੍ਰਕਾਸ਼ ਦਿਹਾੜੇ ਮੌਕੇ


# 85 ਪ੍ਰਾਣੀਆਂ ਨੇ ਕੀਤਾ ਖੰਡੇ ਬਾਟੇ ਦਾ ਅੰਮ੍ਰਿਤ ਪਾਨ

## ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਸਿੱਖ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ










ਬਾਲਾ ਪ੍ਰੀਤਮ ਧੰਨ ਧੰਨ ਗੁਰੂ ਹਰਿਕ੍ਰਿਸ਼ਨ ਸਾਹਿਬ ਸੱਚੇ ਪਾਤਸ਼ਾਹ ਜੀ ਦੇ ਪਾਵਨ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਪੰਜੋਖਰਾ ਸਾਹਿਬ ਪਾਤਸ਼ਾਹੀ 8ਵੀਂ ਅੰਬਾਲਾ ਵਿਖੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ "ਵਿਸ਼ੇਸ਼ ਗੁਰਮਤਿ ਸਮਾਗਮ" ਕੀਤੇ ਗਏ ਜਿਸ ਵਿੱਚ ਪੰਥ ਪ੍ਰਸਿੱਧ ਰਾਗੀ ਢਾਡੀ ਪ੍ਰਚਾਰਕ ਸੰਤ ਮਹਾਂਪੁਰਸ਼ਾਂ ਨੇ ਸੰਗਤਾਂ ਨਾਲ ਗੁਰਬਾਣੀ ਗੁਰਮਤਿ ਵਿਚਾਰ ਸਾਂਝੇ ਕੀਤੇ ਇਸ ਸਮੇਂ ਹੋਰਨਾਂ ਤੋਂ ਇਲਾਵਾ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਕੀਰਤਨੀਏ ਭਾਈ ਸ਼ੌਕੀਨ ਸਿੰਘ ਜੀ ਅਤੇ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ ਨੇ ਰਸਭਿੰਨਾ ਕੀਰਤਨ ਕੀਤਾ ਪੰਥ ਪ੍ਰਸਿੱਧ ਵਿਦਵਾਨ ਸੰਤ ਬਾਬਾ ਹਰੀ ਸਿੰਘ ਜੀ ਰੰਧਾਵੇ ਵਾਲਿਆਂ ਕਥਾ ਵੀਚਾਰ ਕੀਤੀ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਸਿੱਖ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਕਮੇਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਜਾਣਕਾਰੀ ਦਿੱਤੀ ਅਤੇ ਗੁਰਪੁਰਬ ਦੀ ਸਮੁੱਚੀ ਕਮੇਟੀ ਵੱਲੋਂ ਸੰਗਤਾਂ ਨੂੰ ਵਧਾਈ ਦਿੱਤੀ ਇਸ ਸਮੇਂ ਹਰਿਆਣਾ ਕਮੇਟੀ ਦੇ ਸਰਦਾਰ ਗੁਰਮੀਤ ਸਿੰਘ ਮੀਤਾ ਰਾਮਸਰ ਕਾਲਕਾ ਸੀਨੀਅਰ ਮੀਤ ਪ੍ਰਧਾਨ,ਸਰਦਾਰ ਗੁਰਬੀਰ ਸਿੰਘ ਤਲਾਕੌਰ ਯਮੁਨਾਨਗਰ ਜੂਨੀਅਰ ਮੀਤ ਪ੍ਰਧਾਨ,ਸਰਦਾਰ ਰੁਪਿੰਦਰ ਸਿੰਘ ਪੰਜ਼ੋਖਰਾ ਸਾਹਿਬ ਅੰਤ੍ਰਿੰਗ ਮੈਂਬਰ,ਸਰਦਾਰ ਸਵਰਨ ਸਿੰਘ ਬੁੰਗਾ ਟਿੱਬੀ ਮੈਂਬਰ ਅਤੇ ਚੇਅਰਮੈਨ ਲੰਗਰ ਖਰੀਦ ਵਿੰਗ,ਸਰਦਾਰ ਰਜ਼ਿੰਦਰ ਸਿੰਘ ਬਰਾੜਾ ਮੈਂਬਰ ਅਤੇ ਚੇਅਰਮੈਨ ਐਨ ਆਰ ਆਈ ਵਿੰਗ,ਬੀਬੀ ਕਰਤਾਰ ਕੌਰ ਸ਼ਾਹਬਾਦ ਮਾਰਕੰਡਾ ਮੈਂਬਰ ਅਤੇ ਚੇਅਰਮੈਨ ਹੈਲਥ ਵਿੰਗ,ਕੈਪਟਨ ਦਿਲਬਾਗ ਸਿੰਘ ਸਜ਼ਾਦਪੁਰ ਮੈਂਬਰ ਅਤੇ ਚੇਅਰਮੈਨ ਡੇਅਰੀ ਵਿਭਾਗ,ਸਰਦਾਰ ਗੁਰਤੇਜ ਸਿੰਘ ਅੰਬਾਲਾ ਸੀਨੀਅਰ ਮੈਂਬਰ,ਸਰਦਾਰ ਸੁਦਰਸ਼ਨ ਸਿੰਘ ਅੰਬਾਲਾ ਸਾਬਕਾ ਸੀਨੀਅਰ ਮੀਤ ਪ੍ਰਧਾਨ,ਸਰਦਾਰ ਸੁਖਵਿੰਦਰ ਸਿੰਘ ਮੰਡੇਬਰ ਸਾਬਕਾ ਜਰਨਲ ਸਕੱਤਰ,ਸਰਦਾਰ ਟੀਪੀ ਸਿੰਘ ਅੰਬਾਲਾ ਸਾਬਕਾ ਅੰਤ੍ਰਿੰਗ ਮੈਂਬਰ,ਸਰਦਾਰ ਇੰਦਰਜੀਤ ਸਿੰਘ ਵਾਸੂਦੇਵਾ ਸਾਬਕਾ ਮੈਂਬਰ,ਸਰਦਾਰ ਬੇਅੰਤ ਸਿੰਘ ਨਲਵੀ ਸਾਬਕਾ ਮੈਂਬਰ ਅਤੇ ਸਪੋਕਸਮੈਨ,ਸਰਦਾਰ ਚਰਨਜੀਤ ਸਿੰਘ ਟੱਕਰ,ਜਥੇਦਾਰ ਸੁਖਦੇਵ ਸਿੰਘ ਗੋਬਿੰਦਗੜ,ਸਰਦਾਰ ਹਨੀ ਸਿੰਘ ਅੰਬਾਲਾ,ਸਰਦਾਰ ਰਵਿੰਦਰ ਸਿੰਘ ਸੋਨੂੰ,ਸਰਦਾਰ ਓਮਰਾਉ ਸਿੰਘ ਛੀਨਾ ਕੈਂਥਲ ਵੀ ਜਥੇਦਾਰ ਦਾਦੂਵਾਲ ਜੀ ਨਾਲ ਹਾਜ਼ਰ ਸਨ ਸਮਾਗਮ ਵਿੱਚ ਸੰਤ ਬਾਬਾ ਮਨਮੋਹਣ ਸਿੰਘ ਬਾਰਨ ਵਾਲੇ,ਸਵਾਮੀ ਰਾਜੇਸ਼ਵਰਾ ਨੰਦ ਅੰਬਾਲਾ,ਸਰਦਾਰ ਹਰਮਨ ਸਿੰਘ ਥਾਨੇਸਰ ਮੈਂਬਰ,ਸਰਦਾਰ ਗੁਰਜੀਤ ਸਿੰਘ ਧਮੋਲੀ ਮੈਂਬਰ,ਸਰਦਾਰ ਸੁਖਜ਼ਿੰਦਰ ਸਿੰਘ ਮਸ਼ਾਨਾ ਮੈਂਬਰਪਤੀ ਨੇ ਵੀ ਹਾਜ਼ਰੀ ਭਰੀ ਸਰਦਾਰ ਰੁਪਿੰਦਰ ਸਿੰਘ ਪੰਜ਼ੋਖਰਾ ਸਾਹਿਬ ਅੰਤਰਿੰਗ ਮੈਂਬਰ ਨੇ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਇਸ ਮੌਕੇ ਹੋਏ ਅੰਮ੍ਰਿਤ ਸੰਚਾਰ ਵਿੱਚ 85 ਪਰਾਣੀਆਂ ਨੇ ਗੁਰੂ ਵਾਲੇ ਬਣਨਾ ਕੀਤਾ ਪੰਜ ਪਿਆਰਿਆਂ ਦੀ ਸੇਵਾ ਭਾਈ ਨਿਰਮਲ ਸਿੰਘ ਦਮਦਮੀ ਟਕਸਾਲ ਰੱਤਾ ਖੇੜਾ ਦੇ ਜਥੇ ਨੇ ਨਿਭਾਈ । ••

ਸਾਬਕਾ ਮੁੱਖ ਮੰਤਰੀ ਚੰਨੀ ਦਾ ਰਾਜਾਸਾਂਸੀ ਹਵਾਈ ਅੱਡੇ 'ਤੇ ਪੁੱਜਣ ਤੇ ਸਵਾਗਤ

# ਘੱਟ ਗਿਣਤੀ ਲੋਕ ਭਲਾਈ ਸੰਸਥਾ ਨੇ ਕੀਤਾ ਸਨਮਾਨਿਤ





**ਚੌਕ ਮਹਿਤਾ, 19 ਜੁਲਾਈ,( ਬਾਬਾ ਸੁਖਵੰਤ ਸਿੰਘ ਚੰਨਣਕੇ )**-ਕਾਂਗਰਸ ਦੇ ਚੋਟੀ ਦੇ ਸੂਬਾਈ ਆਗੂ ਅਤੇ ਸੂਬੇ ਦੇ ਸਾਬਕਾ ਮੁੱਖ ਮੰਤਰੀ ਤੇ ਲੋਕ ਸਭਾ ਹਲਕਾ ਜਲੰਧਰ ਤੋਂ ਮੈਂਬਰ ਸਰਦਾਰ ਚਰਨਜੀਤ ਸਿੰਘ ਚੰਨੀ ਦਾ ਰਾਜਾਸਾਂਸੀ ਹਵਾਈ ਅੱਡੇ ਤੇ ਪੁੱਜਣ ਤੇ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸ੍ਰ. ਸਤਨਾਮ ਸਿੰਘ ਗਿੱਲ ਅਤੇ ਉਨਾ ਦੀ ਟੀਮ ਦੇ ਸਾਥੀਆਂ ਨੇ ਚੰਨੀ ਦਾ ਸਵਾਗਤ ਕਰਨ ਉਪਰੰਤ ਸਿਰੋਪੇ ਨਾਲ ਸਨਮਾਨਿਤ ਕੀਤਾ। ਚੇਤੇ ਰਹੇ ਕਿ ਸ ਚੰਨੀ ਚੱਲਦੇ ਪਾਰਲੀਮੈਂਟ ਦੇ ਸੈਸ਼ਨ 'ਚ ਦਿੱਲੀ ਤੋਂ ਹਵਾਈ ਅੱਡੇ ਰਾਜਾਸਾਂਸੀ ਅੰਮ੍ਰਿਤਸਰ ਵਿਖੇ ਪਹੁੰਚੇ ਸ੍ਰ. ਚਰਨਜੀਤ ਸਿੰਘ ਚੰਨੀ ਕਾਂਗਰਸੀ ਪਾਰਟੀ ਵੱਲੋਂ ਮੋਗਾ ਵਿਖੇ ਆਯੋਜਿਤ ਕੀਤੀ ਗਈ ਸੰਵਿਧਾਨ ਬਚਾਓ ਰੈਲੀ 'ਚ ਸ਼ਮੂਲੀਅਤ ਕਰਨ ਲਈ ਪਹੁੰਚੇ ਹੋਏ ਸਨ। ਇਸ ਮੌਕੇ ਸਰਦਾਰ ਚੰਨੀ ਦਾ ਸਵਾਗਤ ਕਰਨ ਵਾਲਿਆਂ 'ਚ ਅੰਮ੍ਰਿਤਸਰ ਤੋਂ ਐਮਪੀ ਸ੍ਰ ਗੁਰਜੀਤ ਸਿੰਘ ਔਜਲਾ ਸਾਬਕਾ ਮੰਤਰੀ ਰਾਜ ਕੁਮਾਰ ਵੇਰਕਾ ਸਾਬਕਾ ਵਿਧਾਇਕ ਤਰਸੇਮ ਸਿੰਘ ਡੀਸੀ ਆਦਿ ਤੋਂ ਇਲਾਵਾ ਪੀਆਰਓ ਅੰਮ੍ਰਿਤਪਾਲ ਸਿੰਘ ਸ਼ਾਹਪੁਰ, ਮਿਲਨ ਸਿੰਘ ਗਿੱਲ ਅਤੇ ਸੂਬਾ ਸਕੱਤਰ ਰਾਜਵਿੰਦਰ ਸਿੰਘ ਯੋਧੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਨਾਨਕ ਦੁਖੀਆ ਸਭ ਸੰਸਾਰ

# ਦੁੱਖ ਦੀ ਅਸਲ ਵਜ੍ਹਾ — ਅਸੰਤੁਸ਼ਟ ਮਨ



**"ਨਾਨਕ ਦੁਖੀਆ ਸਭ ਸੰਸਾਰ,**
**ਸੋ ਸੁਖੀਆ ਜਿਸ ਨਾਮੁ ਆਧਾਰ"।।**

ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ ਮਨੁੱਖੀ ਜੀਵਨ ਦੀ ਸੱਚਾਈ ਨੂੰ ਬਹੁਤ ਸਪੱਸ਼ਟਤਾ ਨਾਲ ਪ੍ਰਗਟ ਕਰਦਾ ਹੈ।ਸ੍ਰੀ ਗੁਰੂ ਨਾਨਕ ਦੇਵ ਜੀ ਤੇ ਪਵਿੱਤਰ ਮੁਖਾਰਬਿੰਦ ਤੋਂ ਉਚਾਰਿਆ ਸ਼ਬਦ "ਨਾਨਕ ਦੁਖੀਆ ਸਭ ਸੰਸਾਰ, ਸੋ ਸੁਖੀਆ ਜਿਸ ਨਾਮੁ ਆਧਾਰ" ਮਨੁੱਖ ਨੂੰ ਜੀਵਨ ਦੇ ਅਸਲ ਸੁੱਖ ਅਤੇ ਦੁੱਖ ਦੇ ਕਾਰਨਾਂ ਨੂੰ ਖੰਗਾਲਦਾ ਹੈ।

**ਦੁੱਖ ਦੀ ਅਸਲ ਵਜ੍ਹਾ — ਅਸੰਤੁਸ਼ਟ ਮਨ**

ਇਨਸਾਨ ਦੁਨੀਆ ਵਿਚ ਜਨਮ ਲੈ ਕੇ ਅਨੇਕ ਤਰ੍ਹਾਂ ਦੀਆਂ ਖਾਹਿਸ਼ਾਂ ਅਤੇ ਇੱਛਾਵਾਂ ਪਾਲਣ ਲੱਗ ਪੈਂਦਾ ਹੈ। ਇੱਛਾਵਾਂ ਦੀ ਬੇਲਗਾਮ ਦੌੜ ਇਨਸਾਨ ਨੂੰ ਦੁੱਖਾਂ ਦੇ ਭਵ ਸਾਗਰ ਵੱਲ ਧੱਕ ਦਿੰਦੀ ਹੈ। ਜਦੋਂ ਇਹਨਾਂ ਇੱਛਾਵਾਂ ਦੀ ਪੂਰਤੀ ਨਹੀਂ ਹੁੰਦੀ ਉਹ ਦੁੱਖੀ ਹੁੰਦਾ ਹੈ ਤੇ ਜੇਕਰ ਇਹਨਾਂ ਇੱਛਾਵਾਂ ਦੀ ਪੂਰਤੀ ਹੋ ਜਾਂਦੀ ਹੈ ਤਾਂ ਉਸ ਵਿੱਚ ਹਉਮੈ ਆ ਜਾਂਦੀ ਹੈ, ਉਹ ਹੰਕਾਰੀ ਹੋ ਕੇ ਪਰਮ - ਪਿਤਾ ਪਰਮਾਤਮਾ ਨੂੰ ਵੀ ਭੁੱਲ ਜਾਂਦਾ ਹੈ ਤੇ ਦੁੱਖ ਝੱਲਦਾ ਹੈ। ਗੁਰਬਾਣੀ ਵਿੱਚ ਲਿਖਿਆ ਹੈ :

**ਹਉਮੈ ਵਿੱਚ ਜਗ ਉਪਜੇ ਪੁਰਖਾ**
**ਨਾਮ ਬਿਸਰਿਐ ਦੁੱਖ ਪਾਈ।।**

ਇਸੇ ਦੌੜ ਵਿੱਚ ਸ਼ਾਮਿਲ ਹੋਇਆ ਮਨੁੱਖ ਅੱਖਾਂ ਤੇ ਪੱਟੀ ਬੰਨ ਕੇ ਕਦੇ ਪੈਸੇ ਪਿੱਛੇ ,ਕਦੇ ਸ਼ੋਹਰਤ ਪਿੱਛੇ ,ਕਦੇ ਨਾਮ ਪਿੱਛੇ ਅਤੇ ਕਦੇ ਤਿੜਕਦੇ ਰਿਸ਼ਤਿਆਂ ਲਈ ਭੱਜ ਰਿਹਾ ਹੈ ਪਰ ਇਸ ਦੌੜ ਦਾ ਨਤੀਜਾ ਉਸ ਨੂੰ ਸਿਰਫ ਸਿਰਫ ਤਣਾਅ, ਅਸ਼ਾਂਤੀ ਤੇ ਦੁੱਖ ਹੀ ਦਿੰਦਾ ਹੈ। ਗੁਰੂ ਨਾਨਕ ਦੇਵ ਜੀ ਫਰਮਾਉਂਦੇ ਹਨ ਦੁਨੀਆਂ ਦੇ ਲੋਕ ਅੰਦਰੋਂ ਦੁੱਖੀ ਹਨ ਭਾਵੇਂ ਉਹ ਬਾਹਰੋਂ ਕਿੰਨੇ ਵੀ ਸੁੱਖੀ ਦਿਸਦੇ ਹੋਣ। ਉਪਰੋਕਤ ਦੀ ਤਰਜ਼ਮਾਨੀ ਬਾਬਾ ਫਰੀਦ ਜੀ ਆਪਣੇ ਸ਼ਬਦਾਂ ਰਾਹੀਂ ਕਰਦੇ ਹਨ।

**ਫ਼ਰੀਦਾ ਮੈਂ ਜਾਨਿਆ ਦੁਖ ਮੁਝ ਕੁ ਦੁਖ ਸਬਾਇਐ ਜਗੁ ॥**
**ਉੱਚੇ ਚੜ੍ਹ ਕੇ ਦੇਖਿਆ ਘਰਿ ਘਰਿ ਏਹਾ ਅਗੁ ॥**

**ਅਸਲ ਸੁੱਖ ਦੀ ਪਰਿਭਾਸ਼ਾ**

ਸੁੱਖ ਦਾ ਅਰਥ ਸਿਰਫ ਭੌਤਿਕ ਆਰਾਮ ਨਹੀਂ ਬਲਕਿ ਅਸਲ ਸੁੱਖ ਉਹ ਹੈ ਜੋ ਮਨ ਨੂੰ ਅੰਦਰੋਂ ਠੰਢ ਪਾ ਦੇਵੇ ਜੋ ਆਤਮਾ ਨੂੰ ਸੰਤੁਸ਼ਟੀ ਦੇਵੇ। ਇਸ ਸੁੱਖ ਦਾ ਸਰੋਤ ਕੇਵਲ ਤੇ ਕੇਵਲ ਪਰਮ ਪਿਤਾ ਪ੍ਰਭੂ ਪਰਮੇਸ਼ਵਰ ਦਾ ਨਾਮ ਹੈ। ਧੰਨ ਗੁਰੂ ਨਾਨਕ ਸਾਹਿਬ ਸਮਝਾਉਂਦੇ ਹਨ "ਸੋ ਸੁਖੀਆ ਜਿਸ ਨਾਮੁ ਆਧਾਰ" — ਜਿਸ ਵਿਅਕਤੀ ਨੇ ਆਪਣਾ ਆਧਾਰ ਪ੍ਰਭੂ ਦੀ ਯਾਦ ਨੂੰ ਬਣਾ ਲਿਆ ਉਹ ਕਦੇ ਦੁੱਖੀ ਨਹੀਂ ਹੋ ਸਕਦਾ। ਉਸਨੂੰ ਦੁਨੀਆਂ ਦੇ ਉਤਾਰ ਚੜ੍ਹਾਵ ਨਾਲ ਕੋਈ ਫਰਕ ਨਹੀਂ ਪੈਂਦਾ ਕਿਉਂਕਿ ਉਹ ਆਪਣੇ ਮਨ ਨੂੰ ਨਾਮ ਦੀ ਖੁਸ਼ਬੂ ਨਾਲ ਭਰ ਲੈਂਦਾ ਹੈ।

**ਨਾਮ ਦਾ ਅਰਥ ਕੀ ਹੈ ?**

ਗੁਰਬਾਣੀ ਵਿੱਚ 'ਨਾਮ' ਸਿਰਫ ਇੱਕ ਸ਼ਬਦ ਨਹੀਂ, ਇਹ ਇੱਕ ਆਤਮਿਕ ਅਨੁਭਵ ਹੈ। ਨਾਮ ਅਰਥਾਤ ਪ੍ਰਭੂ ਦੀ ਯਾਦ, ਸਿਮਰਨ ਅਤੇ ਇਨਸਾਨ ਦਾ ਪ੍ਰਮਾਤਮਾ ਨਾਲ ਆਤਮਿਕ ਜੋੜ। ਜਦੋਂ ਮਨੁੱਖ ਆਪਣੇ ਮਨ ਨੂੰ ਨਾਮ ਨਾਲ ਜੋੜਦਾ ਹੈ ਉਹ ਹੌਲੀ-ਹੌਲੀ ਆਪਣੇ ਅੰਦਰ ਦੇ ਲੋਭ, ਹੰਕਾਰ, ਈਰਖਾਂ,ਕਾਮ ਅਤੇ ਕ੍ਰੋਧ ਵਰਗੇ ਵਿਕਾਰਾਂ ਤੇ ਕਾਬੂ ਪਾਉਣ ਲਈ ਦ੍ਰਿੜ ਸੰਕਲਪਿਤ ਹੋ ਜਾਂਦਾ ਹੈ। ਨਾਮ ਸਿਮਰਨ ਕਰਕੇ ਮਨੁੱਖ ਆਤਮਿਕ ਤੌਰ ਤੇ ਮਜ਼ਬੂਤ ਅਤੇ ਅਡੋਲ ਬਣ ਜਾਂਦਾ ਹੈ।

**ਅਮਲੀ ਜੀਵਨ ਵਿੱਚ ਨਾਮ ਦੀ ਅਹਿਮੀਅਤ**

ਅੱਜਕੱਲ੍ਹੇ ਪਦਾਰਥਵਾਦ ਦੀ ਅੰਨ੍ਹੀ ਭੱਜ ਦੌੜ ਭਰੀ ਜ਼ਿੰਦਗੀ ਵਿੱਚ ਨਾਮ ਹੀ ਉਹ ਸਾਧਨ ਹੈ ਜੋ ਮਨੁੱਖ ਨੂੰ ਅਸਲ ਸੁੱਖ ਦੇ ਸਕਦਾ ਹੈ। ਰੋਜ਼ਾਨਾ ਨਾਮ ਸਿਮਰਨ, ਗੁਰਬਾਣੀ ਪੜ੍ਹਨ ਅਤੇ ਵਿਚਾਰ ਕਰਨ ਨਾਲ ਮਨੁੱਖ ਦਾ ਡਾਵਾਂ ਡੋਲ ਹੋਇਆ ਮਨ ਸ਼ਾਂਤ ਹੋ ਜਾਂਦਾ ਹੈ ।ਗੁਰਮਤਿ ਅਨੁਸਾਰ ਨਾਮ ਸਿਮਰਨ ਸਿਰਫ ਧਾਰਮਿਕ ਕਰਤੱਵ ਨਹੀਂ ਸਗੋਂ ਜੀਵਨ ਨੂੰ ਸੰਤੁਲਨ ਵਿੱਚ ਰੱਖਣ ਵਾਲਾ ਇਕ ਮਾਧਿਅਮ ਹੈ।

**ਨਾਮ ਹੀ ਸੁੱਖਾਂ ਦਾ ਸਰੋਤ ਹੈ**

ਆਵਾਜ਼ਿ ਕੌਮ AWAZE QAUM International Newspaper & WEB TV

ਉਪਰੋਕਤ ਸ਼ਬਦ ਦੇ ਰਾਹੀਂ ਧੰਨ ਸ੍ਰੀ ਗੁਰੂ ਨਾਨਕ ਸਾਹਿਬ ਦਾ ਮੂਲ ਭਾਵ ਇਹ ਹੈ ਕਿ ਦੁੱਖਾਂ ਤੋਂ ਮੁਕਤੀ ਅਤੇ ਅਸਲ ਸੁੱਖ ਪ੍ਰਾਪਤ ਕਰਨ ਦਾ ਇੱਕ ਮਾਤਰ ਸਰੋਤ ਨਾਮ ਸਿਮਰਨ ਵਿੱਚ ਹੈ। ਦੁਨੀਆ ਦੀਆਂ ਸਮੁੱਚੀਆਂ ਪਦਾਰਥਵਾਦ ਚੀਜ਼ਾਂ ਅਸਥਿਰ ਹਨ; ਮੌਜੂਦਾ ਕਾਲ ਵਿੱਚ ਇਨਸਾਨ ਨੂੰ ਸੁੱਖ ਦੇਣ ਵਾਲੀਆਂ ਚੀਜ਼ਾਂ ਵੀ ਕੱਲ੍ਹ ਨੂੰ ਦੁੱਖ ਦਾ ਕਾਰਣ ਬਣ ਸਕਦੀਆਂ ਹਨ। ਪਰ ਜੋ ਮਨੁੱਖ ਪ੍ਰਭੂ ਦੇ ਨਾਮ ਨੂੰ ਆਧਾਰ ਬਣਾਉਂਦਾ ਹੈ ਉਸਦੇ ਮਨ ਵਿਚ ਹਮੇਸ਼ਾ ਅਟੱਲ ਸੁੱਖ ਬਣਿਆ ਰਹਿੰਦਾ ਹੈ ।ਗੁਰੂ ਨਾਨਕ ਦੇਵ ਜੀ ਸਮਝਾਉਂਦੇ ਹਨ ਕਿ ਮਨੁੱਖੀ ਜੀਵਨ ਵਿਚ ਦੁੱਖਾਂ ਦਾ ਬਹੁਤ ਮਹੱਤਵਪੂਰਨ ਸਥਾਨ ਹੈ।

**ਉਹ ਫ਼ਰਮਾਉਂਦੇ ਹਨ : ਦੁੱਖ ਦਾਰੂ ਸੁਖ ਰੋਗ ਭਇਆ ॥**

ਗੁਰੂ ਸਾਹਿਬ ਸਮੁੱਚੀ ਲੋਕਾਈ ਨੂੰ ਸਮਝਾਉਂਦੇ ਹਨ ਕਿ ਮਨੁੱਖੀ ਸਰੀਰ ਲਈ ਦੁੱਖ ਭੋਗਣਾ ਇੱਕ ਦਾਰੂ ਹੈ ਅਤੇ ਜੋ ਮਨੁੱਖ ਕੇਵਲ ਸੁੱਖਾਂ ਦੇ ਵਿੱਚ ਗ੍ਰਸਤ ਰਹਿੰਦਾ ਹੈ ਉਹ ਆਪਣੇ ਆਪ ਨੂੰ ਰੋਗੀ ਬਣਾ ਲੈਂਦਾ ਹੈ। ਦੁੱਖਾਂ ਨਾਲ ਜੂਝਦਾ ਬੰਦਾ ਸੁੱਖਾਂ ਦੀ ਪ੍ਰਾਪਤੀ ਲਈ ਯਤਨਸ਼ੀਲ ਹੁੰਦਾ ਹੈ ਅਤੇ ਉਸਾਰੂ ਮੱਤ ਨਾਲ ਚੜ੍ਹਦੀ ਕਲਾ ਵਾਲੇ ਕੰਮ ਕਰਨ ਬਾਰੇ ਲੋਚਦਾ ਹੈ। ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਫਰਮਾਉਂਦੇ ਹਨ ਕਿ ਦੁਨੀਆਂ ਦੇ ਮੋਹ-ਮਾਇਆ ਦੇ ਪਿੱਛੇ ਦੌੜਣ ਦੀ ਬਜਾਏ ਨਾਮ ਦੀ ਬਰਕਤ ਲੈਣੀ ਚਾਹੀਦੀ ਹੈ। ਅਸਲ ਸੁੱਖਾਂ ਦੀ ਚਾਬੀ ਨਾਮ ਵਿਚ ਹੈ। ਜੋ ਮਨੁੱਖ ਆਪਣੇ ਜੀਵਨ ਵਿੱਚ ਨਾਮ ਨੂੰ ਅਮਲ ਵਿੱਚ ਲਿਆਉਂਦਾ ਹੈ ਉਹ ਦੁੱਖਾਂ ਦੇ ਸਮੁੰਦਰ ਨੂੰ ਪਾਰ ਕਰ ਜਾਂਦਾ ਹੈ। ਭੁੱਲ ਚੁੱਕ ਦੀ ਖਿਮਾ

**-ਦਾਸ ਸੁਰਿੰਦਰ ਪਾਲ ਸਿੰਘ, ਸ੍ਰੀ ਅੰਮ੍ਰਿਤਸਰ ਸਾਹਿਬ ਪੰਜਾਬ।**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਬੀਬੀ ਸੁਰਿੰਦਰ ਕੌਰ ਵੱਲੀਆਂ ਦੀ 5ਵੀਂ ਬਰਸੀ 23 ਜੁਲਾਈ ਨੂੰ



**ਫਿਰੋਜ਼ਪੁਰ 19 ਜੁਲਾਈ (ਮਨੋਹਰ ਲਾਲ)**-ਇੰਟਰਨੈਸ਼ਨਲ ਪੰਥਕ ਦਲ ਧਾਰਮਿਕ ਵਿੰਗ ਦੇ ਪੰਜਾਬ ਪ੍ਰਧਾਨ ਅਤੇ ਸਮਾਜ ਸੇਵੀ ਬਾਬਾ ਸਤਨਾਮ ਸਿੰਘ ਵੱਲੀਆਂ ਜੀ ਦੇ ਧਰਮ ਸੁਪਤਨੀ ਬੀਬੀ ਸੁਰਿੰਦਰ ਕੌਰ ਵੱਲੀਆਂ ਜੀ ਦੀ ਯਾਦ ਵਿੱਚ 5 ਵਾਂ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਜਾਣਕਾਰੀ ਦਿੰਦਿਆਂ ਬਾਬਾ ਸਤਨਾਮ ਸਿੰਘ ਵੱਲੀਆਂ ਜੀ ਨੇ ਦੱਸਿਆ ਕਿ ਬੀਬੀ ਸੁਰਿੰਦਰ ਕੌਰ ਵੱਲੀਆਂ ਦੀ 5 ਵੀਂ ਬਰਸੀ ਦੇ ਸਬੰਧ ਵਿੱਚ ਪਿਛਲੇ ਕੁਝ ਦਿਨਾਂ ਤੋਂ ਸ੍ਰੀ ਸਹਿਜ ਪਾਠ ਆਰੰਭ ਕੀਤੇ ਗਏ ਹਨ ਜਿਨ੍ਹਾਂ ਦਾ 23 ਜੁਲਾਈ ਦਿਨ ਬੁੱਧਵਾਰ ਨੂੰ ਨੂੰ ਭੋਗ ਪਾਏ ਜਾਣਗੇ। ਇਸ ਮੌਕੇ ਇਲਾਹੀ ਬਾਣੀ ਦੇ ਕੀਰਤਨ ਕੀਤੇ ਜਾਣਗੇ ਅਤੇ ਪੰਥਕ ਪ੍ਰਚਾਰਕਾਂ ਵੱਲੋਂ ਗੁਰ ਇਤਿਹਾਸ ਅਤੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਜਾਵੇਗੀ। ਇਸ ਮੌਕੇ ਗੁਰੂ ਕਾ ਲੰਗਰ ਅਤੇ ਖੀਰ ਪੂੜਿਆਂ ਦੇ ਲੰਗਰ ਅਤੁੱਟ ਵਰਤਾਏ ਜਾਣਗੇ। ਇਸ ਮੌਕੇ ਬਾਬਾ ਸਤਨਾਮ ਸਿੰਘ ਜੀ ਵੱਲੀਆਂ ਨੇ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਲਈ ਬੇਨਤੀ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਕੇਂਦਰੀ ਟਰੇਡ ਯੂਨੀਅਨਾ ਅਤੇ ਮੁਲਾਜ਼ਮ ਫੈਡਰੇਸ਼ਨਾਂ ਵਲੋਂ

# ਦੇਸ਼ ਵਿਆਪੀ ਹੜਤਾਲ ਦੇ ਸੱਦੇ ਤਹਿਤ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਬਸ ਸਟੈਂਡ ਤੇ ਰੈਲੀ ਉਪਰੰਤ ਚੱਕਾ ਜਾਮ





**ਹੁਸ਼ਿਆਰਪੁਰ, 9 ਜੁਲਾਈ (ਆਵਾਜ਼ਿ ਕੌਮ ਬਿਊਰੋ )**- ਕੇਂਦਰੀ ਟਰੇਡ ਯੂਨੀਅਨਾਂ ਅਤੇ ਮੁਲਾਜ਼ਮ ਫੈਡਰੇਸ਼ਨਾ ਵੱਲੋਂ ਦਿੱਤੇ ਦੇਸ਼ ਵਿਆਪੀ ਹੜਤਾਲ ਦੇ ਸੱਦੇ ਤਹਿਤ ਅੱਜ ਇਥੇ ਬਸ ਸਟੈਂਡ ਵਿੱਚ ਪੰਜਾਬ ਦੇ ਮੁਲਾਜ਼ਮਾ ਅਤੇ ਪੈਨਸ਼ਨਰਾਂ ਵੱਲੋਂ ਰੈਲੀ ਕਰਨ ਉਪਰੰਤ ਚੱਕਾ ਜਾਮ ਕੀਤਾ ਗਿਆ। ਇਸ ਵਿੱਚ ਕਿਸਾਨ ਆਗੂ ਤੇ ਟਰੇਡ ਯੂਨੀਅਨਾਂ ਦੇ ਆਗੂ ਅਤੇ ਵਰਕਰ ਵੀ ਸ਼ਾਮਲ ਹੋਏ। ਇਹ ਹੜਤਾਲ ਕੇਂਦਰੀ ਤੇ ਸੂਬਾਈ ਸਰਕਾਰਾਂ ਦੀਆਂ ਲੋਕ ਮਾਰੂ,ਦੇਸ਼ ਵਿਰੋਧੀ ਨਵ ਉਦਾਰਵਾਦੀ ਨੀਤੀਆਂ ਰੱਦ ਕਰਵਾਉਣ ਲਈ ਅਤੇ ਫਿਰਕੂ-ਫਾਸ਼ੀ , ਫੁਟਪਾਊ ਤਾਕਤਾਂ ਵਲੋਂ ਜਮਹੂਰੀ ਲਹਿਰ ਨੂੰ ਲੀਰੋ ਲੀਰ ਕਰਨ ਦੀਆਂ ਸਾਜਿਸ਼ਾਂ ਨੂੰ ਭਾਜ ਦੇਣ ਲਈ ਕੀਤੀ ਗਈ। ਇਸ ਮੌਕੇ ਮੁਲਾਜ਼ਮ ਆਗੂ ਸਤੀਸ਼ ਰਾਣਾ, ਹਰਨਿੰਦਰ ਕੌਰ, ਪੈਨਸ਼ਨਰ ਆਗੂ ਕੁਲਵਰਨ ਸਿੰਘ, ਕਿਸਾਨ ਆਗੂ ਦਵਿੰਦਰ ਸਿੰਘ ਕਕੋਂ, ਜਗਤਾਰ ਸਿੰਘ ਭਿੰਡਰ, ਹਰਬੰਸ ਸਿੰਘ ਸੰਘਾ, ਓਮ ਸਿੰਘ ਸਟਿਆਣਾ, ਟਰੇਡ ਯੂਨੀਅਨ ਆਗੂ ਗੰਗਾ ਪ੍ਰਸਾਦ, ਓਕਾਰ ਸਿੰਘ, ਅਸ਼ਵਨੀ ਸ਼ਰਮਾ, ਰਜਿੰਦਰ ਸਿੰਘ ਆਜ਼ਾਦ ਨੇ ਆਖਿਆ ਕਿ ਕੇਂਦਰ ਤੇ ਸੂਬਾ ਸਰਕਾਰ ਦੀਆਂ ਇਹ ਨੀਤੀਆਂ ਜਲ, ਜੰਗਲ, ਜ਼ਮੀਨ, ਪਬਲਿਕ ਸੈਕਟਰ ਸਮੇਤ ਦੇਸ਼ ਦੇ ਕੁਲ ਕੁਦਰਤੀ ਤੇ ਮਾਨਵੀ ਵਸੀਲੇ ਅਡਾਨੀ-ਅੰਬਾਨੀ ਜਿਹੇ ਜੁੰਡੀ ਪੂੰਜੀਪਤੀਆਂ ਤੇ ਬਹੁਕੌਮੀ ਕੰਪਨੀਆਂ ਹੱਥੀਂ ਲੁਟਾਉਣ ਦਾ ਜਰੀਆ ਹਨ। ਆਗੂਆਂ ਇਸ ਮੌਕੇ ਮੰਗ ਕੀਤੀ ਕਿ ਕਿਰਤੀਆਂ ਨੂੰ ਕਾਰਪੋਰੇਟਾਂ ਦੇ ਗੁਲਾਮ ਬਣਾਉਣ ਲਈ ਘੜੇ 4 ਕਿਰਤ ਕੋਡ ਰੱਦ ਕਰਨ ਤੇ ਮਜ਼ਦੂਰ ਪੱਖੀ ਕਿਰਤ ਕਾਨੂੰਨ ਬਹਾਲ ਕੀਤੇ ਜਾਣ, ਨਵੀਂ ਸਿਖਿਆ ਨੀਤੀ ਤੇ ਬਿਜਲੀ ਸੋਧ ਕਾਨੂੰਨ 2020 ਰੱਦ ਕੀਤਾ ਜਾਵੇ, ਲੋਕ ਵਿਰੋਧੀ ਸੰਵਿਧਾਨਕ ਸੋਧਾਂ ਖਾਰਜ ਕੀਤੀਆਂ ਜਾਣ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ ਅਤੇ ਸੂਬੇ ਦੀ ਭਗਵੰਤ ਮਾਨ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਅਤੇ ਹੱਕੀ ਮੰਗਾਂ ਲਈ ਲੜ ਰਹੇ ਸੰਗਠਨਾਂ 'ਤੇ ਢਾਹੇ ਜਾ ਰਿਹਾ ਪੁਲਸ ਜਬਰ ਦੀ ਜ਼ੋਰਦਾਰ ਨਿਖੇਧੀ ਕੀਤੀ , ਦਿ ਪੰਜਾਬ ਸ਼ਾਪਸ ਐਂਡ ਅਦਰ ਏਸਟੇਬਲਿਸ਼ਮੈਂਟ ਐਕਟ-1958' 'ਚ ਧਨਾਢ ਪੱਖੀ ਸੋਧਾਂ ਕਰਕੇ ਛੋਟੇ ਅਦਾਰਿਆਂ 'ਚ ਮਾਮੂਲੀ ਰੁਜ਼ਗਾਰ ਪ੍ਰਾਪਤ ਕਰਨ ਵਾਲੇ ਲੱਖਾਂ ਗਰੀਬ ਕਿਰਤੀਆਂ ਨੂੰ ਇਕੋ ਝਟਕੇ 'ਚ ਹਰ ਤਰ੍ਹਾਂ ਦੀ ਕਾਨੂੰਨੀ ਸੁਰੱਖਿਆ ਤੇ ਸਮੁੱਚੇ ਕਿਰਤ ਅਧਿਕਾਰਾਂ ਤੋਂ ਵਾਂਝੇ ਕਰਨ ਵਾਲਾ, ਮਜ਼ਦੂਰਾਂ ਦੀ ਕੰਮ ਦਿਹਾੜੀ 8 ਤੋਂ ਵਧਾ ਕੇ12 ਘੰਟੇ ਕਰਦਾ ਨੋਟੀਫਿਕੇਸ਼ਨ ਰੱਦ ਕਰਨ ਦੀ ਵੀ ਜ਼ੋਰਦਾਰ ਮੰਗ ਕੀਤੀ ਹੈ। ਇਸ ਮੋਕੇ ਉਕਤ ਆਗੂਆਂ ਤੋਂ ਇਲਾਵਾ ਮਨਜੀਤ ਸਿੰਘ ਸੈਣੀ, ਮਨਜੀਤ ਬਾਜਵਾ, ਰਾਕੇਸ਼ ਕੁਮਾਰ ਮਹਿਲਾਂਵਾਲੀ , ਰਾਜ ਰਾਣੀ, ਗੁਰਪ੍ਰੀਤ ਸਿੰਘ , ਬਲਬੰਤ ਸਿੰਘ,ਸ਼ਮਸ਼ੇਰ ਸਿੰਘ ਧਾਮੀ, ਅਮਨਦੀਪ ਸ਼ਰਮਾ, ਸੰਜੀਵ ਧੂਤ, ਬਲਜੀਤ ਸਿੰਘ, ਬਲਵੀਰ ਸੈਣੀ, ਤਰਸੇਮ ਲਾਲ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।

# ਦੇਸ਼ ਵਿਆਪੀ ਹੜਤਾਲ ਤਹਿਤ ਮੁਲਾਜ਼ਮ ਜਥੇਬੰਦੀਆਂ ਨੇ ਦਸੂਹਾ ਵਿਖੇ ਕੀਤਾ ਰੋਸ ਪ੍ਰਦਰਸ਼ਨ

**ਹੁਸ਼ਿਆਰਪੁਰ, 9 ਜੁਲਾਈ (ਆਵਾਜ਼ਿ ਕੌਮ ਬਿਊਰੋ )**- ਦੇਸ਼ਿਵਆਪੀ ਹੜਤਾਲ ਤਹਿਤ ਅੱਜ ਦਸੂਹਾ ਵਿਖੇ ਪੰਜਾਬ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਦੇ ਆਗੂ ਦਲਵੀਰ ਸਿੰਘ ਭੁੱਲਰ, ਡੈਮੋਕ੍ਰੈਟਿਕ ਮੁਲਾਜ਼ਮ ਫੈਡਰੇਸ਼ਨ (ਡੀ.ਐੱਮ.ਐੱਫ਼.) ਦੇ ਜ਼ਿਲ੍ਹਾ ਜਨਰਲ ਸਕੱਤਰ ਮਨਜੀਤ ਸਿੰਘ ਦਸੂਹਾ, ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ (ਪੀ.ਪੀ.ਪੀ.ਐੱਫ਼.) ਦੇ ਦੋਆਬਾ ਜੋਨ ਦੇ ਕਨਵੀਨਰ ਇੰਦਰ ਸੁਖਦੀਪ ਸਿੰਘ ਓਢਰਾ, ਪੰਜਾਬ ਸੁਬਾਡੀਨੇਟ ਸਰਵਿਸਿਜ਼ ਫੈਡਰੇਸ਼ਨ (ਪ.ਸ.ਸ.ਫ.) ਦੇ ਆਗੂ ਸ਼ਾਂਤੀ ਸਰੂਪ, ਡੈਮੋਕ੍ਰੇਟਿਕ ਜੰਗਲਾਤ ਵਰਕਰਜ਼ ਯੂਨੀਅਨ ਦੇ ਮੰਡਲ ਪ੍ਰਧਾਨ ਜਗੀਰ ਸਿੰਘ ਅਤੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਗੜਦੀਵਾਲਾ ਦੇ ਆਗੂ ਪ੍ਰਿਸ ਆਦਿ ਆਗੂਆਂ ਦੀ ਅਗਵਾਈ ਹੇਠ ਦਸੂਹਾ ਵਿਖੇ ਵੱਖ ਵੱਖ ਵਿਭਾਗਾਂ ਦੇ ਮੁਲਾਜ਼ਮਾਂ ਨੇ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ। ਆਗੂਆਂ ਨੇ ਆਖਿਆ ਕਿ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੀ ਕੇਂਦਰ ਸਰਕਾਰ ਦੇ ਨਕਸ਼ੇ ਕਦਮਾਂ ਤੇ ਚੱਲਦਿਆਂ ਮਜ਼ਦੂਰਾਂ, ਮੁਲਾਜ਼ਮਾਂ ਤੇ ਮਾਣਭੱਤਾ ਵਰਕਰਾਂ ਦੇ ਮਸਲੇ ਹੱਲ ਕਰਨ ਤੋਂ ਟਾਲਾ ਵੱਟ ਰਹੀ ਹੈ। ਆਗੂਆਂ ਨੇ ਆਖਿਆ ਕਿ ਜਿੱਥੇ ਆਮ ਆਦਮੀ ਪਾਰਟੀ ਵੱਲੋਂ ਮਾਣਭੱਤਾ ਵਰਕਰਾਂ ਦਾ ਭੱਤਾ ਦੁੱਗਣਾ ਕਰਨ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਕਰਨ ਤੇ ਪੁਰਾਣੀ ਪੈਨਸ਼ਨ ਬਹਾਲ ਕਰਨ ਦੀਆਂ ਦਿਤੀਆਂ ਆਪਣੀਆਂ ਹੀ ਗਰੰਟੀਆਂ ਤੋਂ ਭਗੋੜੀ ਹੋ ਚੁੱਕੀ ਹੈ ਉੱਥੇ ਮੁਲਾਜ਼ਮਾਂ ਦੇ ਪੇਂਡੂ ਤੇ ਬਾਰਡਰ ਏਰੀਆ ਸਮੇਤ ਵੱਖ ਵੱਖ ਕਿਸਮ ਦੇ ਰੋਕੇ ਗਏ ਭੱਤੇ, ਏ.ਸੀ.ਪੀ. ਸਕੀਮ ਨੂੰ ਬਹਾਲ ਕਰਨ, ਅਤੇ ਮਹਿੰਗਾਈ ਭੱਤੇ ਦੀਆਂ ਰੋਕੀਆਂ ਕਿਸ਼ਤਾਂ ਤੇ ਬਕਾਏ ਜਾਰੀ ਕਰਨ ਤੋਂ ਆਨਾਕਾਨੀ ਕਰ ਰਹੀ ਹੈ। ਮੁਲਾਜ਼ਮ ਆਗੂਆਂ ਨੇ ਪੰਜਾਬ ਸਰਕਾਰ ਦੁਆਰਾ ਮੁਲਾਜ਼ਮਾਂ ਦੀਆਂ ਤਨਖਾਹਾਂ ਅਤੇ ਹੋਰ ਵਿੱਤੀ ਅਦਾਇਗੀਆਂ ਉੱਤੇ ਲਗਾਈ ਰੋਕ ਤੁਰੰਤ ਹਟਾਉਣ ਦੀ ਵੀ ਮੰਗ ਕੀਤੀ। ਇਸ ਮੌਕੇ ਰੋਸ ਮਾਰਚ ਕੱਢਿਆ ਗਿਆ ਅਤੇ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਮਨਜੀਤ ਸਿੰਘ ਸੈਣੀ, ਜਸਵਿੰਦਰ ਝਿੰਗੜ, ਜਸਵੀਰ ਬੋਦਲ, ਜੀਵਨ ਕੁਮਾਰ ਸੰਧੂ, ਵਰਿੰਦਰ ਸੈਣੀ, ਰਾਕੇਸ਼ ਕੁਮਾਰ, ਸ਼ਿਵ ਦਿਆਲ, ਬਲਬੀਰ ਸਿੰਘ ਖਿੱਚੀਆਂ, ਮਲਕੀਤ ਸਿੰਘ, ਮਹਿੰਦਰ ਪਾਲ, ਸਰਜੀਵਨ ਕੁਮਾਰ, ਬਾਬੂ ਰਾਮ, ਰਜਿੰਦਰ ਸਿੰਘ, ਸਵਰਨ ਸਿੰਘ, ਅਵਤਾਰ ਸਿੰਘ, ਸੁਰਿੰਦਰ ਕੁਮਾਰ, ਪ੍ਰਮੋਦ ਕੁਮਾਰ, ਵਿਨੇ ਕੁਮਾਰ, ਗੁਰਮੀਤ ਸਿੰਘ ਆਦਿ ਆਗੂ ਵੀ ਹਾਜ਼ਰ ਸਨ।